9-NOV-PAGE-1.qxd 11/8/2023 9:19 PM Page 1

ਵੀਰਵਾਰ, 9 ਨਵੰਬਰ, 2023
24 ਕੱਤਕ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 160

# ਨਵਾਂ ਜ਼ਮਾਨਾ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪ੍ਰੂਫ਼-ਰੀਡ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

DAILY NAWAN ZAMANA • THURSDAY, 9 NOVEMBER, 2023 ਜਲੰਧਰ
nawan zamana TV

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਮਹੂਆ ਮੋਇਤਰਾ ਖਿਲਾਫ਼ ਸੀ ਬੀ ਆਈ ਜਾਂਚ ਦੇ ਆਦੇਸ਼



**ਨਵੀਂ ਦਿੱਲੀ :** ਪੈਸੇ ਲੈ ਕੇ ਸੰਸਦ 'ਚ ਸਵਾਲ ਪੁੱਛਣ ਦੇ ਮਾਮਲੇ 'ਚ ਫਸੀ ਟੀ ਐੱਮ ਸੀ ਸਾਂਸਦ ਮਹੂਆ ਮੋਇਤਰਾ ਦੀਆਂ ਮੁਸ਼ਕਲਾਂ ਵਧਦੀਆਂ ਦਿਖਾਈ ਦੇ ਰਹੀਆਂ ਹਨ। ਭਾਜਪਾ ਸਾਂਸਦ ਨਿਸ਼ਿਕਾਂਤ ਦੂਜੇ ਨੇ ਟਵਿਟ ਕਰਕੇ ਜਾਣਕਾਰੀ ਦਿੱਤੀ ਕਿ ਲੋਕਪਾਲ ਨੇ ਉਨ੍ਹਾ ਦੀ ਸ਼ਿਕਾਇਤ ਦੇ ਅਧਾਰ 'ਤੇ ਸਾਂਸਦ ਮੋਇਤਰਾ ਖਿਲਾਫ਼ ਸੀ ਬੀ ਆਈ ਜਾਂਚ ਦੇ ਆਦੇਸ਼ ਦਿੱਤੇ ਹਨ। ਮਹੂਆ ਮੋਇਤਰਾ 'ਤੇ ਗੌਤਮ ਅਡਾਨੀ ਨੂੰ ਲੈ ਸੰਸਦ 'ਚ ਪੈਸੇ ਲੈ ਕੇ ਸਵਾਲ ਪੁੱਛਣ ਦਾ ਦੋਸ਼ ਹੈ। ਇਸ ਸੰਬੰਧ 'ਚ ਨਿਸ਼ਿਕਾਂਤ ਦੂਬੇ ਨੇ ਸਪੀਕਾਰ ਓਮ ਬਿਰਲਾ ਨੂੰ ਸ਼ਿਕਾਇਤ ਭੇਜੀ ਸੀ। ਇੱਕ ਰਿਪੋਰਟ ਮੁਤਾਬਿਕ 47 ਵਾਰ ਮਹੂਆ ਦੀ ਆਈ ਡੀ 'ਤੇ ਕਿਸੇ ਹੋਰ ਆਈ ਪੀ ਐਡਰੈਸ ਰਾਹੀਂ ਲਾਗਇਨ ਕੀਤਾ ਗਿਆ।

## ਮੁਖ਼ਤਾਰ ਅੰਸਾਰੀ ਦੇ ਪੁੱਤ ਉਮਰ ਨੇ ਕੀਤਾ ਆਤਮ-ਸਮਰਪਣ

**ਮਊ :** ਬਾਂਦਾ ਜੇਲ੍ਹ 'ਚ ਬੰਦ ਮਾਫ਼ੀਆ ਮੁਖਤਾਰ ਅੰਸਾਰੀ ਦੇ ਛੋਟੇ ਪੁੱਤ ਉਮਰ ਅੰਸਾਰੀ ਨੇ ਬੁੱਧਵਾਰ ਨੂੰ ਮਊ ਜ਼ਿਲ੍ਹੇ ਦੀ ਐੱਮ ਪੀ-ਐੱਮ ਐੱਲ ਏ ਕੋਰਟ 'ਚ ਆਤਮ ਸਮਰਪਣ ਕਰ ਦਿੱਤਾ। ਉਮਰ ਅੰਸਾਰੀ 'ਤੇ ਹੇਟ ਸਪੀਚ ਸਮੇਤ ਤਿੰਨ ਮਾਮਲਿਆਂ 'ਚ 19 ਮਹੀਨੇ ਤੋਂ ਫਰਾਰ ਚੱਲ ਰਿਹਾ ਸੀ। ਬੁੱਧਵਾਰ ਦੁਪਹਿਰ ਉਮਰ ਅੰਸਾਰੀ ਨੇ ਆਤਮ-ਸਮਰਪਣ ਕਰ ਦਿੱਤਾ। ਉਮਰ ਅੰਸਾਰੀ 'ਤੇ ਪਹਿਲਾ ਮੁਕੱਦਮਾ ਦੱਖਣ ਟੋਲਾ ਥਾਣੇ 'ਚ ਗੱਡੀਆਂ ਦੇ ਨਾਲ ਜਲੂਸ ਲੈ ਕੇ ਚੱਲਣ 'ਤੇ ਦਰਜ ਹੋਇਆ ਸੀ। ਇਸ 'ਚ ਮੁਖਤਾਰ ਅੰਸਾਰੀ ਦੇ ਵੱਡੇ ਪੁੱਤਰ ਨੂੰ ਵੀ ਦੋਸ਼ੀ ਬਣਾਇਆ ਗਿਆ ਸੀ। ਉਥੇ ਉਮਰ 'ਤੇ ਇੱਕ ਹੋਰ ਕੇਸ ਸ਼ਹਿਰ ਕੋਤਵਾਲੀ 'ਚ ਦਰਜ ਹੋਇਆ ਸੀ। ਇਹ ਕੇਸ ਹੇਟ ਸਪੀਚ ਦਾ ਸੀ। ਇਸ 'ਚ ਉਮਰ ਅੰਸਾਰੀ, ਅੱਬਾਸ ਅੰਸਾਰੀ ਸਮੇਤ ਅੱਧਾ ਦਰਜਨ ਲੋਕਾਂ ਨੂੰ ਦੋਸ਼ੀ ਬਣਾਇਆ ਗਿਆ ਸੀ।

## ਇੰਡੋਨੇਸ਼ੀਆ 'ਚ 6.9 ਦੀ ਤੀਬਰਤਾ ਦਾ ਭੁਚਾਲ

**ਨਵੀਂ ਦਿੱਲੀ :** ਇੰਡੋਨੇਸ਼ੀਆ ਦੇ ਬਾਂਦਾ ਸਾਗਰ 'ਚ ਭੁਚਾਲ ਦੇ ਤੇਜ਼ ਝਟਕੇ ਮਹਿਸੂਸ ਕੀਤੇ ਗਏ। ਯੂ ਐੱਸ ਜੀ ਐੱਸ ਨੇ ਦੱਸਿਆ ਕਿ ਭੁਚਾਲ ਦੀ ਤੀਬਰਤਾ 6.9 ਦਰਜ ਕੀਤੀ ਗਈ। ਨੈਸ਼ਨਲ ਸੈਂਟਰ ਫਾਰ ਸੀਸਮੋਲਾਜੀ ਮੁਤਾਬਿਕ ਇੰਡੋਨੇਸ਼ੀਆ ਸਮੇਂ ਮੁਤਾਬਕ ਭੁਚਾਲ ਦੇ ਝਟਕੇ ਸਵੇਰੇ 10.23 ਵਜੇ ਮਹਿਸੂਸ ਕੀਤੇ ਗਏ। ਸਮੁੰਦਰ 'ਚ ਉਠੇ ਇਸ ਭੁਚਾਲ ਨੇ ਸੌਮਲਾਕੀ ਸ਼ਹਿਰ ਨੂੰ ਹਿਲਾ ਕੇ ਰੱਖ ਦਿੱਤਾ। ਪਿਛਲੇ ਸਾਲ ਨਵੰਬਰ 'ਚ 5.6 ਤੀਬਰਤਾ ਦੇ ਭੁਚਾਲ ਕਾਰਨ ਇੰਡੋਨੇਸ਼ੀਆ ਦੇ ਪੱਛਮੀ ਜਾਬਾ 'ਚ 602 ਲੋਕਾਂ ਦੀ ਮੌਤ ਹੋ ਗਈ ਸੀ।

## ਇਜ਼ਰਾਈਲ 'ਤੇ ਰਾਕੇਟ ਹਮਲੇ ਦਾ ਸਾਜ਼ਿਸ਼ਘਾੜਾ ਢੇਰ

**ਯੇਰੂਸ਼ਲਮ :** ਇਜ਼ਰਾਈਲ ਅਤੇ ਹਮਾਸ ਵਿਚਾਲੇ ਸੰਘਰਸ਼ ਨੂੰ ਹੁਣ ਤੱਕ ਮਹੀਨੇ ਤੋਂ ਜ਼ਿਆਦਾ ਸਮਾਂ ਹੋ ਚੁੱਕਾ ਹੈ। ਇਸੇ ਦੌਰਾਨ ਇਜ਼ਰਾਈਲ ਦੀ ਫ਼ੌਜ ਨੇ ਇੱਕ ਬਿਆਨ 'ਚ ਕਿਹਾ ਕਿ ਉਸ ਨੇ ਹਮਾਸ ਦੇ ਹਥਿਆਰ ਉਤਪਾਦਨ ਦੇ ਰੱਖ-ਰਖਾਅ ਦੇ ਪ੍ਰਮੁੱਖ ਮੋਹਸਿਨ ਅਬੂ ਜਿਨਾ ਨੂੰ ਮਾਰ ਦਿੱਤਾ ਹੈ। ਦੱਸਿਆ ਜਾ ਰਿਹਾ ਜਿਨਾ ਹਮਾਸ ਲਈ ਕੂਟਨੀਤਕ ਰਾਕੇਟ ਅਤੇ ਹਥਿਆਰਾਂ ਦੇ ਉਤਪਾਦਨ ਦਾ ਮਾਸਟਰ ਮਾਇੰਡ ਸੀ। ਆਈ ਡੀ ਐੱਫ ਨੇ ਕਿਹਾ ਕਿ ਸਾਰੇ ਫ਼ੌਜੀ ਗਾਜ਼ਾ ਪੱਟੀ 'ਚ ਦਾਖ਼ਲ ਹੋ ਕੇ ਹਮਲਾ ਕਰ ਰਹੇ ਹਨ, ਜਿਸ 'ਚ ਅੱਤਵਾਦੀਆਂ ਨੂੰ ਮਾਰਿਆ ਜਾ ਰਿਹਾ ਹੈ। ਨਾਲ ਹੀ ਅੱਤਵਾਦੀ ਢਾਂਚੇ ਨੂੰ ਵੀ ਹਵਾਈ ਹਮਲਿਆਂ 'ਚ ਖ਼ਤਮ ਕੀਤਾ ਜਾ ਰਿਹਾ ਹੈ। ਇਸ ਤਰ੍ਹਾਂ ਦੇ ਹੀ ਇੱਕ ਹਮਲੇ 'ਚ ਅਬੂ ਜਿਨਾ ਨੂੰ ਮਾਰ ਦਿੱਤਾ ਗਿਆ।

## ਲੁਟੇਰਿਆਂ ਦੱਖਣੀ ਅਫ਼ਰੀਕਾ ਦੇ ਟਰਾਂਸਪੋਰਟ ਮੰਤਰੀ ਨੂੰ ਲੁੱਟਿਆ

**ਜੋਹਾਨਸਬਰਗ :** ਦੱਖਣੀ ਅਫਰੀਕਾ ਦੇ ਜੋਹਾਨਸਬਰਗ 'ਚ ਹਾਈਵੇ 'ਤੇ ਦੇਸ਼ ਦੇ ਮੰਤਰੀ ਨੂੰ ਲੁੱਟਣ ਅਤੇ ਉਸ ਦੇ ਦੋ ਅੰਗ ਰੱਖਿਅਕਾਂ ਤੋਂ ਹਥਿਆਰ ਖੋਹਣ ਵਾਲਿਆਂ ਦੀ ਪੁਲਸ ਤਲਾਸ਼ ਕਰ ਰਹੀ ਹੈ। ਲੁੱਟ ਦੀ ਘਟਨਾ ਉਦੋਂ ਵਾਪਰੀ, ਜਦੋਂ ਟਰਾਂਸਪੋਰਟ ਮੰਤਰੀ ਸਿੰਡੀਸੀਵੇ ਚਿਕੁੰਗਾ ਦੇ ਅੰਗ ਰੱਖਿਅਕ ਸਵੇਰੇ ਹਾਈਵੇ 'ਤੇ ਆਪਣੀ ਗੱਡੀ ਦਾ ਪੰਕਚਰ ਹੋਇਆ ਟਾਇਰ ਬਦਲ ਰਹੇ ਸਨ। ਇਸ ਦੌਰਾਨ ਤਿੰਨ ਬੰਦੂਕਧਾਰੀ ਝਾੜੀਆਂ 'ਚੋਂ ਬਾਹਰ ਆਏ ਅਤੇ ਉਨ੍ਹਾਂ ਅੰਗ ਰੱਖਿਅਕਾਂ ਦੇ ਹਥਿਆਰ ਖੋਹ ਲਏ ਅਤੇ ਉਨ੍ਹਾਂ ਨੂੰ ਜ਼ਮੀਨ 'ਤੇ ਲੰਮੇ ਪਾ ਦਿੱਤਾ। ਇਸ ਤੋਂ ਬਾਅਦ ਉਨ੍ਹਾਂ ਨੇ ਚਿਕੁੰਗਾ ਵੱਲ ਬੰਦੂਕ ਤਾਣੀ ਅਤੇ ਉਨ੍ਹਾਂ ਦੀਆਂ ਕੁਝ ਨਿੱਜੀ ਚੀਜ਼ਾਂ ਲੁੱਟ ਲਈਆਂ।

## ਆਸਟ੍ਰੇਲੀਆ : ਹਾਦਸੇ 'ਚ ਪੰਜ ਭਾਰਤੀਆਂ ਦੀ ਮੌਤ

**ਮੈਲਬੋਰਨ :** ਆਸਟਰੇਲੀਆ ਦੇ ਸੂਬੇ ਵਿਕਟੋਰੀਆ 'ਚ ਬਜ਼ੁਰਗ ਵਿਅਕਤੀ ਵੱਲੋਂ ਕਾਰ ਪੱਬ ਦੇ ਬੀਅਰ ਗਾਰਡਨ 'ਚ ਵਾੜਨ ਕਾਰਨ 9 ਅਤੇ 11 ਸਾਲ ਦੇ ਦੋ ਬੱਚਿਆਂ ਸਮੇਤ ਪੰਜ ਭਾਰਤੀਆਂ ਦੀ ਮੌਤ ਹੋ ਗਈ ਅਤੇ ਕਈ ਹੋਰ ਜ਼ਖਮੀ ਹੋ ਗਏ। ਮਰਨ ਵਾਲਿਆਂ 'ਚ ਵਿਵੇਕ ਭਾਟੀਆ (38), ਉਸ ਦਾ ਪੁੱਤਰ ਵਿਹਾਨ (11), ਪ੍ਰਤਿਭਾ ਸ਼ਰਮਾ (44), ਉਸ ਦੀ ਧੀ ਅਨਵੀ (9) ਅਤੇ ਸਾਥੀ ਜਤਿਨ ਚੁੱਘ (30) ਸ਼ਾਮਲ ਹਨ। ਭਾਟੀਆ ਦੀ ਪਤਨੀ ਰੁਚੀ (36), ਛੋਟਾ ਬੇਟਾ ਅਬੀਰ (ਛੇ) ਅਤੇ 11 ਮਹੀਨੇ ਦੇ ਬੱਚੇ ਸਮੇਤ ਪੰਜ ਵਿਅਕਤੀ ਜ਼ਖਮੀ ਹੋ ਗਏ, ਜਿਨ੍ਹਾਂ ਦਾ ਹਸਪਤਾਲ 'ਚ ਇਲਾਜ ਚੱਲ ਰਿਹਾ ਹੈ। ਪੁਲਸ ਮੁਤਾਬਕ ਚਿੱਟੇ ਰੰਗ ਦੀ ਬੀ ਐੱਮ ਡਬਲਿਊ ਦੇ ਡਰਾਈਵਰ ਮਾਊਂਟ ਮੈਸੇਡਨ ਨੂੰ ਮਾਮੂਲੀ ਸੱਟਾਂ ਕਾਰਨ ਹਸਪਤਾਲ ਲਿਜਾਇਆ ਗਿਆ ਹੈ।

# ਧਾਮੀ ਤੀਜੀ ਵਾਰ ਐੱਸ ਜੀ ਪੀ ਸੀ ਦੇ ਪ੍ਰਧਾਨ

### ਐਡਵੋਕੇਟ ਧਾਮੀ ਨੂੰ 118 ਤੇ ਬਲਬੀਰ ਸਿੰਘ ਘੁੰਨਸ ਨੂੰ ਮਿਲੀਆਂ 17 ਵੋਟਾਂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਦੀ ਹੋਈ ਸਾਲਾਨਾ ਚੋਣ ਦੌਰਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਲਗਾਤਾਰ ਤੀਜੀ ਵਾਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਚੁਣੇ ਗਏ ਹਨ। ਸ਼੍ਰੋਮਣੀ ਕਮੇਟੀ ਦਫ਼ਤਰ ਸਥਿਤ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ ਅੰਦਰ ਹੋਏ ਜਨਰਲ ਅਜਲਾਸ ਦੌਰਾਨ ਹੋਈ ਚੋਣ ਮੌਕੇ ਕੁੱਲ ਪਈਆਂ 137 ਵੋਟਾਂ 'ਚੋਂ 118 ਵੋਟਾਂ ਪ੍ਰਾਪਤ ਕਰਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜਿੱਤ ਹਾਸਲ ਕੀਤੀ। ਉਨ੍ਹਾ ਦੇ ਮੁਕਾਬਲੇ ਪ੍ਰਧਾਨਗੀ ਦੀ ਚੋਣ ਲੜਨ ਲਈ ਖੜੇ ਬਲਬੀਰ ਸਿੰਘ ਘੁੰਨਸ ਨੂੰ 17 ਵੋਟਾਂ ਪਈਆਂ, ਜਦਕਿ 2 ਵੋਟਾਂ ਰੱਦ ਹੋਈਆਂ। ਅਜਲਾਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ 137 ਮੈਂਬਰ ਮੌਜੂਦ ਰਹੇ।



ਜਨਰਲ ਅਜਲਾਸ ਦੌਰਾਨ ਸੀਨੀਅਰ ਮੀਤ ਪ੍ਰਧਾਨ ਲਈ ਹਰਭਜਨ ਸਿੰਘ ਮਸਾਣਾ, ਜੂਨੀਅਰ ਮੀਤ ਪ੍ਰਧਾਨ ਗੁਰਬਖ਼ਸ਼ ਸਿੰਘ ਖਾਲਸਾ ਅਤੇ ਜਨਰਲ ਸਕੱਤਰ ਲਈ ਭਾਈ ਰਾਜਿੰਦਰ ਸਿੰਘ ਮਹਿਤਾ ਨੂੰ ਚੁਣਿਆ ਗਿਆ। ਇਸ ਤੋਂ ਇਲਾਵਾ ਅੰਤ੍ਰਿੰਗ ਕਮੇਟੀ ਦੇ 11 ਮੈਂਬਰ ਵੀ ਚੁਣੇ ਗਏ, ਜਿਨ੍ਹਾਂ 'ਚ ਮੋਹਨ ਸਿੰਘ ਬੰਗੀ, ਰਘਬੀਰ ਸਿੰਘ ਸਹਾਰਨ ਮਾਜਰਾ, ਜਸਮੇਰ ਸਿੰਘ ਲਾਛੜੂ, ਖੁਸ਼ਵਿੰਦਰ ਸਿੰਘ ਭਾਟੀਆ, ਬੀਬੀ ਹਰਦੀਪ ਕੌਰ, ਇੰਦਰਮੋਹਨ ਸਿੰਘ ਲਖਮੀਰਵਾਲਾ, ਗੁਰਪ੍ਰੀਤ ਸਿੰਘ ਝੱਬਰ, ਬੀਬੀ ਮਲਕੀਤ ਕੌਰ ਕਮਾਲਪੁਰ, ਅਮਰਜੀਤ ਸਿੰਘ ਭਲਾਈਪੁਰ, ਬੀਬੀ ● ਬਾਕੀ ਸਫ਼ਾ 2 'ਤੇ

### ਜੀਵਨ 'ਤੇ ਇੱਕ ਨਜ਼ਰ

ਸ਼੍ਰੋਮਣੀ ਕਮੇਟੀ ਦੇ ਤੀਸਰੀ ਵਾਰ ਲਗਾਤਾਰ ਪ੍ਰਧਾਨ ਚੁਣੇ ਗਏ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਲੰਮੇ ਅਰਸੇ ਤੋਂ ਸਿੱਖ ਸੰਸਥਾ ਨਾਲ ਜੁੜੇ ਹੋਏ ਹਨ। 1956 ਵਿੱਚ ਜਨਮੇ ਐਡਵੋਕੇਟ ਹਰਜਿੰਦਰ ਸਿੰਘ ਬੀ ਏ, ਐੱਲ ਐੱਲ ਬੀ ਹਨ ਅਤੇ ਚਾਰ ਦਹਾਕਿਆਂ ਤੋਂ ਵਕਾਲਤ ਦੇ ਪੇਸ਼ੇ ਨਾਲ ਜੁੜੇ ਹੋਏ ਹਨ। ਉਹ 1996 'ਚ ਪਹਿਲੀ ਵਾਰ ਸ਼੍ਰੋਮਣੀ ਕਮੇਟੀ ਦੇ ਮੈਂਬਰ ਬਣੇ। ਉਦੋਂ ਤੋਂ ਹੁਣ ਤੱਕ ਲਗਾਤਾਰ ਮੈਂਬਰ ਬਣਦੇ ਰਹੇ। ਉਹ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਵੀ ਰਹੇ ਅਤੇ ਅੰਤ੍ਰਿੰਗ ਕਮੇਟੀ ਦੇ ਮੈਂਬਰ ਵੀ ਬਣੇ। ਐਡਵੋਕੇਟ ਧਾਮੀ 2019 ਵਿੱਚ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਚੁਣੇ ਗਏ ਸਨ, ਜਿਸ ਮਗਰੋਂ 2020 ਵਿਚ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਦੇ ਪ੍ਰਬੰਧਕੀ ਅਹੁਦੇ 'ਤੇ ਸੇਵਾ ਨਿਭਾਈ। ਉਸ ਮਗਰੋਂ ਨਵੰਬਰ 2021 ਵਿਚ ਪਹਿਲੀ ਵਾਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬਣੇ ਅਤੇ ਹੁਣ ਇਸ ਅਹੁਦੇ 'ਤੇ ਲਗਾਤਾਰ ਤੀਸਰੀ ਵਾਰ ਚੁਣੇ ਗਏ ਹਨ। ਉਹ ਸਿੱਖ ਸਰੋਕਾਰਾਂ 'ਤੇ ਡੂੰਘੀ ਪਕੜ ਰੱਖਦੇ ਹਨ ਅਤੇ ਇਕ ਦਿਆਨਤਦਾਰ ਆਗੂ ਵਜੋਂ ਜਾਣੇ ਜਾਂਦੇ ਹਨ। ਉਹ ਸਿੱਖ ਸੰਘਰਸ਼ ਦੇ ਯੋਧਿਆਂ ਦੇ ਕੇਸਾਂ ਦੀ ਪੈਰਵਾਈ ਵੀ ਕਰਦੇ ਰਹੇ ਹਨ। ਐਡਵੋਕੇਟ ਧਾਮੀ ਦੇ ਮੁੱਖ ਸਕੱਤਰ ਅਤੇ ਪ੍ਰਧਾਨ ਹੁੰਦਿਆਂ ਕਈ ਸ਼ਤਾਬਦੀਆਂ ਵੀ ਮਨਾਈਆਂ ਗਈਆਂ ਹਨ।

## ਜਨਰਲ ਅਜਲਾਸ 'ਚ ਸਿੱਖ ਮਸਲਿਆਂ ਸੰਬੰਧੀ ਅਹਿਮ ਮਤੇ ਪਾਸ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬੁੱਧਵਾਰ ਹੋਏ ਜਨਰਲ ਅਜਲਾਸ ਦੌਰਾਨ ਸਿੱਖ ਮਸਲਿਆਂ ਸੰਬੰਧੀ ਕਈ ਅਹਿਮ ਮਤੇ ਪਾਸ ਕੀਤੇ ਗਏ, ਜਿਨ੍ਹਾਂ ਨੂੰ ਹਾਜ਼ਰ ਮੈਂਬਰਾਂ ਨੇ ਜੈਕਾਰਿਆਂ ਦੀ ਗੂੰਜ 'ਚ ਪ੍ਰਵਾਨਗੀ ਦਿੱਤੀ। ਇਨ੍ਹਾਂ ਮਤਿਆਂ 'ਚ ਬੰਦੀ ਸਿੰਘਾਂ ਦੀ ਰਿਹਾਈ ਸੰਬੰਧੀ ਇੱਕ ਮਤਾ ਵੀ ਸ਼ਾਮਲ ਹੈ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੀਆਂ ਵੋਟਾਂ ਬਣਾਉਣ ਦੀ ਪ੍ਰਕਿਰਿਆ ਸਰਲ ਕਰਨ, ਪੰਜਾਬੀ ਭਾਸ਼ਾ ਨਾਲ ਹੁੰਦਾ ਵਿਤਕਰਾ ਖ਼ਤਮ ਕਰਨ, ਪਾਕਿਸਤਾਨ 'ਚ ਸਿੱਖ ਵਿਰਾਸਤਾਂ ਦੀ ਸੰਭਾਲ ਕਰਨ ਦੀ ਸਰਕਾਰਾਂ ਪਾਸੋਂ ਮੰਗ ਦੇ ਨਾਲ-ਨਾਲ ਪੰਜਾਬ ਦੇ ਪਾਣੀਆਂ ਦੇ ਹੱਕ ਵਿਚ ਖੜ੍ਹਨ ਦਾ ਐਲਾਨ ਕੀਤਾ ਗਿਆ। ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਸੰਬੰਧੀ ਮਤੇ ਵਿਚ ਸਰਕਾਰਾਂ ਨੂੰ ਨਿਸ਼ਾਨੇ 'ਤੇ ਲੈਂਦਿਆਂ ਕਿਹਾ ਗਿਆ ਕਿ ਇਹ ਵਿਤਕਰਾ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੈ। ਬੰਦੀ ਸਿੰਘਾਂ ਨੂੰ ਆਪਣੀਆਂ ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਰਿਹਾਅ ਨਹੀਂ ਕੀਤਾ ਜਾ ਰਿਹਾ। ਇਸ ਮਤੇ ਰਾਹੀਂ ਸਰਕਾਰਾਂ ਨੂੰ ਸਿੱਖਾਂ ਨਾਲ ਹੋ ਰਹੀ ਜ਼ਿਆਦਤੀ ਖ਼ਤਮ ਕਰਨ ਅਤੇ ਸਿੱਖ ਬੰਦੀ ਤੁਰੰਤ ਰਿਹਾਅ ਕਰਨ ਦੀ ਮੰਗ ਕੀਤੀ ਗਈ।

ਇਕ ਮਤੇ ਰਾਹੀਂ ਸ਼੍ਰੋਮਣੀ ਕਮੇਟੀ ਦੀਆਂ ਬਣ ਰਹੀਆਂ ਵੋਟਾਂ ਦੀ ਪ੍ਰਕਿਰਿਆ ਸੁਖਾਲੀ ਕਰਨ ਅਤੇ ਵੋਟਾਂ ਬਣਾਉਣ ਦਾ ਸਮਾਂ ਵਧਾਉਣ ਦੀ ਇੱਕ ਮਤੇ ਰਾਹੀਂ ਮੰਗ ਕੀਤੀ ਗਈ। ਕਿਹਾ ਗਿਆ ਕਿ ਵੋਟਾਂ ਬਣਾਉਣ ਦੀ ਪ੍ਰਕਿਰਿਆ 'ਚ ਸਰਕਾਰਾਂ ਦੇ ਪ੍ਰਭਾਵ ਤੋਂ ਮੁਕਤ ਹੋ ਕੇ ਗੁਰਦੁਆਰਾ ਚੋਣ ਕਮਿਸ਼ਨ ਨਿਰਪੱਖ ਭੂਮਿਕਾ ਅਦਾ ਕਰੇ। ਇਸ ਮਤੇ ਰਾਹੀਂ ਮੁੱਖ ਕ ਮਿ ਸ਼ ਨ ਰ ● ਬਾਕੀ ਸਫ਼ਾ 2 'ਤੇ

## ਪ੍ਰਦੂਸ਼ਣ ਕਾਰਨ ਦਿੱਲੀ 'ਚ ਸਕੂਲ 18 ਤੱਕ ਬੰਦ



**ਨਵੀਂ ਦਿੱਲੀ :** ਦਿੱਲੀ ਅਤੇ ਇਸ ਦੇ ਆਸਪਾਸ ਦੇ ਇਲਾਕਿਆਂ 'ਚ ਹਵਾ ਦੀ ਗੁਣਵੱਤਾ ਬੁੱਧਵਾਰ ਸਵੇਰੇ ਮੁੜ 'ਗੰਭੀਰ' ਸ਼੍ਰੇਣੀ 'ਚ ਦਰਜ ਕੀਤੀ ਗਈ। ਰਾਸ਼ਟਰੀ ਰਾਜਧਾਨੀ 'ਚ ਹਵਾ ਪ੍ਰਦੂਸ਼ਣ ਦਾ ਇਕ ਤਿਹਾਈ ਹਿਸਾ ਗੁਆਂਢੀ ਰਾਜਾਂ 'ਚ ਪਰਾਲੀ ਸਾੜਨ ਕਾਰਨ ਫੈਲੇ ਧੂੰਏਂ ਕਾਰਨ ਹੁੰਦਾ ਹੈ। ਦਿੱਲੀ 'ਚ ਪ੍ਰਦੂਸ਼ਣ ਕਾਰਨ ਸਕੂਲਾਂ 'ਚ ਛੁੱਟੀਆਂ ਵਧਾ ਦਿੱਤੀਆਂ ਗਈਆਂ ਹਨ। ਹੁਣ ਦਿੱਲੀ ਦੇ ਸਾਰੇ ਸਕੂਲ 9 ਤੋਂ 18 ਨਵੰਬਰ ਤੱਕ ਬੰਦ ਰਹਿਣਗੇ। ਸਿੱਖਿਆ ਵਿਭਾਗ ਵੱਲੋਂ ਕਿਹਾ ਗਿਆ ਕਿ ਪ੍ਰਦੂਸ਼ਣ ਨੂੰ ਦੇਖਦੇ ਹੋਏ ਦਸੰਬਰ ਵਿੰਟਰ ਬ੍ਰੇਕ 'ਚ ਬਦਲਾਅ ਕੀਤਾ ਗਿਆ ਹੈ। ਦਿੱਲੀ 'ਚ ਪਿਛਲੇ ਇੱਕ ਹਫ਼ਤੇ ਤੋਂ ਜ਼ਿਆਦਾ ਸਮੇਂ ਤੋਂ ਏਅਰ ਕੁਆਲਿਟੀ ਬਹੁਤ ਖਰਾਬ ਹੈ। ਬੁੱਧਵਾਰ ਦਿੱਲੀ 'ਚ ਐਵਰੇਜ ਏਅਰ ਕੁਆਲਿਟੀ ਇੰਡੈਕਸ 421 ਦਰਜ ਕੀਤੀ ਗਈ। ਕਈ ਇਲਾਕਿਆਂ 'ਚ ਏ ਕਿਊ ਆਈ 450 ਤੋਂ ਉਪਰ ਹੈ। ਇਸ ਤੋਂ ਪਹਿਲਾਂ ਦਿੱਲੀ ਸਰਕਾਰ ਨੇ 10 ਨਵੰਬਰ ਤੱਕ ਸਕੂਲਾਂ ਨੂੰ ਬੰਦ ਰੱਖਣ ਜਾਂ ਆਨਲਾਈਨ ਕਲਾਸਾਂ ਚਲਾਉਣ ਦਾ ਆਦੇਸ਼ ਦਿੱਤਾ ਸੀ।

### ਦਿੱਲੀ ਹੀ ਨਹੀਂ, ਬੰਗਾਲ ਦੀ ਖਾੜੀ ਤੱਕ ਫੈਲੀ ਜ਼ਹਿਰੀਲੀ ਹਵਾ

**ਨਵੀਂ ਦਿੱਲੀ :** ਉੱਤਰ ਭਾਰਤ ਦੇ ਲੋਕ ਦਮਘੋਟੂ ਹਵਾ 'ਚ ਰਹਿਣ ਲਈ ਮਜਬੂਰ ਹਨ। ਦਿੱਲੀ-ਐੱਨ ਸੀ ਆਰ ਇਸ ਸਮੇਂ ਗੈਸ ਚੈਂਬਰ ਬਣਿਆ ਹੋਇਆ ਹੈ। ਇਸ ਸਥਿਤੀ ਲਈ ਪਰਾਲੀ ਸਾੜਨ ਤੋਂ ਲੈ ਕੇ ਵਾਹਨਾਂ ਦੇ ਪ੍ਰਦੂਸ਼ਣ ਅਤੇ ਫੈਕਟਰੀਆਂ ਤੋਂ ਨਿਕਲਣ ਵਾਲੇ ਪ੍ਰਦੂਸ਼ਣ ਨੂੰ ਜ਼ਿੰਮੇਵਾਰ ਠਹਿਰਾਇਆ ਜਾ ਰਿਹਾ ਹੈ। ਇਸ ਦੌਰਾਨ ਨਾਸਾ ਵੱਲੋਂ ਬੁੱਧਵਾਰ ਇੱਕ ਸੈਟੇਲਾਈਟ ਤਸਵੀਰ ਜਾਰੀ ਕੀਤੀ ਗਈ, ਜਿਸ 'ਚ ਸਿਰਫ਼ ਉੱਤਰ ਭਾਰਤ ਹੀ ਨਹੀਂ, ਬਲਕਿ ਬੰਗਾਲ ਦੀ ਖਾੜੀ ਤੱਕ ਇਹ ਪ੍ਰਦੂਸ਼ਣ ਫੈਲਿਆ ਹੋਇਆ ਹੈ।

## ਇੱਕੋ ਪਰਵਾਰ ਦੇ ਤਿੰਨ ਜੀਅ ਕਤਲ



ਮ੍ਰਿਤਕਾਂ ਦੀਆਂ ਫਾਈਲ ਫੋਟੋ

**ਪੱਟੀ (ਬਲਦੇਵ ਸਿੰਘ ਸੰਧੂ, ਸ਼ਮਸ਼ੇਰ ਸਿੰਘ ਯੋਧਾ)**

ਬੀਤੀ ਰਾਤ ਤਹਿਸੀਲ ਪੱਟੀ ਦੇ ਪਿੰਡ ਤੁੰਗ 'ਚ ਇੱਕ ਪਰਵਾਰ ਨਾਲ ਸੰਬੰਧਤ ਤਿੰਨ ਜਣਿਆਂ ਇਕਬਾਲ ਸਿੰਘ ਪੁੱਤਰ ਗੁਰਚਰਨ ਸਿੰਘ, ਲਖਵਿੰਦਰ ਕੌਰ ਪਤਨੀ ਇਕਬਾਲ ਸਿੰਘ ਤੇ ਸੀਤਾ ਕੌਰ ਪਤਨੀ ਹਰਦੀਪ ਸਿੰਘ ਦੇ ਗਲੇ ਦਬਾ ਕੇ ਕਤਲ ਕਰ ਦਿੱਤਾ ਗਿਆ। ਪਰਵਾਰ ਤੋਂ ਮਿਲੀ ਜਾਣਕਾਰੀ ਅਨੁਸਾਰ ਮ੍ਰਿਤਕਾਂ ਦੇ ਬੱਚੇ ਆਸਟ੍ਰੇਲੀਆ ਵਿੱਚ ਹਨ ਤੇ ਉਹ ਇੱਕਲੇ ਹੀ ਰਹਿ ਰਹੇ ਸਨ। ਘਟਨਾ ਦੌਰਾਨ ਮ੍ਰਿਤਕਾਂ ਦੇ ਹੱਥਾਂ-ਪੈਰਾਂ ਨੂੰ ਕੱਪੜੇ ਨਾਲ ਬੰਨ੍ਹਿਆ ਗਿਆ ਅਤੇ ਮੂੰਹਾਂ ਉਪਰ ਟੇਪ ਨਾਲ ਚੇਪੀਆਂ ਲਾ ਦਿੱਤੀਆਂ ਗਈਆਂ ਸਨ। ਅਲਮਾਰੀਆਂ ਤੋੜੀਆਂ ਗਈਆਂ। ਇਸ ਦੌਰਾਨ ਸਾਮਾਨ ਵੀ ਖਿੱਲਰਿਆ ਪਿਆ ਸੀ। ਤਰਨ ਤਾਰਨ ਦੇ ਐੱਸ ਐੱਸ ਪੀ ਅਸ਼ਵਨੀ ਕਪੂਰ ਤੇ ਡੀ ਐੱਸ ਪੀ ਜਸਪਾਲ ਸਿੰਘ ਢਿੱਲੋਂ ਨੇ ਮੌਕੇ 'ਤੇ ਪਹੁੰਚ ਕਿ ਘਟਨਾ ਦਾ ਨਿਰੀਖਣ ਕੀਤਾ। ਉਹਨਾਂ ਕਿਹਾ ਕਿ ਮੁੱਢਲੇ ਤੌਰ 'ਤੇ ਇਹ ਘਟਨਾ ਲੁੱਟ-ਖੋਹ ਦੀ ਜਾਪਦੀ ਹੈ। ਪਿਛਲੇ 25 ਸਾਲਾਂ ਤੋਂ ਅਸ਼ੋਕ ਨਾਮੀ ਪਰਵਾਸੀ ਮਜ਼ਦੂਰ ਇਸ ਪਰਵਾਰ ਨਾਲ ਕੰਮ ਕਰ ਰਿਹਾ ਸੀ, ਜੋ ਇਸ ਵਕਤ ਘਰ ਵਿੱਚੋਂ ਗਾਇਬ ਸੀ, ਪਰ ਬਾਅਦ ਵਿੱਚ ਘਰ ਵਾਪਸ ਪਾਇਆ ਗਿਆ। ਪੁਲਸ ਵੱਲੋਂ ਉਸ ਨੂੰ ਜਾਂਚ ਦੇ ਘੇਰੇ ਅੰਦਰ ਲਿਆ ਕੇ ਪੁੱਛ-ਪੜਤਾਲ ਕੀਤੀ ਜਾ ਰਹੀ। ਪੁਲਸ ਵੱਲੋਂ ਪਰਚਾ ਦਰਜ ਕਰਕੇ ਜਾਂਚ ਦੀ ਕਾਰਵਾਈ ਆਰੰਭੀ ਜਾ ਰਹੀ ਹੈ। ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਕੇ ਘਟਨਾ ਦੀ ਛਾਣਬੀਣ ਕਰਨ ਲਈ ਫੋਰੈਂਸਿਕ ਟੀਮ ਨੂੰ ਬੁਲਾਇਆ ਜਾ ਰਿਹਾ ਹੈ।

## ਮਹਿਲਾਵਾਂ 'ਤੇ ਵਿਵਾਦਤ ਬਿਆਨ, ਨਿਤਿਸ਼ ਨੇ ਹੱਥ ਜੋੜ ਕੇ ਮੁਆਫ਼ੀ ਮੰਗੀ



**ਪਟਨਾ :** ਜਨਸੰਖਿਆ ਕੰਟਰੋਲ 'ਤੇ ਮਹਿਲਾਵਾਂ ਨੂੰ ਲੈ ਕੇ ਵਿਵਾਦਿਤ ਬਿਆਨ ਦੇਣ ਲਈ ਬਿਹਾਰ ਦੇ ਮੁੱਖ ਮੰਤਰੀ ਨਿਤਿਸ਼ ਕੁਮਾਰ ਨੇ ਹੱਲਾ ਹੋਣ 'ਤੇ ਸਫਾਈ ਦਿੱਤੀ। ਬੁੱਧਵਾਰ ਉਨ੍ਹਾ ਪੱਤਰਕਾਰਾਂ ਨਾਲ ਗੱਲਬਾਤ 'ਚ ਕਿਹਾ ਕਿ ਉਹ ਸਿੱਖਿਆ ਦੀ ਗੱਲ ਕਰ ਰਹੇ ਸਨ, ਪਰ ਉਨ੍ਹਾ ਦੀ ਗੱਲ ਦਾ ਗਲਤ ਮਤਲਬ ਕੱਢ ਲਿਆ ਗਿਆ। ਨਿਤਿਸ਼ ਕੁਮਾਰ ਨੇ ਇਹ ਵੀ ਕਿਹਾ ਕਿ ਜੇ ਕਿਸੇ ਨੂੰ ਮੇਰੀ ਗੱਲ ਗਲਤ ਲੱਗੀ ਹੈ ਤਾਂ ਮੈਂ ਮੁਆਫ਼ੀ ਮੰਗਦਾ ਹਾਂ। ਉਨ੍ਹਾ ਕਿਹਾ ਕਿ ਮੇਰੀ ਗੱਲ ਦਾ ਗਲਤ ਮਤਲਬ ਕੱਢ ਲਿਆ ਗਿਆ। ਮੈਂ ਤਾਂ ਮਹਿਲਾਵਾਂ ਦੀ ਪੜ੍ਹਾਈ ਅਤੇ ਉਨ੍ਹਾਂ ਨਾਲ ਆਏ ਸੁਧਾਰ ਨੂੰ ਲੈ ਕੇ ਗੱਲ ਕਰ ਰਿਹਾ ਸੀ।

ਨਿਤਿਸ਼ ਨੇ ਕਿਹਾ ਕਿ ਲੋਕ ਅਵਾ-ਤਵਾ ਬੋਲ ਰਹੇ ਹਨ। ਸਾਨੂੰ ਤਾਂ ਲੱਗਦਾ ਹੈ ਕਿ ਇਨ੍ਹਾਂ ਨੂੰ ਕਿਹਾ ਗਿਆ ਹੈ ਕਿ ਬਿਹਾਰ 'ਚ ਏਨਾ ਕੰਮ ਹੋ ਰਿਹਾ ਹੈ, ਇਸ ਦਾ ਵਿਰੋਧ ਕਰੋ, ਇਸ ਦੀ ਨਿੰਦਾ ਕਰੋ ਅਤੇ ਇਨ੍ਹਾਂ ਖਿਲਾਫ਼ ਕੰਮ ਕਰੋ। ਇਸ ਲਈ ਇਹ ਲੋਕ ਇਸ ਤਰ੍ਹਾਂ ਕਰ ਰਹੇ ਹਨ। ਉਨ੍ਹਾ ਕਿਹਾ ਕਿ ਮੇਰੇ ਮੂੰਹ 'ਚੋਂ ਜੇਕਰ ਅਸੱਭਿਅਕ ਗੱਲ ਨਿਕਲੀ ਹੈ ਤਾਂ ਮੈਂ ਫਿਰ ਤੋਂ ਮੁਆਫ਼ੀ ਮੰਗਦਾ ਹਾਂ। ਇਸ ਤੋਂ ਬਾਅਦ ਭਾਜਪਾ ਦੇ ਹੰਗਾਮੇ ਨੂੰ ਦੇਖਦੇ ਹੋਏ ਵਿਧਾਨ ਪ੍ਰੀਸ਼ਦ ਦੀ ਕਾਰਵਾਈ ਰੋਕ ਦਿੱਤੀ ਗਈ। ਅਸਲ 'ਚ ਮੰਗਲਵਾਰ ਬਿਹਾਰ ਦੇ ਮੁੱਖ ਮੰਤਰੀ ਨਿਤਿਸ਼ ਕੁਮਾਰ ਨੇ ਜਨਸੰਖਿਆ ਨੂੰ ਕੰਟਰੋਲ ਕਰਨ ਲਈ ਮਹਿਲਾਵਾਂ ਵਿਚਾਲੇ ਸਿੱਖਿਆ ਦੇ ਮਹੱਤਵ 'ਤੇ ਜ਼ੋਰ ਦਿੰਦੇ ਹੋਏ ਸੂਬਾ ਵਿਧਾਨ ਸਭਾ 'ਚ ਇੱਕ ਪ੍ਰਸਤਾਵ ਰੱਖਿਆ ਕਿ ਕਿਸ ਤਰ੍ਹਾਂ ਇੱਕ ਸਿੱਖਿਅਤ ਮਹਿਲਾ ਆਪਣੇ ਪਤੀ ਨੂੰ ਸੰਬੰਧ ਬਣਾਉਣ ਤੋਂ ਰੋਕ ਸਕਦੀ ਹੈ। ਉਨ੍ਹਾ ਦੇ ਇਸ ਬਿਆਨ 'ਤੇ ਏਨਾ ਬਖੇੜਾ ਖੜਾ ਹੋ ਗਿਆ ਕਿ ਉਨ੍ਹਾ ਨੂੰ ਆਪਣੀ ਗੱਲ ਵਾਪਸ ਲੈਣੀ ਪਈ ਅਤੇ ਉਨ੍ਹਾ ਹੱਥ ਜੋੜ ਕੇ ਮੁਆਫ਼ੀ ਮੰਗੀ।

## 'ਆਪ' ਵੱਲੋਂ ਚੰਡੀਗੜ੍ਹ 'ਚ 12 ਕੋਆਰਡੀਨੇਟਰ ਨਿਯੁਕਤ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ 'ਚ ਆਮ ਆਦਮੀ ਪਾਰਟੀ ਨੇ 2024 ਦੀਆਂ ਲੋਕ ਸਭਾ ਚੋਣਾਂ ਲਈ ਪੰਜਾਬ ਦੇ 12 ਆਗੂਆਂ ਨੂੰ ਕੋਆਰਡੀਨੇਟਰ ਨਿਯੁਕਤ ਕੀਤਾ ਹੈ। ਪਾਰਟੀ ਨੇ ਪਰਮਿੰਦਰ ਸਿੰਘ ਗੋਲਡੀ, ਗੋਵਿੰਦਰ ਮਿੱਤਲ, ਅਮਿਤ ਜੈਨ, ਸੁਭਾਸ਼ ਸ਼ਰਮਾ, ਕਰਮਜੀਤ ਚੌਹਾਨ, ਨਵਦੀਪ ਟੋਨੀ, ਅਸ਼ੋਕ ਸ਼ਿਰਸਵਾਲ, ਗੌਰਵ ਅਰੋੜਾ, ਧਰਮਿੰਦਰ ਲਾਂਬਾ, ਰਮਨ ਚੰਦੀ, ਐਡਵੋਕੇਟ ਰਵਿੰਦਰ ਸਿੰਘ ਅਤੇ ਹਰਪ੍ਰੀਤ ਕਾਹਲੋਂ ਨੂੰ ਕੋਆਰਡੀਨੇਟਰ ਨਿਯੁਕਤ ਕੀਤਾ ਹੈ। ਨਿਯੁਕਤੀ ਦੇ ਹੁਕਮ 'ਆਪ' ਦੇ ਸੰਗਠਨ ਜਨਰਲ ਸਕੱਤਰ ਡਾ. ਸੰਦੀਪ ਪਾਠਕ, ਚੰਡੀਗੜ੍ਹ ਇੰਚਾਰਜ ਜਰਨੈਲ ਸਿੰਘ ਅਤੇ ਸਹਿ-ਇੰਚਾਰਜ ਡਾ. ਸੰਨੀ ਆਹਲੂਵਾਲੀਆ ਵੱਲੋਂ ਜਾਰੀ ਕੀਤੇ ਗਏ ਹਨ। ਡਾ: ਆਹਲੂਵਾਲੀਆ ਨੇ ਕਿਹਾ ਕਿ ਇਹ ਕੋਆਰਡੀਨੇਟਰ ਚੰਡੀਗੜ੍ਹ ਵਿਖੇ ਪਾਰਟੀ ਦੀਆਂ ਚੱਲ ਰਹੀਆਂ ਗਤੀਵਿਧੀਆਂ ਨੂੰ ਹੋਰ ਤੇਜ਼ ਕਰਨਗੇ। ਅਸੀਂ ਜ਼ਮੀਨੀ ਪੱਧਰ 'ਤੇ ਹੋ ਰਹੇ ਕੰਮ ਨੂੰ ਦੇਖਾਂਗੇ ਅਤੇ ਉਨ੍ਹਾਂ ਵਰਕਰਾਂ ਦੀ ਪਛਾਣ ਵੀ ਕਰਾਂਗੇ, ਜੋ ਪਾਰਟੀ ਲਈ ਮਜ਼ਬੂਤੀ ਨਾਲ ਕੰਮ ਕਰ ਰਹੇ ਹਨ।

## ਨੋਟਬੰਦੀ ਨੂੰ 7 ਸਾਲ ਪੂਰੇ

### ■ ਰੁਜ਼ਗਾਰ ਖ਼ਤਮ ਕਰਨ ਦੀ ਸੋਚੀ ਸਮਝੀ ਸਾਜ਼ਿਸ਼ ਸੀ : ਰਾਹੁਲ



**ਨਵੀਂ ਦਿੱਲੀ :** ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਬੁੱਧਵਾਰ ਨੂੰ ਨੋਟਬੰਦੀ ਦੇ ਸੱਤ ਸਾਲ ਪੂਰੇ ਹੋਣ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਤਨਜ਼ ਕੀਤਾ। ਰਾਹੁਲ ਗਾਂਧੀ ਨੇ ਆਪਣੇ ਟਵਿਟਰ 'ਤੇ ਪੋਸਟ ਕੀਤਾ ਕਿ ਨੋਟਬੰਦੀ ਰੁਜ਼ਗਾਰ ਨੂੰ ਖ਼ਤਮ ਕਰਨ, ਅਰਥਵਿਵਸਥਾ ਨੂੰ ਤੋੜਨ ਦੀ ਇੱਕ ਸੋਚੀ-ਸਮਝੀ ਸਾਜ਼ਿਸ਼ ਸੀ। ਉਨ੍ਹਾ ਲਿਖਿਆ ਕਿ ਮਜ਼ਦੂਰਾਂ ਦੀ ਆਮਦਨੀ ਰੋਕਣ ਦੀ, ਛੋਟੇ ਵਪਾਰੀਆਂ ਨੂੰ ਖ਼ਤਮ ਕਰਨ ਦੀ, ਕਿਸਾਨਾਂ ਨੂੰ ਨੁਕਸਾਨ ਪਹੁੰਚਾਉਣ ਦੀ ਅਤੇ ਅਰਥਵਿਵਸਥਾ ਨੂੰ ਤੋੜਨ ਦੀ ਸਾਜ਼ਿਸ਼ ਸੀ। ਉਨ੍ਹਾ ਕਿਹਾ ਕਿ 99 ਫੀਸਦੀ ਆਮ ਭਾਰਤੀ 'ਤੇ ਹਮਲਾ, 1 ਫੀਸਦੀ ਪੂੰਜੀਪਤੀ ਮੋਦੀ 'ਮਿੱਤਰਾਂ' ਨੂੰ ਲਾਭ। ਇਹ ਇੱਕ ਹਥਿਆਰ ਸੀ, ਤੁਹਾਡੀ ਜੇਬ ਕੱਟਣ ਦਾ। ਪਰਮ ਮਿੱਤਰ ਦੀ ਝੋਲੀ ਭਰ ਕੇ ਉਸ ਨੂੰ 609 'ਚੋਂ ਦੁਨੀਆ ਦਾ ਦੂਜਾ ਸਭ ਤੋਂ ਅਮੀਰ ਬਣਾਉਣ ਦਾ। ਜ਼ਿਕਰਯੋਗ ਹੈ ਕਿ 8 ਨਵੰਬਰ ਦਾ ਦਿਨ ਦੇਸ਼ ਦੇ ਅਰਥਚਾਰੇ ਦੇ ਇਤਿਹਾਸ 'ਚ ਖਾਸ ਦਿਨ ਵਜੋਂ ਦਰਜ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸਾਲ 2016 'ਚ 8 ਨਵੰਬਰ ਦੀ ਰਾਤ 8 ਵਜੇ ਦੂਰਦਰਸ਼ਨ ਰਾਹੀਂ ਰਾਸ਼ਟਰ ਨੂੰ ਸੰਬੋਧਨ ਕਰਦਿਆਂ 500 ਅਤੇ 1000 ਰੁਪਏ ਦੇ ਨੋਟਾਂ ਨੂੰ ਬੰਦ ਕਰਨ ਦਾ ਐਲਾਨ ਕੀਤਾ ਸੀ। ਨੋਟਬੰਦੀ ਦਾ ਇਹ ਐਲਾਨ ਉਸੇ ਦਿਨ ਅੱਧੀ ਰਾਤ ਤੋਂ ਲਾਗੂ ਹੋ ਗਿਆ। ਇਸ ਕਾਰਨ ਕੁਝ ਦਿਨਾਂ ਤੱਕ ਦੇਸ਼ 'ਚ ਹਫੜਾ-ਦਫੜੀ ਦਾ ਮਾਹੌਲ ਬਣਿਆ ਰਿਹਾ ਅਤੇ ਨੋਟ ਬਦਲਣ ਲਈ ਬੈਂਕਾਂ ਦੇ ਬਾਹਰ ਲੰਮੀਆਂ ਕਤਾਰਾਂ ਲੱਗ ਗਈਆਂ। ਬਾਅਦ 'ਚ 500 ਅਤੇ 2000 ਰੁਪਏ ਦੇ ਨਵੇਂ ਨੋਟ ਜਾਰੀ ਕੀਤੇ ਗਏ।

## 7 ਮੋਟਰਸਾਈਕਲਾਂ ਤੇ ਸਕੂਟਰੀ ਸਮੇਤ 2 ਕਾਬੂ




**ਮਲੋਟ (ਗੁਰਮੀਤ ਸਿੰਘ ਮੱਕੜ)**

ਐੱਸ ਆਈ ਜਗਸੀਰ ਸਿੰਘ ਇੰਚਾਰਜ ਸੀ ਆਈ ਏ ਸਟਾਫ 02 ਮਲੋਟ ਅਤੇ ਪੁਲਸ ਪਾਰਟੀ ਵੱਲੋਂ ਚੋਰੀ ਦੇ 7 ਮੋਟਰਸਾਈਕਲਾਂ ਅਤੇ ਸਕੂਟਰੀ ਸਮੇਤ 2 ਮੁਲਜ਼ਮ ਨੂੰ ਗ੍ਰਿਫਤਾਰ ਕਰਨ ਵਿਚ ਸਫਲਤਾ ਹਾਸਲ ਕੀਤੀ ਗਈ ਹੈ। ਅਮਨਦੀਪ ਸਿੰਘ ਵਾਸੀ ਸ੍ਰੀ ਮੁਕਤਸਰ ਸਹਿਬ ਨੇ ਥਾਣਾ ਸਿਟੀ ਮੁਕਤਸਰ ਸਾਹਿਬ ਵਿਖੇ ਦਰਖਾਸਤ ਦਿੱਤੀ ਕਿ ਉਸ ਦਾ ਮੋਟਰਸਾਇਕਲ ਘਰ ਦੇ ਬਾਹਰੋਂ ਅਣਜਾਣ ਵਿਅਕਤੀਆਂ ਵੱਲੋਂ ਚੋਰੀ ਕਰ ਲਿਆ ਗਿਆ ਹੈ, ਜਿਸ 'ਤੇ ਪੁਲਸ ਵੱਲੋਂ ਮੁਕੱਦਮਾ ਦਰਜ ਕਰਕੇ ਤਫਤੀਸ਼ ਸ਼ੁਰੂ ਕੀਤੀ ਗਈ। ਏ ਐੱਸ ਆਈ ਸੁਖਮੰਦਰ ਸਿੰਘ ਸਮੇਤ ਸਾਥੀ ਕਰਮਚਾਰੀਆਂ ਵਲੋਂ ਸ਼ੂਗਰ ਮਿੱਲ ਮਲੋਟ ਵਿਖੇ ਨਾਕਾਬੰਦੀ ਕੀਤੀ ਗਈ ਸੀ, ਨਾਕਾਬੰਦੀ ਦੌਰਾਨ 2 ਮੋਟਰਸਾਈਕਲ ਸਵਾਰਾਂ ਨੂੰ ਸ਼ੱਕ ਦੇ ਆਧਾਰ 'ਤੇ ਰੋਕ ਕੇ ਉਨ੍ਹਾਂ ਦਾ ਨਾਂਅ/ ਪਤਾ ਪੁੱਛਿਆ ਗਿਆ, ਜਿਨ੍ਹਾਂ ਆਪਣਾ ਨਾਂਅ ਗੁਰਪ੍ਰੀਤ ਸਿੰਘ ਵਾਸੀ ਮਲੋਟ ਅਤੇ ਦੂਸਰੇ ਨੇ ਜਗਸੀਰ ਸਿੰਘ ਵਾਸੀ ਮਲੋਟ ● ਬਾਕੀ ਸਫ਼ਾ 2 'ਤੇ

## ਮਨੀਪੁਰ 'ਚ ਭੀੜ ਨੇ 4 ਲੋਕਾਂ ਨੂੰ ਅਗਵਾ ਕੀਤਾ

**ਇੰਫਾਲ :** ਮਨੀਪੁਰ ਦੇ ਕਾਂਗਪੋਕਪੀ ਜ਼ਿਲ੍ਹੇ 'ਚ ਕਾਂਗਚੁੱਪ ਚਿੰਗਖੋਂਗ ਪਿੰਡ ਦੇ ਕੋਲ ਇੱਕ ਚੈੱਕ ਪੁਆਇੰਟ 'ਤੇ ਮੈਤੇਈ ਲੋਕਾਂ ਦੀ ਭੀੜ ਨੇ ਇੱਕ ਵਾਹਨ ਰੋਕ ਕੇ ਉਸ 'ਚ ਸਵਾਰ ਚਾਰ ਕੂਕੀ ਲੋਕਾਂ ਨੂੰ ਅਗਵਾ ਕਰ ਲਿਆ। ਇਨ੍ਹਾਂ 'ਚੋਂ ਤਿੰਨ ਲੋਕ ਸੈਨਿਕ ਪਰਵਾਰ ਦੇ ਹਨ, ਇਨ੍ਹਾਂ 'ਚ ਸੈਨਿਕ ਦੀ ਮਾਂ ਵੀ ਸ਼ਾਮਲ ਹੈ। ਜਦੋਂ ਹੀ ਲੋਕਾਂ ਦੇ ਅਗਵਾ ਹੋਣ ਦੀ ਖ਼ਬਰ ਫੈਲੀ, ਕੁਝ ਕੂਕੀ ਲੋਕ ਹੱਥਾਂ 'ਚ ਹਥਿਆਰ ਲੈ ਕੇ ਘਟਨਾ ਸਥਾਨ 'ਤੇ ਪਹੁੰਚੇ ਅਤੇ ਕਾਂਗਚੁੱਪ ਵੱਲ ਫਾਇਰਿੰਗ ਸ਼ੁਰੂ ਕਰ ਦਿੱਤੀ। ਇਸ ਫਾਇਰਿੰਗ 'ਚ ਦੋ ਪੁਲਸ ਮੁਲਾਜ਼ਮ ਅਤੇ ਇੱਕ ਮਹਿਲਾ ਸਮੇਤ ਨੌਂ ਲੋਕ ਜ਼ਖ਼ਮੀ ਹੋ ਗਏ। ਜ਼ਖ਼ਮੀਆਂ ਨੂੰ ਇੰਫਾਲ ਦੇ ਹਸਪਤਾਲ 'ਚ ਭਰਤੀ ਕਰਾਇਆ ਗਿਆ। ਸੂਤਰਾਂ ਅਨੁਸਾਰ ਵਾਹਨ 'ਚ 65 ਸਾਲਾ ਬਜ਼ੁਰਗ ਵੀ ਸਵਾਰ ਸੀ, ਜਿਸ ਨੂੰ ਮੌਕੇ 'ਤੇ ਮੌਜੂਦ ਸੁਰੱਖਿਆ ਮੁਲਾਜ਼ਮਾਂ ਨੇ ਬਚਾਅ ਲਿਆ। ਉਸ ਦੀ ਪਛਾਣ ਮੰਗਲੂਨ ਹਾਅਓਕਿਪ ਦੇ ਨਾਂਅ ਦੇ ਤੌਰ 'ਤੇ ਹੋਈ। ਬਾਕੀ ਚਾਰ ਲੋਕਾਂ ਦੀ ਪਛਾਣ ਨੇਂਗਕਿਮ (60), ਨੀਲਮ (55), ਜਾਨ ਥੰਗਜਿਮ ਹਾਓਕਿਪ (25) ਅਤੇ ਜਮਖੋਤੰਗ (40) ਦੇ ਤੌਰ 'ਤੇ ਹੋਈ।

## ਮੋਦੀ ਉਦਯੋਗਪਤੀਆਂ ਲਈ ਕੰਮ ਕਰ ਰਹੇ : ਪ੍ਰਿਅੰਕਾ



**ਭੁਪਾਲ :** ਮੱਧ ਪ੍ਰਦੇਸ਼ 'ਚ ਇੱਕ ਚੋਣ ਰੈਲੀ ਨੂੰ ਸੰਬੋਧਨ ਕਰਦੇ ਹੋਏ ਕਾਂਗਰਸ ਦੇ ਜਨਰਲ ਸਕੱਤਰ ਪ੍ਰਿਅੰਕਾ ਗਾਂਧੀ ਨੇ ਪ੍ਰਧਾਨ ਮੰਤਰੀ ਮੋਦੀ ਅਤੇ ਭਾਜਪਾ 'ਤੇ ਜ਼ੋਰਦਾਰ ਹਮਲਾ ਬੋਲਿਆ। ਪ੍ਰਿਅੰਕਾ ਗਾਂਧੀ ਨੇ ਕਿਹਾ ਕਿ ਭਾਜਪਾ ਦੇ ਲੋਕ ਅਕਸਰ ਕਹਿੰਦੇ ਹਨ ਕਿ ਕਾਂਗਰਸ ਨੇ 70 ਸਾਲ 'ਚ ਕੁਝ ਨਹੀਂ ਕੀਤਾ, ਤਾਂ ਮੋਦੀ ਜੀ ਸਕੂਲ ਕਿੱਥੇ ਪੜ੍ਹਨ ਗਏ ਸਨ। ਜੇਕਰ ਸਕੂਲ ਗਏ, ਤਾਂ ਉਸ ਨੂੰ ਕਾਂਗਰਸ ਨੇ ਹੀ ਬਣਾਇਆ ਹੋਵੇਗਾ। ਮੈਨੂੰ ਨਹੀਂ ਪਤਾ ਮੋਦੀ ਜੀ ਕਾਲਜ ਪੜ੍ਹਨ ਗਏ ਜਾਂ ਨਹੀਂ, ਪਰ ਉਨ੍ਹਾ ਦੇ ਐਂਟਾਇਰ ਪੋਲੀਟੀਕਲ ਸਾਇੰਸ ਦਾ ਸਰਟੀਫਿਕੇਟ ਜ਼ਰੂਰ ਕਾਂਗਰਸ ਦੇ ਦਿੱਤੇ ਗਏ ਕੰਪਿਊਟਰ 'ਤੇ ਛਪਿਆ ਹੋਵੇਗਾ। ਉਨ੍ਹਾ ਕਿਹਾ ਕਿ ਮੱਧ ਪ੍ਰਦੇਸ਼ ਦੀਆਂ ਮੇਰੀਆਂ ਭੈਣੋਂ ਤੁਸੀ ਸਾਵਧਾਨ ਰਹਿਣਾ। ਸ਼ਿਵਰਾਜ ਸਰਕਾਰ ਨੇ 18 ਸਾਲ 'ਚ ਤੁਹਾਡੇ ਲਈ ਕੁਝ ਨਹੀਂ ਕੀਤਾ, ਉਹ ਹੁਣ ਚੋਣਾਂ ਤੋਂ ਪਹਿਲਾ ਖਾਤਾ ਖੁੱਲ੍ਹਵਾ ਰਹੇ ਹਨ। ਤੁਸੀਂ ਛੱਤੀਸਗੜ੍ਹ ਨੂੰ ਦੇਖੋ, ਉਥੇ ਲੋਕ ਖੁਸ਼ ਹਨ, ਕਿਸਾਨ ਮੁਸਕਰਾ ਰਹੇ ਹਨ। ਤੁਹਾਨੂੰ ਵੀ ਇੱਕ ਇਸ ਤਰ੍ਹਾਂ ਦੀ ਸਰਕਾਰ ਚਾਹੀਦੀ ਹੈ, ਜੋ ਸੱਚਮੁੱਚ ਤੁਹਾਡੇ ਲਈ ਕੰਮ ਕਰੇ। ਪ੍ਰਿਅੰਕਾ ਨੇ ਕੇਂਦਰ ਸਰਕਾਰ 'ਤੇ ਉਦਯੋਗਪਤੀਆਂ ਲਈ ਕੰਮ ਕਰਨ ਦਾ ਦੋਸ਼ ਲਾਉਂਦੇ ਹੋਏ ਕਿਹਾ ਕਿ ਮੋਦੀ ਨੇ ਸਰਕਾਰੀ ਕੰਪਨੀਆਂ ਨੂੰ ਆਪਣੇ ਉਦਯੋਗਪਤੀ ਦੋਸਤਾਂ ਨੂੰ ਸੌਂਪ ਦਿੱਤਾ ਹੈ। ਸਰਕਾਰੀ ਨੌਕਰੀਆਂ ਖ਼ਤਮ ਹੋ ਰਹੀਆ ਹਨ। ਇਸ ਲਈ ਅੱਜ ਜਨਤਾ ਪ੍ਰੇਸ਼ਾਨ ਹੈ, ਸਰਕਾਰੀ ਮੁਲਾਜ਼ਮ ਆਪਣੀ ਪੁਰਾਣੀ ਪੈਨਸ਼ਨ ਮੰਗ ਰਹੇ ਹਨ।

## ਅੱਜ-ਨਾਮਾ

ਚੜ੍ਹਿਆ ਡੋਨਾਲਡ ਟਰੰਪ ਨੂੰ ਜਦੋਂ ਗੁੱਸਾ,
ਸਿੱਧਾ ਈ ਜੱਜ ਨੂੰ ਪਿਆ ਸੀ ਬੋਲ ਬੇਲੀ।
ਗਵਾਹੀ ਮੌਕੇ ਇੱਕ ਗੱਲ ਸੀ ਜਦੋਂ ਪੁੱਛੀ,
ਗੱਠੜੀ ਬੈਠ ਗਿਆ ਉਹ ਸੀ ਖੋਲ੍ਹ ਬੇਲੀ।
ਜੱਜ ਆਖਦਾ, ਕਰੋ ਕੋਈ ਕੰਮ ਦੀ ਬਾਤ,
ਰੱਖੋ ਭਾਸ਼ਣ ਜਿਹਾ ਸਾਂਭਿਆ ਕੋਲ ਬੇਲੀ।
ਜੋ ਵੀ ਪੁੱਛਿਆ, ਉਸੇ ਦੀ ਗੱਲ ਕਹਿਣੀ,
ਗੱਲੀਂ-ਬਾਤੀਂ ਨਾ ਕਰੋ ਪਏ ਗੋਲ ਬੇਲੀ।
ਆਖਿਆ ਅੱਗੋਂ ਟਰੰਪ ਬੱਸ ਸਾਫ ਸਿੱਧਾ,
ਸਿਆਸਤ ਸਾਡੇ ਵਿਰੁੱਧ ਨਾ ਕਰੋ ਬੇਲੀ।
ਲਾਉਣੇ ਦੋਸ਼ ਨੇ ਜਿੰਨੇ ਵੀ ਲਾਈ ਜਾਉ,
ਆਖੀਏ ਅਸੀਂ ਤਾਂ ਉਹ ਵੀ ਜਰੋ ਬੇਲੀ।

-ਤੀਸ ਮਾਰ ਖਾਂ

## ਕਿਰਤੀ ਲੋਕਾਂ ਨੂੰ ਸਨਮਾਨ ਦੇ ਕੇ 'ਆਪ' ਨੇ ਨਿਆਰੀ ਪਿਰਤ ਪਾਈ : ਸੀਚੇਵਾਲ

**ਸ਼ਾਹਕੋਟ (ਗਿਆਨ ਸੈਦਪੁਰੀ)**



ਨਵ-ਨਿਯੁਕਤ ਚੇਅਰਮੈਨ ਬਲਵੀਰ ਸਿੰਘ ਢੰਡੋਵਾਲ ਦਾ ਸਨਮਾਨ ਕਰਦੇ ਹੋਏ ਸੰਤ ਬਲਬੀਰ ਸਿੰਘ ਸੀਚੇਵਾਲ ਤੇ ਹੋਰ।

'ਆਮ ਆਦਮੀ ਪਾਰਟੀ ਦੇਸ਼ 'ਚ ਇੱਕੋ-ਇੱਕ ਪਾਰਟੀ ਹੈ, ਜਿਹੜੀ ਜਾਤ-ਪਾਤ ਤੋਂ ਉੱਪਰ ਉੱਠ ਕੇ ਵਿਅਕਤੀ ਦਾ ਕੰਮ ਤੇ ਕਿਰਦਾਰ ਵੇਖ ਕੇ ਬਣਦਾ ਮਾਣ-ਸਨਮਾਨ ਦਿੰਦੀ ਹੈ।' ਉਕਤ ਵਿਚਾਰਾਂ ਦਾ ਪ੍ਰਗਟਾਵਾ ਸਥਾਨਕ ਸਰਕਾਰਾਂ ਬਾਰੇ ਕੈਬਨਿਟ ਮੰਤਰੀ ਬਲਕਾਰ ਸਿੰਘ ਨੇ ਕੀਤਾ। ਉਹ ਬੁੱਧਵਾਰ ਸਥਾਨਕ ਮਾਰਕੀਟ ਕਮੇਟੀ ਦਫਤਰ 'ਚ ਬਲਵੀਰ ਸਿੰਘ ਢੰਡੋਵਾਲ ਨੂੰ ਮਾਰਕੀਟ ਕਮੇਟੀ ਦੇ ਚੇਅਰਮੈਨ ਵਜੋਂ ਅਹੁਦਾ ਸੰਭਾਲਣ ਮੌਕੇ ਹੋਏ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾ ਕਿਹਾ ਕਿ ਅਹੁਦਾ ਸੰਭਾਲ ਰਹੇ ਬਲਵੀਰ ਸਿੰਘ ਢੰਡੋਵਾਲ ਮੰਡੀ ਵਿੱਚ ਮਜ਼ਦੂਰ ਵਜੋਂ ਕੰਮ ਕਰਦੇ ਰਹੇ ਹਨ। ਕਿਰਤ ਨੂੰ ਸੱਭਿਅਕ ਸਮਾਜ 'ਚ ਸਨਮਾਨ ਦੀ ਨਜ਼ਰ ਨਾਲ ਵੇਖਿਆ ਜਾਂਦਾ ਹੈ, ਪਰ ਫਿਰ ਵੀ ਬਹੁਤੀ ਵਾਰ ਕਿਰਤੀ ਬੰਦਾ ਆਪਣੇ ਹੱਕ ਤੋਂ ਵਿਰਵਾ ਰਹਿ ਜਾਂਦਾ ਹੈ। ਆਪ ਸਰਕਾਰ ਨੇ ਕਿਰਤ ਦੀ ਕਦਰ ਕਰਨ ਦੇ ਸਿਧਾਂਤ ਨੂੰ ਬਲ ਬਖ਼ਸ਼ਿਆ ਹੈ। ਇਸ ਵਰਤਾਰੇ ਨਾਲ ਉੱਠੀ ਚਿਣਗ ਤੋਂ ਕਿਰਤ ਨਾਲ ਜੁੜੇ ਹੋਰ ਲੋਕਾਂ ਦੀ ਆਸ ਦਾ ਦੀਵਾ ਜਗਦਾ ਰਹੇਗਾ, ਜੋ ਸਮਾਜ ਨੂੰ ਰੌਸ਼ਨ ਕਰਨ ਵਿੱਚ ਭੂਮਿਕਾ ਨਿਭਾਏਗਾ। ਕੈਬਨਿਟ ਮੰਤਰੀ ਨੇ ਮੁੱਖ ਮੰਤਰੀ ਦੀ ਕਾਰਜਸ਼ੈਲੀ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਆਪ ਦੀ 92 ਮੈਂਬਰੀ ਟੀਮ ਨੇ ਨਿਧੜਕ ਸ਼ਖ਼ਸੀਅਤ ਨੂੰ ਮੁੱਖ ਮੰਤਰੀ ਬਣਾ ਕੇ ਉਨ੍ਹਾ ਦੇ ਰੰਗਲਾ ਪੰਜਾਬ ਬਣਾਉਣ ਦੀ ਰੀਝ ਨੂੰ ਉਤਸ਼ਾਹਤ ਕੀਤਾ ਹੈ। ਸਥਾਨਕ ਸਰਕਾਰਾਂ ਬਾਰੇ ਮੰਤਰੀ ਨੇ ਰਾਜ ਸਭਾ ਮੈਂਬਰ ਪਦਮਸ੍ਰੀ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਕੰਮਾਂ ਦੀ ਚਰਚਾ ਕਰਦਿਆਂ ਕਿਹਾ ਕਿ ਸਾਨੂੰ ਉਨ੍ਹਾ ਤੋਂ ਪ੍ਰੇਰਨਾ ਲੈ ਕੇ ਸਮਾਜ ਦੀ ਬਿਹਤਰੀ ਲਈ ਅੱਗੇ ਆਉਣਾ ਚਾਹੀਦਾ ਹੈ। ਸੰਤ ਬਲਬੀਰ ਸਿੰਘ ਸੀਚੇਵਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਬਲਬੀਰ ਸਿੰਘ ਢੰਡੋਵਾਲ ਵਰਗੇ ਕਿਰਤ ਨਾਲ ਜੁੜੇ ਲੋਕਾਂ ਨੂੰ ਅਹੁਦੇਦਾਰੀਆਂ ਦੇ ਕੇ ਨਵੀਂ ਤੇ ਸੂਹੀ ਸਵੇਰ ਆਉਣ ਵਰਗੀ ਨਿਆਰੀ ਪਿਰਤ ਪਾਈ ਹੈ। ਇਹ ਸੱਚਮੁੱਚ ਹੀ ਸਿਆਸਤ 'ਚ ਬਦਲਾਅ ਦਾ ਝਲਕਾਰਾ ਹੈ। ਉਨ੍ਹਾ ਨਵੇਂ ਚੇਅਰਮੈਨ ਬਲਵੀਰ ਸਿੰਘ ਢੰਡੋਵਾਲ ਨੂੰ ਮੁਬਾਰਕਾਂ ਦੇਣ ਦੇ ਨਾਲ-ਨਾਲ ਆਸ ਵੀ ਪ੍ਰਗਟਾਈ ਕਿ ਉਹ ਇਮਾਨਦਾਰੀ ਨਾਲ ਕੰਮ ਕਰਕੇ ਸੂਹੀ ਸਵੇਰ ਨੂੰ ਹੋਰ ਸੰਵਾਰਨਗੇ। ਸੰਤ ਸੀਚੇਵਾਲ ਨੇ ਨਵੀਂ ਪਿਰਤ ਪਾਉਣ ਲਈ ਅਰਵਿੰਦ ਕੇਜਰੀਵਾਲ ਅਤੇ ਭਗਵੰਤ ਮਾਨ ਦਾ ਧੰਨਵਾਦ ਕੀਤਾ। ਹਲਕਾ ਇੰਚਾਰਜ ਸ਼ਾਹਕੋਟ ਰਤਨ ਸਿੰਘ ਕਾਕੜ ਕਲਾਂ ਨੇ ਕਿਹਾ ਕਿ ਇੱਕ ਮਜ਼ਦੂਰ ਦੀ ਮਜ਼ਦੂਰੀ ਦਾ ਮੁੱਲ ਪਿਆ ਹੈ। ਇਸ ਮੁੱਲ ਵਜੋਂ ਇੱਕ ਪੱਲੇਦਾਰ ਅੱਜ ਚੇਅਰਮੈਨ ਵਜੋਂ ਸਤਿਕਾਰਿਆ ਗਿਆ ਹੈ।

ਸਮਾਗਮ ਵਿੱਚ ਮੈਂਬਰ ਪਾਰਲੀਮੈਂਟ ਸੁਸ਼ੀਲ ਕੁਮਾਰ ਰਿੰਕੂ, ਆਪ ਦੀ ਸੀਨੀਅਰ ਆਗੂ ਰਾਜਵਿੰਦਰ ਕੌਰ ਥਿਆੜਾ ਵੀ ਉਚੇਚੇ ਤੌਰ 'ਤੇ ਸ਼ਾਮਲ ਹੋਏ। ਸਟੇਜ ਸਕੱਤਰ ਦੇ ● ਬਾਕੀ ਸਫ਼ਾ 2 'ਤੇ

## ਵਣ ਵਿਭਾਗ ਦਾ ਖੇਤਰੀ ਮੈਨੇਜਰ 30,000 ਰੁਪਏ ਰਿਸ਼ਵਤ ਲੈਂਦਾ ਕਾਬੂ

**ਲੁਧਿਆਣਾ (ਜਸਦੀਪ ਵਰਤੀਆ)**

ਜ਼ਿਲ੍ਹਾ ਜਲੰਧਰ ਦੇ ਕਸਬਾ ਫਿਲੌਰ ਵਿਖੇ ਪੰਜਾਬ ਜੰਗਲਾਤ ਵਿਭਾਗ ਦੇ ਖੇਤਰੀ ਮੈਨੇਜਰ ਵਜੋਂ ਤਾਇਨਾਤ ਸੁਖਮਿੰਦਰ ਸਿੰਘ ਹੀਰਾ ਪੀ ਐੱਫ ਐਸ ਨੂੰ ਬੁੱਧਵਾਰ 30,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫਤਾਰ ਕਰ ਲਿਆ। ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਅਧਿਕਾਰੀ ਨੂੰ ਜੰਗਲਾਤ ਠੇਕੇਦਾਰ ਬਲਕਾਰ ਸਿੰਘ ਵਾਸੀ ਪਿੰਡ ਕਾਲਸ ਕਲਾਂ, ਜ਼ਿਲ੍ਹਾ ਲੁਧਿਆਣਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ 'ਤੇ ਗ੍ਰਿਫਤਾਰ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਪੰਜਾਬ ਵਿਜੀਲੈਂਸ ਬਿਊਰੋ ਦੀ ਆਰਥਕ ਅਪਰਾਧ ਸ਼ਾਖਾ (ਈ ਓ ਡਬਲਯੂ) ਲੁਧਿਆਣਾ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਕਿ ਉਕਤ ਜੰਗਲਾਤ ਅਧਿਕਾਰੀ ਨੇ ਉਸ ਦੀ ਫਰਮ ਨੂੰ ਅਲਾਟ ਕੀਤੇ ਟੈਂਡਰ ਤਹਿਤ ਦਰੱਖਤਾਂ ਦੀ ਕਟਾਈ ਬਦਲੇ ਉਸ ਤੋਂ 35,000 ਰੁਪਏ ਬਤੌਰ ਕਮਿਸ਼ਨ ਦੇਣ ਦੀ ਮੰਗ ਕੀਤੀ ਹੈ। ਸੁਖਮਿੰਦਰ ਸਿੰਘ ਨੇ ਉਸ ਨੂੰ ਧਮਕਾਇਆ ਹੈ ਕਿ ਜੇਕਰ ਉਸ ਨੇ ਇਸ ਕਮਿਸ਼ਨ ਦੀ ਅਦਾਇਗੀ ਨਾ ਕੀਤੀ ਤਾਂ ਭਵਿੱਖ ਵਿੱਚ ਉਸ (ਸ਼ਿਕਾਇਤਕਰਤਾ) ਨੂੰ ਅਜਿਹਾ ਕੋਈ ਟੈਂਡਰ ਅਲਾਟ ਨਹੀਂ ਕਰਨ ਦੇਵੇਗਾ। ਸ਼ਿਕਾਇਤਕਰਤਾ ਨੇ ਦੋਸ਼ ਲਾਉਂਦਿਆਂ ਦੱਸਿਆ ਕਿ ਉਹ ਰਿਸ਼ਵਤ ਨਹੀਂ ਦੇਣਾ ਚਾਹੁੰਦਾ ਸੀ, ਪਰ ਮਜਬੂਰੀਵੱਸ ਉਸ ਨੂੰ ਪਹਿਲੀ ਕਿਸ਼ਤ ਵਜੋਂ 5000 ਰੁਪਏ ਉਕਤ ਵਣ ਅਧਿਕਾਰੀ ਨੂੰ ਦੇਣੇ ਪਏ ਅਤੇ ਹੁਣ ਉਹ ਬਕਾਇਆ ਪੈਸਿਆਂ ਦੀ ਮੰਗ ਕਰ ਰਿਹਾ ਹੈ। ਉਨ੍ਹਾ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਈ ਓ ਡਬਲਯੂ ਲੁਧਿਆਣਾ ਦੀ ਇੱਕ ਟੀਮ ਨੇ ਉਕਤ ਵਣ ਅਧਿਕਾਰੀ ਨੂੰ ਦੋ ਅਧਿਕਾਰੀਆਂ ਦੇ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ ਦੂਜੀ ਕਿਸਤ ਵਜੋਂ 30,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਸੰਬੰਧੀ ਉਕਤ ਮੁਲਜ਼ਮ ਖਿਲਾਫ਼ ਈ ਓ ਡਬਲਯੂ ਵਿਜੀਲੈਂਸ ਬਿਊਰੋ ਦੇ ਥਾਣਾ ਲੁਧਿਆਣਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

## ਏਕਤਾ ਮਨੁੱਖੀ ਅਧਿਕਾਰ ਬਿਊਰੋ ਦੇ ਰਵਿੰਦਰਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਬਣੇ



**ਅਜੀਤਵਾਲ (ਨਛੱਤਰ ਸੰਧੂ)**-ਏਕਤਾ ਮਨੁੱਖੀ ਅਧਿਕਾਰ ਬਿਊਰੋ ਪੰਜਾਬ ਦੀ ਇੱਕ ਅਹਿਮ ਮੀਟਿੰਗ ਨਛੱਤਰ ਸਿੰਘ ਯਾਦਗਾਰੀ ਹਾਲ ਵਿੱਚ ਚੇਅਰਪਰਸਨ ਬਲਜੀਤ ਕੌਰ,ਵਾਇਸ ਚੇਅਰਮੈਨ ਬਲਵਿੰਦਰ ਸਿੰਘ ਘੋਲੀਆ ਅਤੇ ਜ਼ਿਲ੍ਹਾ ਪ੍ਰਧਾਨ ਪ੍ਰੀਤਮ ਸਿੰਘ ਰਤਨ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਆਹੁਦੇਦਾਰਾਂ ਦੀ ਚੋਣ ਕੀਤੀ ਗਈ। ਰਵਿੰਦਰਜੀਤ ਸਿੰਘ ਨੂੰ ਜ਼ਿਲ੍ਹਾ ਯੂਥ ਪ੍ਰਧਾਨ, ਇੰਦਰਜੀਤ ਸਿੰਘ ਨੂੰ ਸਕੱਤਰ, ਮਨਪ੍ਰੀਤ ਸਿੰਘ ਨੂੰ ਮੀਤ ਪ੍ਰਧਾਨ ਅਤੇ ਰਵੀ ਸਿੰਘ ਅਤੇ ਗੁਰਪਿਆਰ ਸਿੰਘ ਨੂੰ ਮੈਂਬਰ ਅਤੇ ਹਰਪ੍ਰੀਤ ਸਿੰਘ ਨੂੰ ਜ਼ਿਲ੍ਹਾ ਸਲਾਹਕਾਰ, ਸਵਰਨ ਸਿੰਘ ਗਿੱਲ ਮੈਂਬਰ ਸੂਬਾ ਬਿਊਰੋ ਚੁਣੇ ਗਏ। ਇਸ ਮੌਕੇ ਇਸਤਰੀ ਵਿੰਗ ਲੁਧਿਆਣਾ ਦੇ ਪ੍ਰਧਾਨ ਰੀਨਾ ਕੌਰ ਵੀ ਹਾਜ਼ਰ ਸਨ।

## ਜ਼ਿਲ੍ਹਾ ਪੱਧਰੀ ਖੇਡਾਂ 'ਚ ਅੰਸ਼ਪ੍ਰੀਤ ਸਿੰਘ ਨੂੰ ਦੂਸਰਾ ਸਥਾਨ



**ਬਾਘਾ ਪੁਰਾਣਾ (ਮਨੀ ਸਿਗਲਾ)**-ਪੰਜਾਬ ਸਰਕਾਰ ਅਤੇ ਸਕੂਲ ਸਿੱਖਿਆ ਵਿਭਾਗ ਵੱਲੋਂ ਵਿਦਿਆਰਥੀਆਂ ਨੂੰ ਖੇਡਾਂ ਵਿਚ ਉਤਸ਼ਾਹਤ ਕਰਨ ਲਈ ਕਰਵਾਏ ਜਾ ਰਹੇ ਖੇਡ ਮੁਕਾਬਲਿਆਂ ਵਿਚ ਸਰਕਾਰੀ ਪ੍ਰਾਇਮਰੀ ਸਕੂਲ ਬ੍ਰਾਂਚ ਅਵਤਾਰ ਸਿੰਘ ਨਗਰ ਕਾਲੋਨੀ ਬਾਘਾ ਪੁਰਾਣਾ ਦੇ ਅੰਸ਼ਪ੍ਰੀਤ ਸਿੰਘ ਵੱਲੋਂ ਜ਼ਿਲ੍ਹਾ ਪੱਧਰੀ ਖੇਡ ਮੁਕਾਬਿਲਆਂ ਵਿਚ ਹਿੱਸਾ ਲਿਆ ਗਿਆ। ਸਰਕਾਰੀ ਪ੍ਰਾਇਮਰੀ ਸਕੂਲ ਦੀ ਮੁੱਖ ਅਧਿਆਪਕਾ ਰਮਨਪ੍ਰੀਤ ਕੌਰ, ਮੈਡਮ ਗੁਰਮੀਤ ਕੌਰ ਅਤੇ ਮਮਤਾ ਰਾਣੀ ਦੀ ਰਹਿਨੁਮਾਈ ਹੇਠ ਸਕੂਲ ਕੇ ਵਿਦਿਆਰਥੀ ਅੰਸ਼ਪ੍ਰੀਤ ਸਿੰਘ ਵੱਲੋਂ 600 ਮੀਟਰ ਦੌੜ ਵਿਚ ਹਿੱਸਾ ਲਿਆ ਗਿਆ। ਇਸ ਦੌੜ ਵਿਚ ਅੰਸ਼ਪ੍ਰੀਤ ਸਿੰਘ ਨੇ ਦੂਸਰਾ ਸਥਾਨ ਪ੍ਰਾਪਤ ਕਰ ਕੇ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ ਹੈ। ਅੱਜ ਸਕੂਲ ਪੁੱਜਣ 'ਤੇ ਸਕੂਲ ਦੀ ਮੁੱਖ ਅਧਿਆਪਕਾ ਰਮਨਪ੍ਰੀਤ ਕੌਰ, ਮੈਡਮ ਗੁਰਮੀਤ ਕੌਰ, ਮਮਤਾ ਰਾਣੀ ਅਤੇ ਸਮੂਹ ਸਟਾਫ਼ ਨੇ ਅੰਸ਼ਪ੍ਰੀਤ ਸਿੰਘ ਦਾ ਜਿੱਥੇ ਮੂੰਹ ਮਿੱਠਾ ਕਰਵਾਇਆ ਗਿਆ, ਉਥੇ ਹੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਭਵਿੱਖ ਲਈ ਸਕੂਲ ਦੇ ਸਮੂਹ ਸਟਾਫ਼ ਨੇ ਅੰਸ਼ਪ੍ਰੀਤ ਸਿੰਘ ਦੀ ਹੌਂਸਲਾ ਵਧਾਈ ਕੀਤੀ।

## ਦਿਵਿਆਂਗਾਂ ਦੀ ਭਲਾਈ ਲਈ ਕੰਮ ਕਰ ਰਹੀ ਹੈ ਮੁਕਤੀਸਰ ਸੰਸਥਾ



**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਆਰ ਪੀ ਡਬਲ ਡੀ ਐਕਟ ਤਹਿਤ ਸ੍ਰੀ ਮੁਕਤਸਰ ਸਾਹਿਬ ਵਿਖੇ ਦਿਵਿਆਂਗ ਵਿਅਕਤੀਆਂ ਦੀ ਭਲਾਈ ਲਈ ਕੰਮ ਕਰ ਰਹੀ ਮੁਕਤੀਸਰ ਵੈਲਫਰ ਕਲੱਬ ਨੈਸ਼ਨਲ ਐਵਾਰਡੀ ਸੰਸਥਾ ਵੱਲੋਂ ਕੋਟਕਪੂਰਾ ਰੋਡ ਸਥਿਤ ਬਲਾਇੰਡ ਸਕੂਲ ਵਿਖੇ ਜਾ ਕੇ ਉਥੋਂ ਦੇ ਵਿਅਕਤੀਆਂ ਦੇ ਵੱਖ ਵੱਖ ਤਰ੍ਹਾਂ ਦੇ ਖੂਨ ਟੈਸਟ ਸੰਸਥਾ ਵੱਲੋਂ ਮੁਫਤ ਕੀਤੇ ਗਏ। ਮੁਕਤੀਸਰ ਵੈਲਫੇਅਰ ਕਲੱਬ ਦੇ ਪ੍ਰਧਾਨ ਜਸਪ੍ਰੀਤ ਸਿੰਘ ਛਾਬੜਾ ਨੇ ਕਿਹਾ ਕਿ ਸਾਡੀ ਸੰਸਥਾ ਬਲਾਇੰਡ ਸਕੂਲ ਵਿਖੇ ਆ ਕੇ ਫਿਜ਼ਿਓਥਰੈਪੀ ਕੈਂਪ, ਖੂਨ ਦੀ ਜਾਂਚ ਸਬੰਧੀ ਕੈਂਪ ਤੋਂ ਇਲਾਵਾ ਹੋਰ ਸਹੂਲਤਾਂ ਮੁਹੱਈਆ ਕਰਵਾ ਰਹੀ ਹੈ। ਇਸ ਤੋਂ ਇਲਾਵਾ ਕੋਈ ਵੀ ਦਿਵਿਆਂਗ ਵਿਅਕਤੀ ਕਿਸੇ ਵੀ ਤਰ੍ਹਾਂ ਦੀ ਜ਼ਰੂਰਤ ਜਿਵੇਂ ਕਿ ਟਰਾਈ ਸਾਈਕਲ, ਪੈਨਸ਼ਨ, ਕੰਨਾਂ ਤੋਂ ਸੁਣਨ ਵਾਲੀ ਮਸ਼ੀਨ ਸਾਡੇ ਵੱਲੋਂ ਚਲਾਏ ਜਾ ਰਹੇ ਬਿਊਟੀ ਪਾਰਲਰ ਅਤੇ ਸਿਲਾਈ ਸੈਂਟਰ ਵਿੱਚ ਪਹਿਲ ਦੇ ਅਧਾਰ 'ਤੇ ਐਡਮਿਸ਼ਨ ਤੋਂ ਇਲਾਵਾ ਹੋਰ ਜ਼ਰੂਰਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾ ਕਿਹਾ ਕਿ ਦਿਵਿਆਂਗ ਵਿਅਕਤੀਆਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਲਈ ਵੀ ਸੰਸਥਾ ਵੱਲੋਂ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਪ੍ਰਕਾਰ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

## ਸੰਤ ਸੁਖਵਿੰਦਰ ਸਿੰਘ ਟਿੱਬੇ ਵਾਲਿਆਂ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਧਾਰਮਿਕ ਸ਼ਖ਼ਸੀਅਤ ਸੰਤ ਬਾਬਾ ਸੁਖਵਿੰਦਰ ਸਿੰਘ ਟਿੱਬੇ ਵਾਲਿਆਂ ਨੇ ਅਕਾਲ ਚਲਾਣੇ ਉਪਰ ਇਲਾਕਾ ਮਹਿਲ ਕਲਾਂ ਦੇ ਆਗੂਆਂ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਵੱਲੋਂ ਵਿੱਦਿਆ, ਧਰਮ ਦੇ ਪ੍ਰਚਾਰ, ਪਸਾਰ ਅਤੇ ਸਮਾਜ ਸੇਵੀ ਕਾਰਜਾਂ ਲਈ ਪਾਏ ਅਹਿਮ ਯੋਗਦਾਨ ਦੀ ਸ਼ਲਾਘਾ ਕੀਤੀ। ਸਾਬਕਾ ਚੇਅਰਮੈਨ ਰੁਬਲ ਗਿੱਲ ਕੈਨੇਡਾ, ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਮਹਿਲ ਕਲਾਂ ਦੇ ਪ੍ਰਧਾਨ ਬਾਬਾ ਸ਼ੇਰ ਸਿੰਘ ਖਾਲਸਾ, ਭਾਈ ਜਗਸੀਰ ਸਿੰਘ ਖਾਲਸਾ, ਗਿਆਨੀ ਕਰਮ ਸਿੰਘ ਆਸਟ੍ਰੇਲੀਆ, ਨੰਬਰਦਾਰ ਮਹਿੰਦਰ ਸਿੰਘ, ਭਾਈ ਸਤਿਨਾਮ ਸਿੰਘ, ਬਾਬਾ ਚਮਕੌਰ ਸਿੰਘ ਆਦਿ ਆਗੂਆਂ ਨੇ ਕਿਹਾ ਕਿ ਸੰਤ ਸੁਖਵਿੰਦਰ ਸਿੰਘ ਟਿੱਬਾ ਨੇ ਜਿਥੇ ਦੇਸ਼, ਵਿਦੇਸ਼ 'ਚ ਧਰਮ ਪ੍ਰਚਾਰ ਲਈ ਅਣਥੱਕ ਸੇਵਾਵਾਂ ਨਿਭਾਈਆਂ ਉਥੇ ਹਲਕਾ ਮਹਿਲ ਕਲਾਂ ਦੇ ਵੱਖ ਵੱਖ ਪਿੰਡਾਂ ਅੰਦਰ ਵੱਡੀ ਗਿਣਤੀ 'ਚ ਧਾਰਮਿਕ ਸਮਾਗਮ ਕਰਵਾ ਕੇ ਹਜਾਰਾਂ ਸੰਗਤਾਂ ਨੂੰ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੋੜਿਆ। ਆਗੂਆਂ ਨੇ ਉਨ੍ਹਾਂ ਦੇ ਅਕਾਲ ਚਲਾਣੇ ਉੱਪਰ ਹਮਦਰਦੀ ਜ਼ਾਹਰ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਬੇਵਕਤ ਚਲੇ ਜਾਣ ਨਾਲ ਧਰਮ ਪ੍ਰਚਾਰ ਤੇ ਸਮਾਜ ਸੇਵਾ ਦੇ ਖੇਤਰ ਨੂੰ ਵੱਡਾ ਘਾਟਾ ਪਿਆ ਹੈ।

## ਪ੍ਰਿੰ. ਬੇਰੀ ਦਾ ਦੂਸਰਾ ਕਾਵਿ ਸੰਗ੍ਰਹਿ ਲੋਕ ਅਰਪਣ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਸਿੱਖਿਆ ਵਿਭਾਗ ਵਿਚੋਂ ਸੇਵਾ ਮੁਕਤ ਪ੍ਰਿੰ. ਕਰਤਾਰ ਸਿੰਘ ਬੇਰੀ ਦੁਆਰਾ ਲਿਖਤ ਦੂਸਰਾ ਕਾਵਿ ਸੰਗ੍ਰਹਿ 'ਜਿੰਦੜੀ ਬੋਲ ਪਈ' ਅੱਜ ਰਿਲੀਜ ਕਰ ਦਿੱਤਾ ਗਿਆ। ਇਸ ਸਬੰਧੀ ਸਥਾਨਕ ਸਿਟੀ ਹੋਟਲ ਵਿਖੇ ਵਿਸ਼ੇਸ਼ ਸਮਗਾਮ ਆਯੋਜਿਤ ਕੀਤਾ ਗਿਆ। ਕਾਵਿ ਸੰਗ੍ਰਹਿ ਨੂੰ ਰਿਲੀਜ਼ ਕਰਨ ਦੀ ਰਸਮ ਸਾਬਕਾ ਉਪ ਜ਼ਿਲ੍ਹਾ ਸਿੱਖਿਆ ਅਫਸਰ ਕਈ ਧਾਰਮਿਕ ਪੁਸਤਕਾਂ ਦੇ ਲਿਖਾਰੀ ਬਲਦੇਵ ਸਿੰਘ ਬੇਦੀ ਵੱਲੋਂ ਅਦਾ ਕੀਤੀ ਗਈ। ਬੇਦੀ ਨੇ ਕਿਹਾ ਕਿ ਚੰਗੀਆਂ ਪੁਸਤਕਾਂ ਵਧੀਆ ਜੀਵਨ ਨਿਰਮਾਣ ਵਿੱਚ ਅਹਿਮ ਰੋਲ ਅਦਾ ਕਰਦੀਆਂ ਹਨ। ਅਜਿਹੀਆਂ ਪੁਸਤਕਾਂ ਸਾਡੇ ਸਾਰਿਆਂ ਲਈ ਮਾਰਗ ਦਰਸ਼ਕ ਹੁੰਦੀਆਂ ਹਨ। ਸਮਾਜ ਦੇ ਭਲੇ ਅਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਦੇ ਪ੍ਰਧਾਨ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਨੇ ਪ੍ਰਿੰ. ਬੇਰੀ ਨੂੰ ਉਨ੍ਹਾਂ ਦੀ ਪੁਸਤਕ ਰਿਲੀਜ਼ ਕੀਤੇ ਜਾਣ 'ਤੇ ਟੈਲੀਫੋਨ ਰਾਹੀਂ ਵਧਾਈ ਦਿੱਤੀ। ਇਸ ਮੌਕੇ ਗੁਰਟੇਕ ਸਿੰਘ ਬਰਾੜ, ਗੋਬਿੰਦ ਸਿੰਘ ਦਾਬੜਾ, ਜਸਵੀਰ ਸ਼ਰਮਾ ਦੱਦਾਹੂਰ, ਭੰਵਰ ਲਾਲ ਸ਼ਰਮਾ, ਕਰਨੈਲ ਸਿੰਘ ਬਰਾੜ, ਹੀਰਾ ਲਾਲ, ਮਹਿੰਦਰ ਸਿੰਘ, ਕਸ਼ਮੀਰੀ ਲਾਲ ਚਾਵਲਾ, ਸੁਰਿੰਦਰ ਜੀਤ, ਚੌ. ਬਲਬੀਰ ਸਿੰਘ, ਜਗਜੀਵਨ ਸਿੰਘ, ਗੁਰਬਾਜ਼ ਸਿੰਘ, ਹਜ਼ੂਰ ਸਿੰਘ, ਸਤਪਾਲ ਦਰਦੀ, ਪ੍ਰੇਮ ਕੁਮਾਰ ਬੇਰੀ, ਗੁਰਸੇਵਕ ਸਿੰਘ, ਬੋਹੜ ਸਿੰਘ, ਕਰਨੈਲ ਸਿੰਘ ਬੇਦੀ, ਸੰਪੂਰਨ ਸਿੰਘ, ਗੁਰਜੰਟ ਸਿੰਘ ਦਲੇਰ ਅਤੇ ਮਹਿੰਦਰ ਸਿੰਘ ਆਦਿ ਮੌਜੂਦ ਸਨ।

## ਪਰਾਲੀ ਨੂੰ ਅੱਗ ਨਾ ਲਗਾਉਣ ਸੰਬੰਧੀ ਕਿਸਾਨਾਂ ਨੂੰ ਕੀਤਾ ਜਾਗਰੂਕ



**ਕੋਟ ਈਸੇ ਖਾਂ (ਅਰੋੜਾ)**-ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਅਤੇ ਡੀ ਸੀ ਮੋਗਾ ਕੁਲਵੰਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਐਸ.ਡੀ.ਐਮ.ਧਰਮਕੋਟ ਮੈਡਮ ਚਾਰੂਮਿਤਾ ਦੀ ਅਗਵਾਈ ਵਿੱਚ ਨਾਇਬ ਤਹਿਸੀਲਦਾਰ ਗੁਰਤੇਜ ਸਿੰਘ ਗਿੱਲ ਕੋਟ ਈਸੇ ਖਾਂ ਜਿਨ੍ਹਾਂ ਨਾਲ ਡਾ. ਗੁਰਲਵਲੀਨ ਸਿੰਘ ਸਿੱਧੂ ਖੇਤੀਬਾੜੀ ਵਿਕਾਸ ਅਫਸਰ ਅਤੇ ਹੋਰ ਟੀਮ ਵੱਲੋਂ ਵੱਲੋਂ ਨਾੜ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਕੋਟ ਈਸੇ ਖਾਂ ਦੇ ਪਿੰਡਾਂ ਦਾ ਦੌਰਾ ਕੀਤਾ ਗਿਆ। ਇਸ ਮੌਕੇ ਨਾਇਬ ਤਹਿਸੀਲਦਾਰ ਗੁਰਤੇਜ ਸਿੰਘ ਗਿੱਲ ਨੇ ਕਿਹਾ ਕਿ ਕੁਝ ਕਿਸਾਨਾਂ ਵਲੋਂ ਝੋਨੇ ਦੀ ਪਰਾਲੀ ਦੀ ਸਾਂਭ-ਸੰਭਾਲ ਕਰਨ ਉਪਰੰਤ ਬਾਕੀ ਰਹਿੰਦੀ ਰਹਿੰਦ-ਖੂੰਹਦ ਪਰਾਲੀ ਨੂੰ ਅੱਗ ਲਗਾ ਦਿੱਤੀ ਜਾਂਦੀ ਹੈ। ਉਨ੍ਹਾਂ ਸਮੂਹ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਝੋਨੇ ਦੀ ਪਰਾਲੀ ਅਤੇ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਤੋਂ ਗੁਰੇਜ਼ ਕੀਤਾ ਜਾਵੇ। ਪੰਜਾਬ ਸਰਕਾਰ ਵੱਲੋਂ ਵਾਤਾਵਰਨ ਦੀ ਸੰਭਾਲ, ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਵਧਾਉਣ ਅਤੇ ਮਨੁੱਖੀ ਸਿਹਤ ਤੇ ਜਾਨਵਰਾਂ ਨੂੰ ਪਰਾਲੀ ਦੇ ਧੂੰਏ ਤੋਂ ਹੋਣ ਵਾਲੇ ਨੁਕਸਾਨ ਆਦਿ ਤੋਂ ਬਚਾਉਣ ਲਈ ਜਿੱਥੇ ਵੱਧ ਤੋਂ ਵੱਧ ਕਿਸਾਨਾਂ ਤੇ ਆਮ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ, ਉੱਥੇ ਸਰਕਾਰ ਵੱਲੋਂ ਕਿਸਾਨਾਂ, ਕਿਸਾਨ ਗਰੁੱਪਾਂ, ਸਹਿਕਾਰੀ ਸਭਾਵਾਂ, ਪਰਾਲੀ ਪ੍ਰਬੰਧਨ ਲਈ ਮਸ਼ੀਨਰੀ ਆਦਿ ਖਰੀਦਣ ਵਾਸਤੇ ਵੀ ਵੱਡੀ ਪੱਧਰ 'ਤੇ ਸਬਸਿਡੀ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਫਸਲ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾ ਕੇ ਜ਼ਮੀਨ ਅੰਦਰਲੇ ਖੁਰਾਕੀ ਤੱਤ ਅਤੇ ਮਿੱਤਰ ਕੀੜਿਆਂ ਨੂੰ ਬਚਾ ਸਕਦੇ ਹਨ ਅਤੇ ਇਸ ਤੋਂ ਪੈਦਾ ਹੁੰਦੇ ਧੂੰਏ ਕਾਰਨ ਹੋਣ ਵਾਲੇ ਹਾਦਸਿਆਂ ਤੋਂ ਬਚਿਆ ਜਾ ਸਕਦਾ ਹੈ। ਇਸ ਮੌਕੇ ਉਨ੍ਹਾਂ ਵੱਲੋਂ ਝੋਨੇ ਦੀ ਪਰਾਲੀ ਨੂੰ ਲੱਗੀ ਅੱਗ ਨੂੰ ਮੌਕੇ 'ਤੇ ਬੁਝਾਇਆ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਪਟਵਾਰੀ ਸਵਰਨ ਸਿੰਘ, ਰਾਜ ਕਮਲ ਸਿੰਘ ਆਦਿ ਵੀ ਹਾਜ਼ਰ ਸਨ।

# ਐਡਵੋਕੇਟ ਮਧੂ ਰਚਨਾ ਪੰਜਾਬ ਲੀਗਲ ਏਡ ਕੋਆਰਡੀਨੇਟਰ (ਮਹਿਲਾ) ਨਿਯੁਕਤ



**ਜਲੰਧਰ (ਰਾਜੇਸ਼ ਥਾਪਾ)**-ਪੰਜਾਬ ਪ੍ਰਦੇਸ਼ ਮਹਿਲਾ ਕਾਂਗਰਸ ਵੱਲੋਂ ਅਖਿਲ ਭਾਰਤੀ ਮਹਿਲਾ ਕਾਂਗਰਸ ਦੇ ਪ੍ਰਧਾਨ ਮੈਡਮ ਨੀਟਾ ਡਿਸੂਜ਼ਾ ਅਤੇ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਐਡਵੋਕੇਟ ਮਧੂ ਰਚਨਾ ਨੂੰ ਪੰਜਾਬ ਲੀਗਲ ਏਡ ਕੋਆਰਡੀਨੇਟਰ (ਮਹਿਲਾ) ਨਿਯੁਕਤ ਕੀਤਾ ਗਿਆ ਹੈ। ਇਹ ਨਿਯੁਕਤੀ ਪੰਜਾਬ ਮਹਿਲਾ ਕਾਂਗਰਸ ਦੇ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਵੱਲੋਂ ਨਿਯੁਕਤੀ ਪੱਤਰ ਸੌਂਪ ਕੇ ਕੀਤੀ ਗਈ ਹੈ। ਐਡਵੋਕੇਟ ਮਧੂ ਰਚਨਾ ਨੇ ਜਿੱਥੇ ਕਾਂਗਰਸ ਹਾਈਕਮਾਂਡ ਮਲਿਕਾਅਰਜੁਨ ਖੜਗੇ, ਰਾਹੁਲ ਗਾਂਧੀ, ਸੋਨੀਆ ਗਾਂਧੀ, ਮੈਡਮ ਨੇਟਾ ਡਿਸੂਜ਼ਾ ਅਤੇ ਗੁਰਸ਼ਰਨ ਕੌਰ ਰੰਧਾਵਾ ਅਤੇ ਸ. ਪਰਗਟ ਸਿੰਘ ਐੱਮ ਐੱਲ ਏ ਦਾ ਤਹਿ ਦਿਲੋਂ ਧੰਨਵਾਦ ਕੀਤਾ ਉੱਥੇ ਇਹ ਵਿਸ਼ਵਾਸ ਦਿਵਾਇਆ ਕਿ ਉਹ ਪਾਰਟੀ ਵੱਲੋਂ ਦਿੱਤੀ ਗਈ ਉਪਰੋਕਤ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਮਿਹਨਤ ਅਤੇ ਵਫਾਦਾਰੀ ਦੇ ਨਾਲ ਨਿਭਾਉਣਗੇ। ਸਟੇਟ ਲੀਗਲ ਸੈੱਲ ਦਾ ਮੁੱਖ ਕੰਮ ਆਮ ਲੋਕਾਂ ਦੀਆਂ ਕਾਨੂੰਨੀ ਮੁਸ਼ਕਿਲਾਂ ਵਿੱਚ ਸਹਾਇਤਾ ਕਰਨਾ ਅਤੇ ਕਾਨੂੰਨੀ ਸੇਵਾਵਾਂ ਪ੍ਰਦਾਨ ਕਰਨਾ ਹੋਵੇਗਾ। ਪੰਜਾਬ ਰਾਜ ਵਿੱਚ ਲੀਗਲ ਸੈੱਲ ਨੂੰ ਆਉਂਦੇ ਦਿਨਾਂ ਵਿੱਚ ਹੋਰ ਮਜ਼ਬੂਤ ਕੀਤਾ ਜਾਏਗਾ। ਸੰਗਠਨ ਦੀ ਮਜ਼ਬੂਤੀ ਦੇ ਨਾਲ ਹੀ ਭਾਰਤੀ ਸੰਵਿਧਾਨ ਨੂੰ ਬਚਾਇਆ ਜਾ ਸਕਦਾ ਹੈ।

ਉਨ੍ਹਾਂ ਨੇ ਕਿਹਾ ਕਿ ਦੇਸ਼ ਵਿੱਚ ਕਾਂਗਰਸ ਦਾ ਮਜ਼ਬੂਤ ਆਧਾਰ ਹੀ ਦੇਸ਼ ਨੂੰ ਇਸ ਵਕਤ ਕੇਂਦਰ ਸਰਕਾਰ ਦੀਆਂ ਮਾੜੀਆਂ ਨੀਤੀਆਂ ਤੋਂ ਬਚਾ ਸਕਦਾ ਹੈ ਅਤੇ ਜਿੰਨਾ ਸਮਾਂ ਭਾਰਤ 'ਚ ਇੰਡੀਅਨ ਨੈਸ਼ਨਲ ਕਾਂਗਰਸ ਦਾ ਰਾਜ ਰਿਹਾ, ਕਦੇ ਵੀ ਸੰਵਿਧਾਨ ਅਤੇ ਲੋਕਤੰਤਰ ਨੂੰ ਖਤਰਾ ਨਹੀਂ ਹੋਇਆ। ਕਾਂਗਰਸ ਪਾਰਟੀ ਨੇ ਹੀ ਭਾਰਤੀ ਸੰਵਿਧਾਨ ਦੀ ਪ੍ਰਸਤਾਵਨਾ ਵਿੱਚ ਤਹਿ ਕੀਤੇ ਉਦੇਸ਼ਾਂ ਦੀ ਪ੍ਰਾਪਤੀ ਲਈ ਅਤੇ ਸੰਵਿਧਾਨ ਦੇ ਮੂਲ ਢਾਂਚੇ ਨੂੰ ਕਾਇਮ ਰੱਖਣ ਲਈ ਹਮੇਸ਼ਾ ਕੰਮ ਕੀਤਾ ਹੈ ਅਤੇ ਮੂਲ ਭਾਵਨਾ ਦੇਸ਼ ਦੀ ਸੇਵਾ ਅਤੇ ਲੋਕਹਿਤ ਦੀ ਭਲਾਈ ਲਈ ਕਾਂਗਰਸ ਪਾਰਟੀ ਨੇ ਸਦਾ ਹੀ ਸਿਰ ਕੱਢਵਾਂ ਕੰਮ ਕੀਤਾ ਹੈ।

ਸਿਰਫ ਭਾਰਤੀ ਨੈਸ਼ਨਲ ਕਾਂਗਰਸ ਹੀ ਦੇਸ਼ ਦੇ ਹਿੱਤ ਵਿੱਚ ਕੰਮ ਕਰਦੀ ਆਈ ਹੈ ਅਤੇ ਅੱਗੇ ਵੀ ਮਿਹਨਤ ਨਾਲ ਕੰਮ ਕਰਦੀ ਰਹੇਗੀ। ਇਸ ਮੌਕੇ ਮਹਿਲਾ ਕਾਂਗਰਸ ਇਕਾਈ ਪਟਿਆਲਾ ਤੋਂ ਜ਼ਿਲ੍ਹਾ ਪ੍ਰਧਾਨ ਰੇਖਾ ਅਗਰਵਾਲ (ਸ਼ਹਿਰੀ), ਅਮਰਜੀਤ ਕੌਰ ਭੱਠਲ (ਦਿਹਾਤੀ) ਅਤੇ ਕੰਚਨ ਠਾਕੁਰ ਜਲੰਧਰ (ਸ਼ਹਿਰੀ) ਮੌਜੂਦ ਸਨ।

# ਘਰ 'ਤੇ ਫਾਇਰ ਕਰਨ ਵਾਲੇ 4 ਵਿਅਕਤੀਆਂ ਨੂੰ ਕੀਤਾ ਟਰੇਸ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਇੰਸਪੈਕਟਰ ਗੁਰਵਿੰਦਰ ਸਿੰਘ ਇੰਚਾਰਜ ਸੀ.ਆਈ.ਏ ਅਤੇ ਇੰਸਪੈਕਟਰ ਮਲਕੀਤ ਸਿੰਘ ਮੁੱਖ ਅਫਸਰ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਤੇ ਪੁਲਸ ਪਾਰਟੀ ਵੱਲੋਂ ਪਿਛਲੇ ਦਿਨੀਂ ਬਲਜਿੰਦਰ ਸਿੰਘ ਪਿੰਡ ਥਾਂਦੇਵਾਲਾ ਦੇ ਘਰ ਵਿੱਚ ਰਾਤ ਸਮੇਂ ਫਾਇਰ ਕਰਨ ਵਾਲੇ 4 ਵਿਅਕਤੀਆਂ ਨੂੰ ਟਰੇਸ ਕਰਕੇ 2 ਵਿਅਕਤੀਆਂ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਗਈ ਹੈ। ਜਾਣਕਾਰੀ ਅਨੁਸਾਰ ਪਿਛਲੇ ਦਿਨੀਂ ਬਲਜਿੰਦਰ ਸਿੰਘ ਪੁੱਤਰ ਹਰਮੇਲ ਸਿੰਘ ਵਾਸੀ ਥਾਂਦੇਵਾਲਾ ਵੱਲੋਂ ਪੁਲਸ ਨੂੰ ਬਿਆਨ ਦਿੱਤਾ ਕਿ 29 ਅਕਤੂਬਰ ਨੂੰ ਰਾਤ ਤਕਰੀਬਨ 11.40 ਵਜੇ ਸਾਡੇ ਘਰ ਦੇ ਵਿਹੜੇ ਵਿੱਚ ਕਿਸੇ ਅਣਪਛਾਤੇ ਵਿਅਕਤੀਆਂ ਵੱਲੋਂ ਫਾਇਰ ਕੀਤੇ ਗਏ ਅਤੇ ਘਰ ਦੇ ਕਮਰੇ ਦੀ ਕੰਧ ਵਿੱਚ ਫਾਇਰ ਦੇ ਨਿਸ਼ਾਨ ਸਨ ਅਤੇ ਮੇਰੀ ਵਿਹੜੇ ਵਿੱਚ ਖੜ੍ਹੀ ਇਨੋਵਾ ਕਾਰ ਦੇ ਸ਼ੀਸ਼ੇ ਗੋਲੀ ਲੱਗਣ ਨਾਲ ਟੁੱਟ ਗਏ ਸਨ। ਜਿਸ ਦੇ ਬਿਆਨਾਂ 'ਤੇ ਪੁਲਸ ਵੱਲੋਂ ਆਰਮ ਐਕਟ ਤਹਿਤ ਨਾ-ਮਾਲੂਮ ਵਿਅਕਤੀਆਂ ਖਿਲਾਫ ਕੇਸ ਦਰਜ ਕਰ ਤਫਤੀਸ਼ ਸ਼ੁਰੂ ਕੀਤੀ ਗਈ। ਜਿਸ ਦੀ ਸੀ.ਆਈ.ਏ ਅਤੇ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਬਲਜਿੰਦਰ ਸਿੰਘ ਦੇ ਘਰ ਫਾਇਰ ਕਰਨ ਵਾਲੇ 4 ਵਿਅਕਤੀਆਂ ਸਾਹਿਲਦੀਪ ਸਿੰਘ ਪੁੱਤਰ ਰਛਪਾਲ ਸਿੰਘ, ਮਨਜਿੰਦਰ ਸਿੰਘ ਉਰਫ ਭਾਊ ਪੁੱਤਰ ਨਿਰਵੈਲ ਸਿੰਘ, ਜਸ਼ਨਦੀਪ ਸਿੰਘ ਪੁੱਤਰ ਦਰਸ਼ਨ ਸਿੰਘ ਅਤੇ ਮਨਦੀਪ ਸਿੰਘ ਪੁੱਤਰ ਸਰਵਣ ਸਿੰਘ ਵਾਸੀਆਨ ਪਿੰਡ ਰਿਉੜੀਆਂਵਾਲੀ ਜ਼ਿਲ੍ਹਾ ਤਰਨ ਤਾਰਨ ਨੂੰ ਉੱਕਤ ਮੁਕੱਦਮੇ ਵਿੱਚ ਨਾਮਜ਼ਦ ਕਰਕੇ ਸਾਹਿਲਦੀਪ ਸਿੰਘ ਪੁੱਤਰ ਰਛਪਾਲ ਸਿੰਘ ਅਤੇ ਮਨਜਿੰਦਰ ਸਿੰਘ ਉਰਫ ਭਾਊ ਪੁੱਤਰ ਨਿਰਵੈਲ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਇਨਾਂ ਪਾਸੋਂ ਮੌਕਾ ਵਾਰਦਾਤ ਵਿੱਚ ਵਰਤੀ ਇੱਕ 32 ਬੋਰ ਪਿਸਤੌਲ (ਦੇਸੀ) 3 ਜ਼ਿੰਦਾ ਕਾਰਤੂਸ, 1 ਸਵਿਫਟ ਕਾਰ, 1 ਮੋਟਰਸਾਈਕਲ ਬ੍ਰਾਮਦ ਕਰਵਾਏ ਗਏ ਹਨ।

ਮੁਢਲੀ ਪੁੱਛਗਿੱਛ ਦੌਰਾਨ ਉਨ੍ਹਾਂ ਵਜ੍ਹਾ ਰੰਜਿਸ਼ ਦੱਸਿਆ ਕਿ ਮੁੱਦਈ ਬਲਜਿੰਦਰ ਸਿੰਘ ਦੇ ਭਰਾ ਸੁਖਵਿੰਦਰ ਸਿੰਘ ਜੋ ਸਾਈਪਰਸ ਦੇਸ਼ ਵਿੱਚ ਰਹਿੰਦਾ ਹੈ, ਉਸ ਨਾਲ ਪੈਸਿਆ ਦਾ ਲੈਣ ਦੇਣ ਦਾ ਰੌਲਾ ਸੀ। ਇਸੇ ਰੰਜਿਸ਼ ਨੂੰ ਲੈ ਕੇ ਉਨ੍ਹਾਂ ਨੂੰ ਡਰਾਉਣ ਦੀ ਨੀਅਤ ਨਾਲ ਉਨ੍ਹਾਂ ਦੇ ਘਰ ਵਿੱਚ ਫਾਇਰ ਕੀਤੇ ਗਏ ਸਨ। ਦੋਸ਼ੀਆਂ ਦਾ ਮਾਨਯੋਗ ਅਦਾਲਤ ਵਿੱਚੋਂ ਰਿਮਾਂਡ ਹਾਸਲ ਕਰਕੇ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਤੇ ਬਾਕੀ ਰਹਿੰਦੇ ਦੋਸ਼ੀਆਂ ਨੂੰ ਵੀ ਛੇਤੀ ਫੜਿਆ ਜਾਵੇਗਾ।

# ਦਾਸ ਐਂਡ ਬ੍ਰਾਊਨ ਵਰਲਡ ਸਕੂਲ 'ਚ 'ਫੈਨਟੇਸੀਆ' ਦਾ ਆਯੋਜਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਵਿਦਿਆਰਥੀਆਂ ਵਿੱਚ ਛੁਪੀ ਪ੍ਰਤਿਭਾ ਨੂੰ ਉਜਾਗਰ ਕਰਨ ਦੇ ਉਦੇਸ਼ ਨਾਲ ਦਾਸ ਐਂਡ ਬ੍ਰਾਊਨ ਵਰਲਡ ਸਕੂਲ ਵਿੱਚ "ਫੈਨਟੇਸੀਆ" 2023 ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਨਰਸਰੀ ਤੋਂ ਪ੍ਰੈੱਪ-2 ਜਮਾਤਾਂ ਦੇ ਛੋਟੇ ਬੱਚਿਆਂ ਨੇ 'ਏ ਮੈਜੀਕਲ ਡੇ ਇਨ ਡਿਜ਼ਨੀਲੈਂਡ' ਥੀਮ 'ਤੇ ਆਧਾਰਤ ਵੱਖ-ਵੱਖ ਕਾਰਟੂਨ ਕਿਰਦਾਰਾਂ ਦੇ ਰੂਪ ਵਿੱਚ ਪ੍ਰਦਰਸ਼ਨ ਨਾਲ ਸਾਰਿਆਂ ਨੂੰ ਮੋਹ ਲਿਆ।ਸਕੂਲ ਵਿਸ਼ਨੂੰ ਭਗਵਾਨ ਰਾਏ ਬਹਾਦੁਰ ਆਡੀਟੋਰੀਅਮ ਵਿੱਚ ਕਰਵਾਏ ਇਸ ਸਮਾਗਮ ਵਿੱਚ ਛਾਉਣੀ ਬੋਰਡ ਦੇ ਸੀਈਓ ਅਭਿਸ਼ੇਕ ਮਨੀ ਤ੍ਰਿਪਾਠੀ, ਸੈਨਾ ਅਧਿਕਾਰੀ ਅਤੁਲ ਗੋਇਲ, ਐੱਸ ਐੱਸ ਸੈਣੀ, ਅਖਿਲ ਮਹਿਰੋਤਰਾ, ਸੀ ਜੇ ਐੱਮ ਡਾ. ਜਸਵੀਰ ਸਿੰਘ ਗਿੱਲ, ਸਿਵਲ ਜੱਜ ਸਤਵੀਰ ਕੌਰ, ਐੱਮ ਐੱਮ ਜੋਤੀ, ਸਾਕਸ਼ੀ ਤ੍ਰਿਪਾਠੀ, ਡਾ. ਸ਼ੀਲ ਸੇਠੀ, ਡਾ. ਸੌਰਭ ਬਾਗੀ, ਡੀ ਸੀ ਐੱਮ ਗਰੁੱਪ ਦੀ ਸੀਨੀਅਰ ਡਾਇਰੈਕਟਰ ਕਾਂਤਾ ਗੁਪਤਾ, ਡਾਇਰੈਕਟਰ ਅਕਾਦਮਿਕ ਡਾ. ਰਾਗਿਨੀ ਗੁਪਤਾ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ, ਜਦਕਿ ਸਮਾਗਮ ਦੀ ਪ੍ਰਧਾਨਗੀ ਗਰੁੱਪ ਦੇ ਸੀਈਓ ਡਾ. ਅਨਿਰੁਧ ਗੁਪਤਾ ਨੇ ਕੀਤੀ।ਅਧਿਆਪਕ ਪੁਨੀਤ ਕੌਰ ਵੱਲੋਂ ਆਏ ਹੋਏ ਸਾਰੇ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ ਤੇ ਮਹਿਮਾਨਾਂ ਵੱਲੋਂ ਦੀਪ ਜਲਾ ਕੇ ਸਮਾਗਮ ਦੀ ਸ਼ੁਰੂਆਤ ਕੀਤੀ ਗਈ।ਪ੍ਰਿੰਸੀਪਲ ਡਾ. ਰਾਜੇਸ਼ ਚੰਦੇਲ ਵੱਲੋਂ ਸਾਲਾਨਾ ਰਿਪੋਰਟ ਪੜ੍ਹੀ ਗਈ।ਉਨ੍ਹਾਂ ਅਕਾਦਮਿਕ, ਖੇਡਾਂ, ਏਟੀਐੱਲ ਤੇ ਹੋਰ ਗਤੀਵਿਧੀਆਂ ਵਿੱਚ ਸਕੂਲ ਦੀਆਂ ਪ੍ਰਾਪਤੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਛੋਟੇ-ਛੋਟੇ ਬੱਚਿਆਂ ਨੇ ਬਾਰਬੀ ਫੈਂਟੇਸੀ, ਕਾਰਟੂਨ ਐਕਸਟਰਾਵੈਗੈਂਜ਼ਾ, ਸਿੰਡਰੈਲਾ ਬਾਲ, ਰੈਪੰਜ਼ਲ ਸੈਲੀਬ੍ਰੇਸ਼ਨ, ਸਨੋ ਵ੍ਹਾਈਟ, ਫਰੋਜ਼ਨ ਵੰਡਰਲੈਂਡ, ਅਲਾਦੀਨ ਮੈਜ਼ਿਕ, ਪਾਰਟੀ ਵਿੱਦ ਮਿੱਕੀ 'ਤੇ ਕਾਰਟੂਨ ਪੋਸ਼ਾਕਾਂ 'ਚ ਡਾਂਸ ਕੀਤਾ।ਗ੍ਰੈਂਡ ਫਿਨਾਲੇ ਵਿੱਚ ਬੱਚਿਆਂ ਦੀਆਂ ਮਾਵਾਂ ਨੇ ਖੁਦ ਸਟੇਜ 'ਤੇ ਹਾਜ਼ਰ ਹੋ ਕੇ ਬੱਚਿਆਂ ਪ੍ਰਤੀ ਆਪਣੇ ਪਿਆਰ ਤੇ ਸਨੇਹ ਦਾ ਪ੍ਰਗਟਾਵਾ ਕੀਤਾ।ਸਾਲਾਨਾ ਇਨਾਮ ਵੰਡ ਸਮਾਰੋਹ ਦੌਰਾਨ ਮਹਿਮਾਨਾਂ ਨੇ ਖੇਡਾਂ, ਸਿੱਖਿਆ ਤੇ ਵਿਗਿਆਨ ਦੇ ਖੇਤਰ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਰਸਕਿਨ ਬਾਂਡ, ਰਾਮਾਨੁਜਨ, ਕਮਿਊਨਿਟੀ ਚੈਂਪੀਅਨ, ਵਿਜ਼ਕਿਡ, ਸ਼ਾਈਨਿੰਗ ਸਟਾਰ, ਜੈਗਰੀ ਸਮਰੀਟਨ, ਯੰਗ-ਪਿਕਸੋ, 100 ਪ੍ਰਤੀਸ਼ਤ ਹਾਜ਼ਰੀ ਸਮੇਤ ਵਿਸ਼ੇਸ਼ ਇਨਾਮ ਦਿੱਤੇ।ਵੀ ਪੀ ਐਡਮਿਨ ਸੀਨੀਅਰ ਸੈਕੰਡਰੀ ਨੀਸ਼ੂ ਅਗਰਵਾਲ ਨੇ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ।ਇਸ ਮੌਕੇ ਡਿਪਟੀ ਜਨਰਲ ਮੈਨੇਜਰ ਐਡਮਿਨ ਡਾ. ਸੈਲੀਨ, ਡੀਜੀਐੱਮ ਅਪਰੇਸ਼ਨਜ਼ ਸਜਲ ਭੱਟਾਚਰਜੀ, ਹੈੱਡ ਮਿਸਟ੍ਰੈਸ ਬਿੰਦੂ ਗੁਪਤਾ, ਏਵੀਪੀ ਪ੍ਰਾਇਮਰੀ ਸੁਮਨ ਮੋਂਗਾ, ਕੋਆਰਡੀਨੇਟਰ ਸ਼ਿਵਾਨੀ ਗੱਕੜ, ਐਕਟੀਵਿਟੀ ਕੋਆਰਡੀਨੇਟਰ ਗੁਰਿੰਦਰਾ, ਰੁਪਾਲੀ ਰੱਤਰਾ ਆਦਿ ਹਾਜ਼ਰ ਸਨ।

# ਪੁਰਾਣੀ ਪੈਨਸ਼ਨ ਲਾਗੂ ਨਾ ਕੀਤੇ ਜਾਣ 'ਤੇ ਐੱਮ ਐੱਲ ਏ ਭਰਾਜ ਨੂੰ ਸੌਂਪੇ ਸੰਘਰਸ਼ੀ ਪੱਤਰ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਸਰਕਾਰ ਵੱਲੋਂ ਨਵੰਬਰ 2022 ਵਿੱਚ ਜਾਰੀ ਕੀਤੇ ਕਾਗਜ਼ੀ ਨੋਟੀਫਿਕੇਸ਼ਨ ਦੇ ਬਾਵਜੂਦ ਪੁਰਾਣੀ ਪੈਨਸ਼ਨ ਦਾ ਮੁੱਦਾ ਜਿਉਂ ਦਾ ਤਿਉਂ ਲਟਕਿਆ ਹੋਇਆ ਹੈ। ਜਿਸ ਖਿਲਾਫ ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਦੀਆਂ ਸੰਗਰੂਰ ਅਤੇ ਭਵਾਨੀਗੜ੍ਹ ਇਕਾਈਆਂ ਦੇ ਸੰਯੁਕਤ ਸੱਦੇ 'ਤੇ ਐੱਨ ਪੀ. ਐੱਸ. ਮੁਲਾਜ਼ਮਾਂ ਵੱਲੋਂ ਸੂਬਾ ਆਗੂ ਰਘਵੀਰ ਸਿੰਘ ਭਵਾਨੀਗੜ੍ਹ ਦੀ ਅਗਵਾਈ ਵਿੱਚ ਐੱਮ ਐੱਲ ਏ ਨਰਿੰਦਰ ਕੌਰ ਭਰਾਜ ਨੂੰ 19 ਨਵੰਬਰ ਦੀ ਸੰਗਰੂਰ ਵਿਖੇ ਕੀਤੀ ਜਾਣ ਵਾਲੀ "ਪੈਨਸ਼ਨ ਪ੍ਰਾਪਤੀ ਰੈਲੀ" ਦਾ ਸੰਘਰਸ਼ੀ ਪੱਤਰ ਅਤੇ ਚਿਤਾਵਨੀ ਪੱਤਰ ਸੌਂਪਿਆ ਗਿਆ। ਇਸ ਮੌਕੇ ਐੱਨ. ਪੀ. ਐੱਸ. ਮੁਲਾਜ਼ਮਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਮੁਲਾਜ਼ਮ ਆਗੂ ਰਘਵੀਰ ਸਿੰਘ ਭਵਾਨੀਗੜ੍ਹ ਨੇ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੁਰਾਣੀ ਪੈਨਸ਼ਨ ਦਾ ਨੋਟੀਫਿਕੇਸ਼ਨ ਕੇਵਲ ਕਾਗਜ਼ੀ ਜੁਮਲਾ ਸਾਬਿਤ ਹੋਇਆ ਹੈ ਅਤੇ ਇਸ ਨਾਲ ਪੰਜਾਬ ਦੇ ਇੱਕ ਵੀ ਐੱਨ. ਪੀ. ਐੱਸ. ਮੁਲਾਜ਼ਮ 'ਤੇ ਪੁਰਾਣੀ ਪੈਨਸ਼ਨ ਲਾਗੂ ਨਹੀਂ ਹੋ ਸਕੀ। ਪੰਜਾਬ ਸਰਕਾਰ ਵੱਲੋਂ ਐੱਸ.ਓ.ਪੀ ਦਾ ਖਰੜਾ ਤਿਆਰ ਕਰਨ ਲਈ ਮੁੱਖ ਸਕੱਤਰ ਵਿਜੇ ਕੁਮਾਰ ਜੰਜੂਆ ਦੀ ਅਗਵਾਈ ਵਿੱਚ ਗਠਿਤ ਕੀਤੀ ਸਬ ਕਮੇਟੀ ਇੱਕ ਸਾਲ ਬੀਤਣ ਦੇ ਬਾਵਜੂਦ ਹੁਣ ਤੱਕ ਪੁਰਾਣੀ ਪੈਨਸ਼ਨ ਦਾ ਵਿਧੀ ਵਿਧਾਨ ਜਾਰੀ ਕਰਨ ਵਿੱਚ ਨਾਕਾਮ ਸਾਬਿਤ ਹੋਈ ਹੈ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਮੁਲਾਜ਼ਮ ਆਗੂਆਂ ਅਮਨ ਵਿਸ਼ਿਸ਼ਟ, ਕਰਮਜੀਤ ਨਦਾਮਪੁਰ, ਦੀਨਾ ਨਾਥ ਅਤੇ ਕੁਲਵੰਤ ਸਿੰਘ ਖਨੌਰੀ, ਕਮਲਜੀਤ ਸਿੰਘ ਬਨਭੌਰਾ ਅਤੇ ਸੁਖਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਵਾਅਦਾਖਿਲਾਫੀ ਖਿਲਾਫ ਐੱਨ.ਪੀ.ਐੱਸ ਮੁਲਾਜ਼ਮ ਸੰਗਰੂਰ "ਪੈਨਸ਼ਨ ਪ੍ਰਾਪਤੀ ਰੈਲੀ" ਰਾਹੀਂ ਸਰਕਾਰ ਨੂੰ ਸੰਘਰਸ਼ੀ ਚੁਣੌਤੀ ਦੇਣਗੇ। ਇਸ ਮੌਕੇ ਗੁਰਮੀਤ ਕੌਰ, ਮਨਪ੍ਰੀਤ ਕੌਰ, ਲਾਲ ਸਿੰਘ, ਸੁੰਦਰ ਸਿੰਘ, ਕੁਲਵਿੰਦਰ ਸਿੰਘ, ਦੀਪਕ ਕੁਮਾਰ, ਏਕਮ ਸਿੰਘ, ਸੁਖਦੇਵ ਸਿੰਘ ਬਾਲਦ ਅਮਨਦੀਪ ਸ਼ਰਮਾ, ਪੁਸ਼ਪਿੰਦਰ ਸਿੰਘ, ਗੁਰਧੀਰ ਸਿੰਘ, ਹੇਮੰਤ ਕੁਮਾਰ ਆਦਿ ਸਮੇਤ ਵੱਡੀ ਗਿਣਤੀ ਵਿੱਚ ਮੁਲਾਜ਼ਮ ਹਾਜ਼ਰ ਸਨ।

## ਸ਼ਿਵ ਕੁਮਾਰ ਸ਼ਿਵਲੀ ਦੇ ਜਨਮ ਦਿਨ ਮੌਕੇ ਖੂਨਦਾਨ ਕੈਂਪ ਲਗਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਮਾਜ ਸੇਵੀ ਕਾਰਜਾਂ ਵਿਚ ਜੁਟੀ ਸੰਸਥਾ ਮਾਛੀਵਾੜਾ ਸਾਹਿਬ ਸੋਸ਼ਲ ਵੈਲਫੇਅਰ ਸੋਸਾਇਟੀ ਐਨ ਜੀ ਓ ਅਤੇ ਪੁਲਸ ਜ਼ਿਲ੍ਹਾ ਸਾਂਝ ਕੇਂਦਰ ਖੰਨਾ ਵੱਲੋਂ ਐੱਨ ਜੀ ਓ ਦੇ ਪ੍ਰਧਾਨ ਸ਼ਿਵ ਕੁਮਾਰ ਸ਼ਿਵਲੀ ਦੇ 61ਵੇਂ ਜਨਮ ਦਿਨ ਦੀ ਖੁਸ਼ੀ ਵਿਚ ਸਿਵਲ ਹਸਪਤਾਲ ਮਾਛੀਵਾੜਾ ਨੇੜੇ ਖੂਨਦਾਨ ਕੈਂਪ ਲਗਾਇਆ ਗਿਆ, ਜਿਸ ਦਾ ਉਦਘਾਟਨ ਸੀਨੀਅਰ ਮੈਡੀਕਲ ਅਫ਼ਸਰ ਡਾ. ਜਸਦੇਵ ਸਿੰਘ ਨੇ ਕੀਤਾ। ਖੂਨਦਾਨ ਕੈਂਪ ਦੌਰਾਨ 91 ਖੂਨਦਾਨੀਆਂ ਨੇ ਖੂਨਦਾਨ ਕੀਤਾ ਜਿਸ ਨੂੰ ਕਰਨ ਬਲੱਡ ਬੈਂਕ ਸਮਰਾਲਾ ਦੀ ਟੀਮ ਵੱਲੋਂ ਇਕੱਤਰ ਕੀਤਾ ਗਿਆ। ਇਸ ਮੌਕੇ ਪੁਲਸ ਜ਼ਿਲ੍ਹਾ ਸਾਂਝ ਕੇਂਦਰ ਖੰਨਾ ਦੇ ਇੰਚਾਰਜ ਸਬ-ਇੰਸਪੈਕਟਰ ਕੁਲਜੀਤ ਸਿੰਘ ਗਿੱਲ ਨੇ ਕਿਹਾ ਕਿ ਹਰ ਲੋੜਵੰਦ ਮਰੀਜ਼ ਲਈ ਖੂਨ ਮੁਹੱਈਆ ਕਰਵਾਉਣ ਹਿੱਤ ਸਾਡੀ (ਐੱਨ ਜੀ ਓ) ਟੀਮ ਹਮੇਸ਼ਾ ਵਚਨਬੱਧ ਹੈ। ਉਨ੍ਹਾਂ ਨੇ ਅੱਜ ਦੇ ਕੈਂਪ ਵਿਚ ਖੂਨਦਾਨ ਕਰਨ ਵਾਲੇ ਸਾਰੇ ਖੂਨਦਾਨੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਸਾਬਕਾ ਵਿਧਾਇਕ ਜਗਜੀਵਨ ਸਿੰਘ ਖੀਰਨੀਆਂ, ਹਰਜਤਿੰਦਰ ਸਿੰਘ ਬਾਜਵਾ, ਆੜ੍ਹਤੀ ਐਸੋ. ਦੇ ਪ੍ਰਧਾਨ ਤੇਜਿੰਦਰ ਸਿੰਘ ਕੂੰਨਰ, ਤੇਜਿੰਦਰ ਸਿੰਘ ਗਰੇਵਾਲ, ਬਲਾਕ ਸੰਮਤੀ ਮੈਂਬਰ ਹਰਜੋਤ ਸਿੰਘ ਮਾਂਗਟ, ਆੜ੍ਹਤੀ ਪਰਮਿੰਦਰ ਸਿੰਘ ਗੁਲਿਆਣੀ, ਸ਼ਹਿਰੀ ਪ੍ਰਧਾਨ ਜਸਪਾਲ ਸਿੰਘ ਜੱਜ, ਕਰਮਜੀਤ ਸਿੰਘ ਹੇੜੀਆਂ, ਨੀਰਜ ਸਿਹਾਲਾ, ਸ਼ੰਕਰ ਕਲਿਆਣ, ਪ੍ਰੋ . ਬਲਦੀਪ ਕੌਰ, ਨਿਧੀ ਸ਼ਰਮਾ, ਜਗਦੀਸ਼ ਚਾਨਣਾ, ਮਿੰਕੂ ਹੰਸ, ਲਵਰੀਸ਼ ਸ਼ਰਮਾ, ਪਰਮਦੀਪ ਪਾਲ ਸਿੰਘ, ਜਰਨੈਲ ਸਿੰਘ, ਸਾਹਿਲ ਚਾਨਣਾ, ਭਾਰਗਵ ਚਾਨਣਾ ਆਦਿ ਹਾਜ਼ਰ ਸਨ।

## 8000 ਰੁਪਏ ਰਿਸ਼ਵਤ ਲੈਂਦਾ ਬਿਜਲੀ ਮੁਲਾਜ਼ਮ ਕਾਬੂ

**ਚੰਡੀਗੜ੍ਹ (ਗੁਰਜੀਤ ਬਿੱਲਾ/ਕ੍ਰਿਸ਼ਨ ਗਰਗ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਤਹਿਤ ਪੀ ਐੱਸ ਪੀ ਸੀ ਐੱਲ ਦਫਤਰ ਪਟਿਆਲਾ ਵਿਖੇ ਤਾਇਨਾਤ ਕੰਪਲੇਂਟ ਹੈਂਡਲਿੰਗ ਬੁਆਏ (ਸੀ ਐੱਚ ਬੀ) ਕੁਲਵੰਤ ਸਿੰਘ ਨੂੰ 8000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਬਿਜਲੀ ਮੁਲਾਜ਼ਮ ਨੂੰ ਪਟਿਆਲਾ ਜ਼ਿਲ੍ਹੇ ਦੇ ਪਿੰਡ ਸੂਲਰ ਦੇ ਵਸਨੀਕ ਜਸਵੀਰ ਸਿੰਘ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫਤਾਰ ਕੀਤਾ ਹੈ। ਉਨ੍ਹਾ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਪਟਿਆਲਾ ਰੇਂਜ ਕੋਲ ਪਹੁੰਚ ਕਰਕੇ ਦੋਸ ਲਗਾਇਆ ਕਿ ਜੂਨੀਅਰ ਇੰਜੀਨੀਅਰ ਦਵਿੰਦਰ ਸਿੰਘ ਅਤੇ ਉਕਤ ਸੀ ਐੱਚ ਬੀ ਕੁਲਵੰਤ ਸਿੰਘ ਉਸ ਨੂੰ ਘਰੇਲੂ ਬਿਜਲੀ ਦਾ ਲੋਡ ਪ੍ਰਵਾਨਿਤ ਸੀਮਾ ਤੋਂ ਵੱਧ ਹੋਣ ਸੰਬੰਧੀ ਧਮਕਾ ਰਹੇ ਹਨ ਅਤੇ ਇਸ ਸੰਬੰਧੀ ਜੁਰਮਾਨੇ ਤੋਂ ਬਚਣ ਲਈ 8000 ਰੁਪਏ ਦੀ ਰਿਸ਼ਵਤ ਮੰਗ ਰਹੇ ਹਨ। ਸ਼ਿਕਾਇਤ ਦੀ ਮੁੱਢਲੀ ਪੜਤਾਲ ਉਪਰੰਤ ਪਟਿਆਲਾ ਰੇਂਜ ਦੀ ਵਿਜੀਲੈਂਸ ਟੀਮ ਨੇ ਜਾਲ ਵਿਛਾ ਕੇ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ 8000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਦਵਿੰਦਰ ਸਿੰਘ ਜੇ ਈ ਅਤੇ ਕੁਲਵੰਤ ਸਿੰਘ ਖਿਲਾਫ਼ ਵਿਜੀਲੈਂਸ ਬਿਊਰੋ ਥਾਣਾ ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

## ਐੱਸ ਜੀ ਪੀ ਸੀ ਵੋਟਾਂ ਬਣਾਉਣ ਲਈ ਘੱਗਾ 'ਚ ਫਾਰਮ ਭਰੇ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲਈ ਵੋਟਾਂ ਬਣਾਉਣ ਦਾ ਕੰਮ ਇਲਾਕੇ ਵਿੱਚ ਜ਼ੋਰਾਂ ਸ਼ੋਰਾਂ ਨਾਲ ਚੱਲ ਰਿਹਾ ਹੈ। ਇਸ ਦੌਰਾਨ ਕਸਬਾ ਘੱਗਾ ਦੇ ਗੁਰਦੁਆਰਾ ਸਿੰਘ ਸਭਾ ਵਿਖੇ ਜਥੇਦਾਰ ਸੰਤੋਖ ਸਿੰਘ ਖਿੰਡਾ ਦੀ ਅਗਵਾਈ ਵਿੱਚ ਐਸ ਜੀ ਪੀ ਸੀ ਦੀਆਂ ਵੋਟਾਂ ਦੇ ਫਾਰਮ ਭਰਨ ਦਾ ਕੈਂਪ ਲਗਾਇਆ ਗਿਆ। ਜਥੇਦਾਰ ਸੰਤੋਖ ਸਿੰਘ ਖਿੰਡਾ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖਾਂ ਦੀ ਸਿਰਮੌਰ ਸੰਸਥਾ ਹੈ ਪਰ ਪਿਛਲੇ ਲੰਬੇ ਸਮੇਂ ਤੋਂ ਇਸ ਦੀਆਂ ਚੋਣਾਂ ਨਾ ਹੋਣ ਕਰਕੇ ਲੋਕ ਨਿਰਾਸ਼ ਹਨ। ਗੁਰਦੁਆਰਾ ਕਮਿਸ਼ਨ ਵੱਲੋਂ ਚੋਣਾਂ ਕਰਵਾਉਣ ਦੇ ਕੀਤੇ ਗਏ ਫੈਸਲੇ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਕਿਹਾ ਕਿ ਚਿਰਾਂ ਬਾਅਦ ਹੋਣ ਵਾਲੀਆਂ ਚੋਣਾਂ ਨੂੰ ਲੈ ਕੇ ਲੋਕਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਆਪਣੇ ਚੰਗੇ ਅਕਸ ਵਾਲੇ ਉਮੀਦਵਾਰਾਂ ਦੀ ਚੋਣ ਲਈ ਵੋਟਾਂ ਬਣਾਉਣ ਵੱਲ ਧਿਆਨ ਦੇਣ। ਕੈਂਪ ਦੌਰਾਨ ਹੋਰਨਾਂ ਤੋਂ ਇਲਾਵਾ ਸੁਖਵੰਤ ਸਿੰਘ, ਬਲਜੀਤ ਸਿੰਘ, ਕ੍ਰਿਪਾਲ ਸਿੰਘ, ਸੁਰਜੀਤ ਸਿੰਘ, ਬਲਜੀਤ ਸਿੰਘ, ਜਗਦੇਵ ਸਿੰਘ, ਕਰਨੈਲ ਸਿੰਘ ਅਤੇ ਦਵਿੰਦਰ ਸਿੰਘ ਆਦਿ ਹਾਜ਼ਰ ਸਨ।

## ...ਸਫ਼ਾ 1 ਦੇ ਬਾਕੀ

### ਧਾਮੀ ਤੀਜੀ ਵਾਰ ਐੱਸ...

ਜਸਪਾਲ ਕੌਰ ਤੇ ਜਸਵੰਤ ਸਿੰਘ ਪੁੜੈਣ ਸ਼ਾਮਲ ਹਨ। ਐਡਵੋਕੇਟ ਧਾਮੀ ਨੇ ਪ੍ਰਧਾਨ ਚੁਣੇ ਜਾਣ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਦੀ ਬਖ਼ਸ਼ਿਸ਼ ਨਾਲ ਉਨ੍ਹਾ ਨੂੰ ਇਹ ਸੇਵਾ ਤੀਜੀ ਵਾਰ ਮਿਲੀ ਹੈ। ਉਨ੍ਹਾ ਸ਼੍ਰੋਮਣੀ ਕਮੇਟੀ ਮੈਂਬਰਾਂ ਦੇ ਸਮੁੱਚੇ ਹਾਊਸ ਦੇ ਨਾਲ-ਨਾਲ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਦਲ ਦੇ ਸੀਨੀਅਰ ਆਗੂਆਂ ਦਾ ਧੰਨਵਾਦ ਵੀ ਕੀਤਾ ਅਤੇ ਕਿਹਾ ਕਿ ਉਹ ਯਤਨ ਕਰਨਗੇ ਕਿ ਸਿੱਖ ਪੰਥ ਦੀ ਪ੍ਰਤੀਨਿਧ ਸੰਸਥਾ ਦੀਆਂ ਸੇਵਾਵਾਂ ਕੌਮੀ ਭਾਵਨਾਵਾਂ ਅਨੁਸਾਰ ਕੀਤੀਆਂ ਜਾਣ। ਐਡਵੋਕੇਟ ਧਾਮੀ ਨੇ ਕਿਹਾ ਕਿ ਇਹ ਸਮਾਂ ਕੌਮ ਲਈ ਚੁਣੌਤੀਆਂ ਵਾਲਾ ਹੈ, ਕਿਉਂਕਿ ਸ਼੍ਰੋਮਣੀ ਕਮੇਟੀ ਦੀਆਂ ਜਨਰਲ ਚੋਣਾਂ ਸਾਹਮਣੇ ਹੋਣ ਦੇ ਨਾਲ-ਨਾਲ ਕਈ ਪੰਥਕ ਮਸਲੇ ਵੀ ਦਰਪੇਸ਼ ਹਨ। ਉਨ੍ਹਾ ਕਿਹਾ ਕਿ ਚਾਹੇ ਕੇਂਦਰ ਜਾਂ ਪੰਜਾਬ ਦੀ ਸਰਕਾਰ ਹੋਵੇ, ਸ਼੍ਰੋਮਣੀ ਕਮੇਟੀ ਦੀਆਂ ਵੋਟਾਂ ਬਣਾਉਣ ਦੀ ਪ੍ਰਕਿਰਿਆ ਵਿਚ ਦਖ਼ਲਅੰਦਾਜ਼ੀ ਕਰ ਰਹੀਆਂ ਹਨ। ਉਹਨਾ ਕਿਹਾ ਕਿ ਅੱਜ ਸਿੱਖ ਕੌਮ ਦੇ ਸਾਹਮਣੇ ਬੰਦੀ ਸਿੰਘਾਂ ਦੀ ਰਿਹਾਈ ਦਾ ਇਕ ਵੱਡਾ ਮਸਲਾ ਹੈ, ਜਿਸ ਲਈ ਢੁੱਕਵੇਂ ਕਦਮ ਚੁੱਕੇ ਜਾਣਗੇ। ਮੀਡੀਆ ਦੇ ਇੱਕ ਸਵਾਲ ਦਾ ਜਵਾਬ ਦਿੰਦਿਆਂ ਐਡਵੋਕੇਟ ਧਾਮੀ ਨੇ ਕਿਹਾ ਕਿ ਅੱਜ ਦਾ ਸ਼੍ਰੋਮਣੀ ਕਮੇਟੀ ਅਹੁਦੇਦਾਰਾਂ ਦਾ ਚੋਣ ਨਤੀਜਾ ਇਹ ਦਰਸਾਉਂਦਾ ਹੈ ਕਿ ਦਲ ਦੇ ਸਮੁੱਚੇ ਮੈਂਬਰ ਇਕਜੁਟ ਹਨ ਅਤੇ ਆਪਣੀ ਪਾਰਟੀ 'ਤੇ ਭਰੋਸਾ ਕਰਦੇ ਹਨ। ਉਹਨਾ ਸ਼੍ਰੋਮਣੀ ਕਮੇਟੀ ਦੀਆਂ ਭਵਿੱਖੀ ਯੋਜਨਾਵਾਂ ਅਤੇ ਕੀਤੇ ਜਾਣ ਵਾਲੇ ਕਾਰਜਾਂ ਬਾਰੇ ਤਰਜੀਹਾਂ ਸਪੱਸ਼ਟ ਕਰਦਿਆਂ ਕਿਹਾ ਕਿ ਧਰਮ ਪ੍ਰਚਾਰ ਦੇ ਨਾਲ-ਨਾਲ ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਨਵੀਆਂ ਸੋਧਾਂ ਅਤੇ ਸੇਧਾਂ ਤਹਿਤ ਅੱਗੇ ਵਧਿਆ ਜਾਵੇਗਾ। ਇਸ ਤੋਂ ਇਲਾਵਾ ਸ੍ਰੀ ਦਰਬਾਰ ਸਾਹਿਬ ਪੁੱਜਦੀ ਸੰਗਤ ਲਈ ਨਵੀਆਂ ਸਰਾਵਾਂ ਸਥਾਪਤ ਕਰਨਾ ਵੀ ਏਜੰਡੇ 'ਤੇ ਹੋਵੇਗਾ। ਉਨ੍ਹਾ ਕਿਹਾ ਕਿ ਹੋਰ ਵੀ ਕਈ ਕੌਮੀ ਕਾਰਜ ਕੀਤੇ ਜਾਣ ਵਾਲੇ ਹਨ, ਜਿਨ੍ਹਾਂ 'ਤੇ ਕੌਮ ਦੇ ਵਿਦਵਾਨਾਂ ਅਤੇ ਸ਼੍ਰੋਮਣੀ ਕਮੇਟੀ ਮੈਂਬਰਾਂ ਦੇ ਰਾਏ-ਮਸ਼ਵਰੇ ਨਾਲ ਕੰਮ ਕੀਤਾ ਜਾਵੇਗਾ। ਉਨ੍ਹਾ ਕਿਹਾ ਕਿ ਲੋੜ ਅਨੁਸਾਰ ਪ੍ਰਬੰਧਕੀ ਸੁਧਾਰਾਂ ਵੱਲ ਵੀ ਵਧਿਆ ਜਾਵੇਗਾ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਚੁਣੇ ਜਾਣ ਮਗਰੋਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਹੋਰ ਅਹੁਦੇਦਾਰਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਸ਼ੁਕਰਾਨਾ ਕੀਤਾ, ਜਿਥੇ ਉਨ੍ਹਾਂ ਨੂੰ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਗੁਰੂ ਬਖ਼ਸ਼ਿਸ਼ ਸਿਰੋਪਾਓ ਦਿੱਤੇ। ਐਡਵੋਕੇਟ ਧਾਮੀ ਸਮੇਤ ਅਹੁਦੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਵੀ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਨ ਲਈ ਗਏ। ਇਸ ਮਗਰੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਦਫ਼ਤਰ ਵਿਖੇ ਆਪਣਾ ਕਾਰਜਭਾਰ ਸੰਭਾਲਿਆ ਅਤੇ ਸਾਰੀਆਂ ਪੰਥਕ ਧਿਰਾਂ ਨੂੰ ਨਾਲ ਲੈ ਕੇ ਚੱਲਣ ਦੀ ਵਚਨਬੱਧਤਾ ਪ੍ਰਗਟਾਈ।

### ਜਨਰਲ ਅਜਲਾਸ 'ਚ ਸਿੱਖ...

ਗੁਰਦੁਆਰਾ ਚੋਣਾਂ ਨੂੰ ਕਿਹਾ ਗਿਆ ਕਿ ਵੋਟਾਂ ਬਣਾਉਣ ਦਾ ਸਮਾਂ ਵਧਾਉਣ ਦੇ ਨਾਲ-ਨਾਲ ਸਮੂਹਕ ਤੌਰ 'ਤੇ ਫਾਰਮ ਪਿੰਡਾਂ 'ਚ ਜਾ ਕੇ ਲਏ ਜਾਣ ਅਤੇ ਵੋਟਰਾਂ ਨੂੰ ਪ੍ਰੇਸ਼ਾਨੀ ਤੋਂ ਬਚਾਉਣ ਲਈ ਬੂਥ ਪੱਧਰ 'ਤੇ ਵੋਟਾਂ ਬਣਾਉਣ ਲਈ ਵਿਸ਼ੇਸ਼ ਕੈਂਪ ਲਗਾਉਣ ਦਾ ਪ੍ਰਬੰਧ ਕੀਤਾ ਜਾਵੇ। ਪੰਜਾਬੀ ਭਾਸ਼ਾ ਨਾਲ ਹੋ ਰਹੇ ਵਿਤਕਰੇ ਨੂੰ ਲੈ ਕੇ ਪਾਸ ਕੀਤੇ ਮਤੇ 'ਚ ਕਿਹਾ ਗਿਆ ਕਿ ਪੰਜਾਬ ਨੂੰ ਤੋੜ ਕੇ ਬਣਾਏ ਹਰਿਆਣਾ ਤੇ ਹਿਮਾਚਲ ਪ੍ਰਦੇਸ਼ 'ਚ ਪੰਜਾਬੀ ਮੂਲ ਦੇ ਲੋਕਾਂ ਨੂੰ ਆਪਣੇ ਕੰਮਕਾਜ ਲਈ ਸਰਕਾਰੀ ਦਫ਼ਤਰਾਂ ਅੰਦਰ ਹਿੰਦੀ ਤੇ ਅੰਗਰੇਜ਼ੀ ਵਿੱਚ ਦਰਖ਼ਾਸਤਾਂ ਲਈ ਮਜਬੂਰ ਕੀਤਾ ਜਾਂਦਾ ਹੈ, ਜੋ ਤੁਰੰਤ ਬੰਦ ਹੋਣਾ ਚਾਹੀਦਾ ਹੈ। ਇਸ ਦੇ ਨਾਲ ਹੀ ਚੰਡੀਗੜ੍ਹ ਅਤੇ ਪੰਜਾਬ ਅੰਦਰ ਪੰਜਾਬੀ ਨਾਲ ਵਿਤਕਰੇ/ ਵਖਰੇਵੇਂ ਨੂੰ ਦੂਰ ਕਰਨ ਲਈ ਸਰਕਾਰ ਨੂੰ ਸੰਜੀਦਾ ਪਹੁੰਚ ਅਪਣਾਉਣ ਲਈ ਆਖਿਆ ਗਿਆ। ਭਾਰਤ ਅਤੇ ਕੈਨੇਡਾ ਦੇ ਰਿਸ਼ਤਿਆਂ 'ਚ ਆਈ ਕੁੜੱਤਣ ਦੂਰ ਕਰਨ ਲਈ ਵੀ ਦੋਵਾਂ ਦੇਸ਼ਾਂ ਨੂੰ ਸਿਰ ਜੋੜਨ ਦੀ ਅਪੀਲ ਕੀਤੀ ਗਈ। ਪਾਸ ਕੀਤੇ ਗਏ ਮਤੇ 'ਚ ਕਿਹਾ ਗਿਆ ਕਿ ਦੋਹਾਂ ਦੇਸ਼ਾਂ ਦਰਮਿਆਨ ਬਣੇ ਹਾਲਾਤ ਕਾਰਨ ਸਿੱਖਾਂ ਅਤੇ ਪੰਜਾਬੀਆਂ ਨੂੰ ਬਿਨਾਂ ਵਜ੍ਹਾ ਹੀ ਨਫ਼ਰਤੀ ਪ੍ਰਚਾਰ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਹ ਬੇਹੱਦ ਮੰਦਭਾਗਾ ਹੈ, ਜਿਸ ਪ੍ਰਤੀ ਸਰਕਾਰਾਂ ਨੂੰ ਗੰਭੀਰ ਵਿਚਾਰ ਦੇ ਰੂਬਰੂ ਹੋਣਾ ਚਾਹੀਦਾ ਹੈ। ਇਕ ਮਤੇ ਰਾਹੀਂ ਪੰਜਾਬ ਦੇ ਪਾਣੀਆਂ ਦੀ ਰਖਵਾਲੀ ਕਰਨ ਅਤੇ ਐੱਸ ਵਾਈ ਐੱਲ ਨਹਿਰ ਦੇ ਵਿਰੋਧ ਵਿਚ ਵਚਨਬੱਧਤਾ ਪ੍ਰਗਟਾਈ ਗਈ। ਕਿਹਾ ਗਿਆ ਕਿ ਸ਼੍ਰੋਮਣੀ ਕਮੇਟੀ ਪੰਜਾਬ ਦੇ ਪਾਣੀਆਂ ਲਈ ਹਰ ਸੰਘਰਸ਼ 'ਚ ਮੋਹਰੀ ਜ਼ੁੰਮੇਵਾਰੀ ਨਿਭਾਵੇਗੀ। ਸ਼੍ਰੋਮਣੀ ਕਮੇਟੀ ਦੇ ਵਿਦਿਅਕ ਅਦਾਰਿਆਂ 'ਚ ਪੜ੍ਹਦੇ ਐੱਸ ਸੀ/ਐੱਸ ਟੀ/ਓ ਬੀ ਸੀ ਵਿਦਿਆਰਥੀਆਂ ਦੀ ਪੰਜਾਬ ਸਰਕਾਰ ਵੱਲ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਦੀ ਕਰੋੜਾਂ ਰੁਪਏ ਦੀ ਬਕਾਇਆ ਰਾਸ਼ੀ ਜਾਰੀ ਕਰਨ ਦੀ ਵੀ ਇਕ ਮਤੇ ਰਾਹੀਂ ਮੰਗ ਕੀਤੀ ਗਈ। ਇਸੇ ਤਰ੍ਹਾਂ ਇਕ ਮਤੇ ਵਿਚ ਪਾਕਿਸਤਾਨ ਅੰਦਰ ਸਿੱਖ ਵਿਰਾਸਤਾਂ ਅਤੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਸਾਂਭ-ਸੰਭਾਲ ਵਾਸਤੇ ਪਾਕਿਸਤਾਨ ਸਰਕਾਰ ਨੂੰ ਅਪੀਲ ਕੀਤੀ ਗਈ। ਕਿਹਾ ਗਿਆ ਕਿ ਬਹੁਤ ਸਾਰੇ ਅਸਥਾਨ ਅਣਗੌਲੇ ਪਏ ਹਨ, ਜਿਨ੍ਹਾਂ ਵੱਲ ਸਰਕਾਰ ਅਤੇ ਓਕਾਫ ਬੋਰਡ ਉਚੇਚਾ ਧਿਆਨ ਦੇਵੇ। ਪਾਸ ਕੀਤੇ ਗਏ ਇਕ ਮਤੇ ਰਾਹੀਂ ਸੋਸ਼ਲ ਮੀਡੀਆ 'ਤੇ ਸਿੱਖ ਕੌਮ ਵਿਰੁੱਧ ਸਿਰਜੇ ਜਾ ਰਹੇ ਬਿਰਤਾਂਤ ਨੂੰ ਰੋਕਣ ਲਈ ਸਰਕਾਰ ਪਾਸੋਂ ਮੰਗ ਕੀਤੀ ਗਈ। ਇਸ ਵਿੱਚ ਕਿਹਾ ਗਿਆ ਕਿ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਸਿੱਖ ਸਿਧਾਂਤਾਂ, ਗੁਰਬਾਣੀ, ਸਿੱਖ ਇਤਿਹਾਸ ਵਿਰੁੱਧ ਇਤਰਾਜ਼ਯੋਗ ਟਿੱਪਣੀਆਂ ਦੇ ਨਾਲ-ਨਾਲ ਗੁਰੂ ਸਾਹਿਬਾਨ, ਸਿੱਖ ਸ਼ਹੀਦਾਂ ਤੇ ਸਿੱਖ ਪਛਾਣ ਬਾਰੇ ਵੀ ਅਪਮਾਨਜਨਕ ਪ੍ਰਾਪੇਗੰਡਾ ਕੀਤਾ ਜਾ ਰਿਹਾ ਹੈ। ਸਿੱਖਾਂ ਦੀ ਮੂਲ ਅਤੇ ਵੱਖਰੀ ਪਛਾਣ 'ਤੇ ਵੀ ਹਮਲੇ ਹੋ ਰਹੇ ਹਨ। ਇਸ ਸੰਬੰਧੀ ਸਰਕਾਰਾਂ ਨੂੰ ਕਈ ਵਾਰ ਲਿਖਣ 'ਤੇ ਕਾਰਵਾਈ ਨਹੀਂ ਕੀਤੀ ਜਾ ਰਹੀ। ਅਜਲਾਸ ਨੇ ਮੰਗ ਕੀਤੀ ਕਿ ਇਸ ਨੀਤੀਗਤ ਭੰਡੀ ਪ੍ਰਚਾਰ ਨੂੰ ਰੋਕਣ ਲਈ ਭਾਰਤ ਸਰਕਾਰ ਠੋਸ ਕਦਮ ਉਠਾਏ ਅਤੇ ਇਸ ਦੇ ਨਾਲ ਹੀ ਵਿਦੇਸ਼ਾਂ 'ਚ ਸਿੱਖਾਂ 'ਤੇ ਨਫ਼ਰਤੀ ਹਮਲੇ ਰੋਕਣ ਲਈ ਵੀ ਕੂਟਨੀਤਕ ਪੱਧਰ 'ਤੇ ਜ਼ਰੂਰੀ ਕਦਮ ਚੁੱਕੇ ਜਾਣ। ਇਕ ਮਤੇ ਰਾਹੀਂ ਸਿੱਖਾਂ ਦੀ ਪ੍ਰਸ਼ਾਸਨਿਕ ਸੇਵਾਵਾਂ ਅੰਦਰ ਭਰਵੀਂ ਭਾਗੀਦਾਰੀ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ। ਆਖਿਆ ਗਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਗੁਰਸਿੱਖ ਨੌਜੁਆਨਾਂ ਨੂੰ ਯੂ ਪੀ ਐੱਸ ਸੀ, ਪੀ ਪੀ ਐੱਸ ਸੀ ਅਤੇ ਪੀ ਸੀ ਐੱਸ ਆਦਿ ਦੀ ਤਿਆਰੀ ਲਈ ਸਿਖਲਾਈ ਕੇਂਦਰ ਖੋਲ੍ਹਿਆ ਗਿਆ ਹੈ, ਜਿਥੇ ਮੁਫ਼ਤ ਸਿੱਖਿਆ ਅਤੇ ਹੋਰ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਇਸ ਦੇ ਵਿਸਥਾਰ ਲਈ ਦੇਸ਼-ਵਿਦੇਸ਼ ਦੀ ਸੰਗਤ ਦੀ ਸ਼ਮੂਲੀਅਤ ਅਤੇ ਸਹਿਯੋਗ ਦੀ ਲੋੜ ਮਹਿਸੂਸ ਕਰਦਿਆਂ ਇਕ ਵਿਸ਼ੇਸ਼ ਫੰਡ ਸਥਾਪਤ ਕਰਨ ਦਾ ਐਲਾਨ ਕੀਤਾ ਗਿਆ, ਤਾਂ ਜੋ ਹਰ ਸਾਲ ਸੈਂਕੜੇ ਗੁਰਸਿੱਖ ਮੁਕਾਬਲਾ ਪ੍ਰੀਖਿਆਵਾਂ ਦੀ ਤਿਆਰੀ ਮੁਫ਼ਤ ਵਿਚ ਕਰ ਸਕਣ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਰਸਤਿਆਂ ਅਤੇ ਚੌਗਿਰਦੇ ਦੀ ਹਾਲਤ ਸੁਧਾਰਨ ਵੱਲ ਸਰਕਾਰ ਨੂੰ ਉਚੇਚਾ ਧਿਆਨ ਦੇਣ ਸੰਬੰਧੀ ਵੀ ਇਕ ਮਤਾ ਪਾਸ ਕੀਤਾ ਗਿਆ। ਇਸੇ ਤਰ੍ਹਾਂ ਇਕ ਮਤੇ ਵਿਚ ਅਮਰੀਕਾ ਦੇ ਕਾਂਗਰਸ ਸੰਸਦ ਹਾਊਸ ਦੀ ਕਾਰਵਾਈ ਪਹਿਲੀ ਵਾਰ ਸਿੱਖ ਅਰਦਾਸ ਨਾਲ ਆਰੰਭ ਕਰਨ 'ਤੇ ਪ੍ਰਸੰਸਾ ਦਾ ਪ੍ਰਗਟਾਵਾ ਕੀਤਾ ਗਿਆ।

### 7 ਮੋਟਰਸਾਈਕਲਾਂ ਤੇ...

ਦੱਸਿਆ। ਪੁਲਸ ਪਾਰਟੀ ਵੱਲੋਂ ਮੋਟਰਸਾਈਕਲ ਦੇ ਕਾਗਜ਼ਾਤ ਬਾਰੇ ਪੁਛਣ 'ਤੇ ਉਨ੍ਹਾਂ ਵੱਲੋਂ ਕੋਈ ਤਸੱਲੀਬਖਸ਼ ਜਵਾਬ ਨਾ ਦਿੱਤਾ ਗਿਆ। ਪੜਤਾਲ ਕਰਨ 'ਤੇ ਪਤਾ ਲੱਗਾ ਕਿ ਇਹ ਮੋਟਰਸਾਈਕਲ ਇਨ੍ਹਾਂ ਵੱਲੋਂ ਮੁਕਤਸਰ ਸਾਹਿਬ ਤੋਂ ਚੋਰੀ ਕੀਤਾ ਗਿਆ ਸੀ। ਤਫਤੀਸ਼ ਦੌਰਾਨ ਇਨ੍ਹਾਂ ਕੋਲੋਂ ਚੋਰੀ ਕੀਤੇ ਹੋਏ 6 ਹੋਰ ਮੋਟਰਸਾਈਕਲ ਅਤੇ ਸਕੂਟਰੀ ਬਰਾਮਦ ਹੋਈ। ਮੁਲਜ਼ਮਾਂ ਨੂੰ ਅਦਾਲਤ ਵਿਚ ਪੇਸ਼ ਕਰਕੇ ਇੱਕ ਦਿਨ ਦਾ ਪੁਲਸ ਰਿਮਾਂਡ ਹਾਸਲ ਕਰ ਲਿਆ ਗਿਆ ਹੈ।

### ਕਿਰਤੀ ਲੋਕਾਂ ਨੂੰ ਸਨਮਾਨ...

ਫਰਜ਼ ਵਪਾਰ ਮੰਡਲ ਆਪ ਜਲੰਧਰ ਦੇ ਸਕੱਤਰ ਜਸਪਾਲ ਸਿੰਘ ਮਿਗਲਾਨੀ ਨੇ ਨਿਭਾਏ। ਇਸ ਮੌਕੇ ਮਾਰਕਿਟ ਕਮੇਟੀ ਮਹਿਤਪੁਰ ਦੇ ਚੇਅਰਮੈਨ ਬਲਕਾਰ ਸਿੰਘ ਚੱਠਾ, ਮਾਰਕਿਟ ਕਮੇਟੀ ਲੋਹੀਆਂ ਦੇ ਚੇਅਰਮੈਨ ਸਰਬਜੀਤ ਸਿੰਘ ਸਾਹਬ, ਸੀਨੀਅਰ ਆਗੂ ਬੂਟਾ ਸਿੰਘ ਕਲਸੀ, ਨਗਰ ਪੰਚਾਇਤ ਸ਼ਾਹਕੋਟ ਦੇ ਸਾਬਕਾ ਪ੍ਰਧਾਨ ਸਤੀਸ਼ ਰਿਹਾਨ, ਯਸ਼ਪਾਲ ਗੁਪਤਾ, ਕਪਿਲ ਕੁਮਾਰ ਗੁਪਤਾ (ਦੋਵੇਂ ਸਾਬਕਾ ਵਾਈਸ ਚੇਅਰਮੈਨ ਮਾਰਕਿਟ ਕਮੇਟੀ ਸ਼ਾਹਕੋਟ), ਤਜਿੰਦਰ ਕੁਮਾਰ ਸਕੱਤਰ ਮਾਰਕੀਟ ਕਮੇਟੀ ਸ਼ਾਹਕੋਟ, ਸ਼ੇਭਰਾਜ ਸਿੰਘ ਲੇਖਾਕਾਰ, ਸ਼ਾਮ ਲਾਲ ਦੌਧਰ, ਅਮਨਦੀਪ ਸਿੰਘ ਟੁਰਨਾ (ਦੋਵੇਂ ਮੰਡੀ ਸੁਪਰਵਾਈਜ਼ਰ), ਸਾਬਕਾ ਐੱਮ ਸੀ ਜਤਿੰਦਰ ਪਾਲ ਸਿੰਘ ਬੱਲ੍ਹਾ, ਆਪ ਬੀ ਸੀ ਵਿੰਗ ਦੇ ਪ੍ਰਧਾਨ ਹਰਜਿੰਦਰ ਸਿੰਘ ਸੀਚੇਵਾਲ, ਸੀਨੀਅਰ ਆਗੂ ਜਸਵੀਰ ਸਿੰਘ ਜਲਾਲਪੁਰੀ, ਰੂਪ ਲਾਲ ਸ਼ਰਮਾ, ਸ਼ਹਿਰੀ ਪ੍ਰਧਾਨ ਮਨੋਜ਼ ਅਰੋੜਾ, ਡਾ. ਵਿਲੀਅਮ ਜੌਨ, ਬਲਜਿੰਦਰ ਸਿੰਘ ਖਿੰਡਾ, ਕੁਲਦੀਪ ਸਿੰਘ ਦੀਦ, ਵੀਰ ਕੁਲਵੰਤ ਸਿੰਘ ਢੰਡੋਵਾਲ ਪ੍ਰਧਾਨ ਡਾ. ਬੀ ਆਰ ਅੰਬੇਡਕਰ ਆਰਮੀ ਪੰਜਾਬ, ਨਵਨੀਤ ਸਿੰਘ ਸਹੋਤਾ, ਨਿਰਮਲ ਸਿੰਘ ਮੱਲ ਅਤੇ ਰਣਜੀਤ ਸਿੰਘ ਰਾਣਾ (ਦੋਵੇਂ ਪੀ ਏ ਕਾਕੜ ਕਲਾਂ) ਆਦਿ ਹਾਜ਼ਰ ਸਨ। ਇਸੇ ਦੌਰਾਨ ਆਪ ਦੀ ਲੀਡਰਸ਼ਿਪ ਨੇ ਨਵਨਿਯੁਕਤ ਚੇਅਰਮੈਨ ਬਲਬੀਰ ਸਿੰਘ ਢੰਡੋਵਾਲ ਨੂੰ ਮੂੰਹ ਮਿੱਠਾ ਕਰਾ ਕੇ ਚੇਅਰਮੈਨ ਵਜੋਂ ਚਾਰਜ ਸੌਂਪਿਆ।

## ਓ ਟੀ ਐੱਸ ਲਾਗੂ ਕਰ ਕੇ ਵਪਾਰੀ ਵਰਗ ਨੂੰ ਦਿੱਤੀ ਵੱਡੀ ਰਾਹਤ : ਚੇਅਰਮੈਨ ਠਾਕੁਰ



**ਸੰਗਤ ਮੰਡੀ (ਰਾਜਦੀਪ ਜੋਸ਼ੀ)**-ਦੀਵਾਲੀ ਦੇ ਪਵਿੱਤਰ ਤਿਉਹਾਰ ਮੌਕੇ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਵਪਾਰੀ ਵਰਗ ਨੂੰ ਵੱਡੀ ਰਾਹਤ ਦਿੰਦਿਆਂ ਯਕਮੁਸ਼ਤ ਨਿਪਟਾਰਾ ਸਕੀਮ (ਓ.ਟੀ.ਐਸ.) ਸਕੀਮ ਲਾਗੂ ਕਰਨ ਦਾ ਫੈਸਲਾ ਕੀਤਾ ਹੈ ਜਿਸ ਨਾਲ ਪੰਜਾਬ ਦੇ ਹਜ਼ਾਰਾਂ ਕਾਰੋਬਾਰੀਆਂ ਅਤੇ ਵਪਾਰੀ ਭਰਾਵਾਂ ਨੂੰ ਜਿਥੇ ਫਾਇਦਾ ਹੋਵੇਗਾ ਉੱਥੇ ਹੀ ਸੂਬੇ 'ਚ ਕਾਰੋਬਾਰ ਤੇ ਵਪਾਰ ਨੂੰ ਹੁਲਾਰਾ ਮਿਲੇਗਾ। ਇਸ ਤੋਂ ਇਲਾਵਾ ਕਾਨੂੰਨੀ ਮਾਮਲਿਆਂ ਦਾ ਬੋਝ ਵੀ ਘੱਟ ਹੋਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਪੰਜਾਬ ਟ੍ਰੇਡਜ਼ ਕਮਿਸ਼ਨ ਦੇ ਚੇਅਰਮੈਨ ਅਨਿਲ ਠਾਕੁਰ ਨੇ ਇਸ ਸਕੀਮ ਨੂੰ ਲਾਗੂ ਕਰਨ ਲਈ ਮੁੱਖ ਮੰਤਰੀ ਭਗਵੰਤ ਮਾਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦਾ ਸਮੁੱਚੇ ਵਪਾਰੀ ਵਰਗ ਵੱਲੋਂ ਧੰਨਵਾਦ ਕੀਤਾ। ਚੇਅਰਮੈਨ ਠਾਕੁਰ ਨੇ ਕਿਹਾ ਕਿ ਪੰਜਾਬ ਦੇ ਵਪਾਰੀ ਲੰਬੇ ਸਮੇਂ ਤੋਂ ਆਪਣੇ ਟੈਕਸ ਸਬੰਧੀ ਉਲਝੇ ਮਸਲਿਆਂ ਦੇ ਹੱਲ ਲਈ ਵਨ ਟਾਈਮ ਸੈਟਲਮੈਂਟ ਸਕੀਮ ਦੀ ਮੰਗ ਕਰਦੇ ਆ ਰਹੇ ਸਨ ਪਰ ਪਿਛਲੀਆਂ ਸਰਕਾਰਾਂ ਨੇ ਵਪਾਰੀ ਵਰਗ ਨੂੰ ਇਸ ਸਬੰਧੀ ਕੋਈ ਰਾਹਤ ਨਹੀਂ ਦਿੱਤੀ ਪਰ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵਪਾਰੀ ਵਰਗ ਨਾਲ ਮੀਟਿੰਗਾਂ ਕਰਕੇ ਉਨ੍ਹਾਂ ਦੀ ਰਾਏ ਮੁਤਾਬਕ ਹੀ ਇਹ ਸਕੀਮ ਬਣਾਈ ਹੈ ਜੋ ਆਪਣੇ ਆਪ ਵਿੱਚ ਇੱਕ ਉਦਾਹਰਨ ਹੈ। ਉਨ੍ਹਾਂ ਇਸ ਸਕੀਮ ਬਾਰੇ ਹੋਰ ਦੱਸਿਆ ਕਿ ਯਕਮੁਸ਼ਤ ਨਿਪਟਾਰਾ ਸਕੀਮ ਤਹਿਤ ਜੀ.ਐਸ.ਟੀ. ਤੋਂ ਪਹਿਲਾਂ ਦੇ ਬਕਾਏ ਦਾ ਨਿਪਟਾਰਾ ਕਰਨ ਲਈ 'ਰਿਕਵਰੀ ਆਫ ਆਊਟਸਟੈਂਡਿੰਗ ਡਿਊਜ਼ ਸਕੀਮ-2023' ਨੂੰ ਲਾਗੂ ਕੀਤਾ ਗਿਆ ਹੈ ਜਿਸ ਨਾਲ ਵਪਾਰੀਆਂ ਦਾ 1 ਲੱਖ ਰੁਪਏ ਦਾ ਵੈਲਿਊ ਐਡਿਡ ਟੈਕਸ (ਵੈਟ) ਮਾਫ ਕਰ ਦਿੱਤਾ ਹੈ। ਜਦਕਿ 1 ਲੱਖ ਤੋਂ 1 ਕਰੋੜ ਰੁਪਏ ਤੱਕ ਦੇ ਬਕਾਇਆ ਵਾਲੇ ਕੇਸ ਵਿਚ 50 ਪ੍ਰਤੀਸ਼ਤ ਤੱਕ ਦੀ ਮੁਆਫੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਓ.ਟੀ.ਐਸ. ਸਕੀਮ 15 ਨਵੰਬਰ, 2023 ਤੋਂ ਲਾਗੂ ਹੋਵੇਗੀ ਅਤੇ 15 ਮਾਰਚ, 2024 ਤੱਕ ਲਾਗੂ ਰਹੇਗੀ ਅਤੇ ਉਹ ਟੈਕਸਦਾਤਾ ਜਿਨ੍ਹਾਂ ਦਾ ਟੈਕਸ, ਜੁਰਮਾਨਾ 31 ਮਾਰਚ, 2023 ਤੱਕ ਵਿਆਜ ਇਕ ਕਰੋੜ ਰੁਪਏ ਤੱਕ ਦਾ ਹੈ, ਉਹ ਇਸ ਸਕੀਮ ਅਧੀਨ ਅਰਜ਼ੀ ਦੇਣ ਦੇ ਸਕਦੇ ਹਨ। ਉਨ੍ਹਾਂ ਕਿਹਾ ਓ.ਟੀ.ਐਸ. ਸਕੀਮ ਤਹਿਤ ਇਕ ਲੱਖ ਰੁਪਏ ਤੱਕ ਦੇ ਬਕਾਏ ਦੇ ਕੇਸਾਂ ਵਿਚ ਪੂਰੀ ਮੁਆਫੀ ਦਿੱਤੀ ਜਾਵੇਗੀ ਅਤੇ 39787 ਵਪਾਰੀਆਂ ਨੂੰ ਰਾਹਤ ਮਿਲੇਗੀ ਅਤੇ ਇਸੇ ਤਰ੍ਹਾਂ ਲਗਪਗ 19361 ਕੇਸਾਂ ਵਿੱਚ 100 ਫੀਸਦੀ ਵਿਆਜ, 100 ਫੀਸਦੀ ਜੁਰਮਾਨਾ ਅਤੇ 50 ਫੀਸਦੀ ਟੈਕਸ ਦੀ ਰਕਮ ਦੀ ਛੋਟ ਮਿਲੇਗੀ ਇਸ ਤਰ੍ਹਾਂ ਸੱਠ ਹਜ਼ਾਰ ਤੋਂ ਵੱਧ ਕਾਰੋਬਾਰੀਆਂ ਅਤੇ ਵਪਾਰੀਆਂ ਨੂੰ ਫਾਇਦਾ ਮਿਲੇਗਾ।

## ਕਾਰਜ ਸਾਧਕ ਅਫਸਰ ਬਲਜਿੰਦਰ ਨੂੰ ਚੰਗੀਆਂ ਸੇਵਾਵਾਂ ਬਦਲੇ ਸਕੂਲ ਨੇ ਕੀਤਾ ਸਨਮਾਨਤ



**ਅਮਲੋਹ (ਲਖਵੀਰ ਸਿੰਘ, ਹਰਚਰਨ ਉਪਲ)**-ਨਗਰ ਕੌਂਸਲ ਅਮਲੋਹ ਦੇ ਕਾਰਜ ਸਾਧਕ ਅਫਸਰ ਬਲਜਿੰਦਰ ਸਿੰਘ ਨੂੰ ਗੋਬਿੰਦਗੜ੍ਹ ਪਬਲਿਕ ਸਕੂਲ ਵੱਲੋਂ ਸਨਮਾਨਤ ਕੀਤਾ ਗਿਆ ਅਤੇ ਇਮਾਨਦਾਰੀ ਨਾਲ ਨਿਭਾਈ ਜਾਂਦੀ ਡਿਊਟੀ ਦੀ ਸ਼ਲਾਘਾ ਕੀਤੀ। ਇਸ ਮੌਕੇ ਬਲਜਿੰਦਰ ਸਿੰਘ ਨੇ ਕਿਹਾ ਕਿ ਅੱਜ ਮਿਲਿਆ ਮਾਣ ਸਨਮਾਨ ਹਮੇਸ਼ਾ ਯਾਦ ਰੱਖਿਆ ਜਾਵੇਗਾ ਅਤੇ ਅਮਲੋਹ ਸ਼ਹਿਰ ਦੇ ਵਿਕਾਸ ਲਈ ਹਰ ਯਤਨ ਕਰਦੇ ਰਹਾਂਗੇ। ਉਨ੍ਹਾ ਸ਼ਹਿਰ ਦੇ ਲੋਕਾਂ ਨੂੰ ਅਪੀਲ ਕੀਤੀ ਉਹ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਲਈ ਨਗਰ ਕੌਂਸਲ ਅਮਲੋਹ ਨੂੰ ਹਰ ਸਹਿਯੋਗ ਕਰਨ ਅਤੇ ਜਿਹੜੀ ਵੀ ਅਪੀਲ ਕੀਤੀ ਜਾਂਦੀ ਹੈ ਉਸ ਉਪਰ ਅਮਲ ਜ਼ਰੂਰ ਕਰਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**
ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

9-Nov-PAGE-4.qxd 11/8/2023 9:36 PM Page 1

ਨਵਾਂ ਜ਼ਮਾਨਾ
ਵੀਰਵਾਰ, 9 ਨਵੰਬਰ 2023

# ਪੱਤਰਕਾਰਾਂ ਦੇ ਉਪਕਰਨ ਜ਼ਬਤੀ ਦਾ ਮਾਮਲਾ ਗੰਭੀਰ

*ਸੁਪਰੀਮ ਕੋਰਟ ਨੇ ਮੀਡੀਆ ਕਰਮੀਆਂ ਵੱਲੋਂ ਵਰਤੇ ਜਾਂਦੇ ਮੋਬਾਈਲ ਜਾਂ ਹੋਰ ਡਿਜੀਟਲ ਉਪਕਰਨਾਂ ਨੂੰ ਜ਼ਬਤ ਕਰਨ ਲਈ 1 ਮਹੀਨੇ ਵਿੱਚ ਦਿਸ਼ਾ-ਨਿਰਦੇਸ਼ ਤੈਅ ਕਰਨ ਲਈ ਕਿਹਾ ਹੈ। ਸੁਪਰੀਮ ਕੋਰਟ ਨੇ ਕਿਹਾ ਹੈ ਕਿ ਵਿਅਕਤੀਆਂ, ਵਿਸ਼ੇਸ਼ ਕਰਕੇ ਪੱਤਰਕਾਰਾਂ ਤੇ ਹੋਰ ਮੀਡੀਆ ਕਰਮੀਆਂ ਦੇ ਉਪਕਰਨਾਂ ਵਿੱਚ ਖ਼ਬਰਾਂ ਬਾਰੇ ਉਨ੍ਹਾਂ ਦੇ ਸਰੋਤਾਂ ਦੀ ਗੁਪਤ ਜਾਣਕਾਰੀ ਹੋ ਸਕਦੀ ਹੈ।*

*ਸੁਪਰੀਮ ਕੋਰਟ ਦੇ ਜਸਟਿਸ ਸੁਧਾਂਸ਼ੂ ਧੂਨੀਆ 'ਤੇ ਅਧਾਰਤ ਦੋ ਮੈਂਬਰੀ ਬੈਂਚ ਨੇ ਇਹ ਟਿੱਪਣੀ ਫਾਊਂਡੇਸ਼ਨ ਫਾਰ ਮੀਡੀਆ ਪ੍ਰੋਫ਼ੈਸ਼ਨਲਜ਼ ਦੀ ਇੱਕ ਰਿੱਟ ਪਟੀਸ਼ਨ ਦੀ ਸੁਣਵਾਈ ਦੌਰਾਨ ਕਹੀ, ਜਿਸ ਵਿੱਚ ਮੰਗ ਕੀਤੀ ਗਈ ਸੀ ਕਿ ਪੱਤਰਕਾਰਾਂ ਦੇ ਉਪਕਰਨਾਂ ਨੂੰ ਜ਼ਬਤ ਕਰਨ ਲਈ ਅਪਰਾਧਕ ਏਜੰਸੀਆਂ ਲਈ ਦਿਸ਼ਾ-ਨਿਰਦੇਸ਼ ਤੈਅ ਕੀਤੇ ਜਾਣ।*

*ਅਦਾਲਤ ਨੇ ਕਿਹਾ ਕਿ ਇਹ ਇੱਕ ਗੰਭੀਰ ਮਾਮਲਾ ਹੈ। ਮੀਡੀਆ ਪੇਸ਼ੇਵਰਾਂ ਲਈ ਬੇਹਤਰ ਦਿਸ਼ਾ-ਨਿਰਦੇਸ਼ ਹੋਣੇ ਚਾਹੀਦੇ ਹਨ। ਉਨ੍ਹਾਂ ਦੇ ਆਪਣੇ ਗੁਪਤ ਸਰੋਤ ਹੁੰਦੇ ਹਨ। ਅਸੀਂ ਨਿੱਜਤਾ ਦੇ ਅਧਿਕਾਰ ਨੂੰ ਮੌਲਿਕ ਅਧਿਕਾਰ ਮੰਨਿਆ ਹੈ, ਇਸ ਵਿੱਚ ਸੰਤੁਲਨ ਹੋਣਾ ਚਾਹੀਦਾ ਹੈ।*

*ਜਸਟਿਸ ਸੰਜੇ ਕੌਲ ਨੇ ਕਿਹਾ ਕਿ ਕੇਂਦਰ ਨੂੰ ਦਿਸ਼ਾ ਨਿਰਦੇਸ਼ ਤਿਆਰ ਕਰਨੇ ਚਾਹੀਦੇ ਹਨ। ਜੇਕਰ ਸਰਕਾਰ ਚਾਹੇ ਤਾਂ ਇਹ ਅਸੀਂ ਕਰ ਦੇਵਾਂਗੇ, ਪਰ ਸਾਡੀ ਸਮਝ ਹੈ ਕਿ ਇਹ ਸਰਕਾਰ ਨੂੰ ਕਰਨਾ ਚਾਹੀਦਾ ਹੈ। ਅਜਿਹਾ ਰਾਜ ਨਹੀਂ ਹੋ ਸਕਦਾ, ਜੋ ਆਪਣੀਆਂ ਏਜੰਸੀਆਂ ਰਾਹੀਂ ਹੀ ਚੱਲੇ।*

*ਕੇਂਦਰ ਵੱਲੋਂ ਪੇਸ਼ ਵਧੀਕ ਸਾਲੀਸਿਟਰ ਜਨਰਲ ਐੱਸ ਵੀ ਰਾਜੂ ਨੇ ਕਿਹਾ ਕਿ ਮੀਡੀਆ ਦੇ ਅਧਿਕਾਰ ਹਨ, ਪਰ ਉਹ ਕਾਨੂੰਨ ਤੋਂ ਉੱਪਰ ਨਹੀਂ ਹਨ। ਇਸ 'ਤੇ ਬੈਂਚ ਨੇ ਕਿਹਾ ਕਿ ਕਿਸੇ ਦਿਸ਼ਾ-ਨਿਰਦੇਸ਼ ਦੀ ਅਣਹੋਂਦ ਵਿੱਚ ਅਜਿਹੇ ਮੁੱਦਿਆਂ 'ਤੇ ਸਰਕਾਰ ਨੂੰ ਵਿਆਪਕ ਅਧਿਕਾਰ ਦੇਣਾ ਖ਼ਤਰਨਾਕ ਹੋਵੇਗਾ। ਇਸ ਮਾਮਲੇ ਦੀ ਅਗਲੀ ਸੁਣਵਾਈ 6 ਦਸੰਬਰ ਨੂੰ ਹੋਵੇਗੀ।*

*ਇਸ ਤੋਂ ਪਹਿਲਾਂ 16 ਮੀਡੀਆ ਸੰਗਠਨਾਂ ਨੇ ਚੀਫ਼ ਜਸਟਿਸ ਦੇ ਨਾਂਅ ਪੱਤਰ ਲਿਖ ਕੇ ਜਾਂਚ ਏਜੰਸੀਆਂ ਦੀਆਂ ਮੀਡੀਆ ਵਿਰੁੱਧ ਦਮਨਕਾਰੀ ਕਾਰਵਾਈਆਂ ਨੂੰ ਰੋਕਣ ਲਈ ਸੁਪਰੀਮ ਕੋਰਟ ਦੇ ਦਖ਼ਲ ਦੀ ਮੰਗ ਕੀਤੀ ਸੀ।*

*ਅਜਿਹਾ ਉਸ ਸਮੇਂ ਹੋਇਆ ਸੀ, ਜਦੋਂ 'ਨਿਊਜ਼ਕਲਿੱਕ' ਨਾਲ ਜੁੜੇ ਮੀਡੀਆ ਕਰਮੀਆਂ ਦੇ ਘਰਾਂ ਤੇ ਦਫ਼ਤਰਾਂ 'ਤੇ ਛਾਪੇ ਮਾਰ ਕੇ ਉਨ੍ਹਾਂ ਦੇ ਡਿਜੀਟਲ ਉਪਕਰਨਾਂ ਨੂੰ ਜ਼ਬਤ ਕਰ ਲਿਆ ਗਿਆ ਸੀ। ਇਸ ਦੇ ਨਾਲ ਹੀ ਨਿਊਜ਼ਕਲਿੱਕ ਦੇ ਸੰਸਥਾਪਕ ਸੰਪਾਦਕ ਪ੍ਰਬੀਰ ਪੁਰਕਾਇਸਥ ਤੇ ਇੱਕ ਹੋਰ ਸਹਿਯੋਗੀ ਅਮਿਤ ਚੱਕਰਵਰਤੀ ਨੂੰ ਆਤੰਕਵਾਦ ਵਿਰੋਧੀ ਕਾਨੂੰਨ ਹੇਠ ਗ੍ਰਿਫ਼ਤਾਰ ਕਰ ਲਿਆ ਗਿਆ ਸੀ। ਉਨ੍ਹਾਂ ਦੀ ਗ੍ਰਿਫ਼ਤਾਰੀ ਵਿਰੁੱਧ ਦੇਸ਼ ਭਰ ਦੇ ਪੱਤਰਕਾਰਾਂ, ਜਨਤਕ ਜਥੇਬੰਦੀਆਂ ਤੇ ਸੰਯੁਕਤ ਕਿਸਾਨ ਮੋਰਚੇ ਨੇ ਰੋਸ ਪ੍ਰਗਟ ਕਰਦਿਆਂ ਕੇਂਦਰ ਸਰਕਾਰ ਦੇ ਪੁਤਲੇ ਫੂਕੇ ਸਨ। ਇਸ ਮਾਮਲੇ 'ਤੇ ਸੁਪਰੀਮ ਕੋਰਟ ਦੀਵਾਲੀ ਤੋਂ ਬਾਅਦ ਵਿਚਾਰ ਕਰੇਗੀ।*

## ਪਾਠਕ-ਸੱਥ

### ਚੀਜ਼ਾਂ ਦੀਆਂ ਕੀਮਤਾਂ ਬੇਲਗਾਮ ਕਿਉਂ ?

ਸਮਾਜ ਵਿੱਚ ਜੀਵਤ ਰਹਿਣ ਲਈ ਮਨੁੱਖ ਨੂੰ ਨਿੱਤ ਦਿਨ ਚੀਜ਼ਾਂ ਦੀ ਜਰੂਰਤ ਰਹਿੰਦੀ ਹੈ। ਪ੍ਰੰਤੂ ਨਿੱਤ ਦਿਨ ਚੀਜ਼ਾਂ ਦੀਆਂ ਵਧਦੀਆਂ ਕੀਮਤਾਂ ਨੇ ਗਰੀਬ ਲੋਕਾਂ ਦਾ ਜਿਊਣਾ ਹੀ ਦੁੱਭਰ ਕਰਕੇ ਰੱਖ ਦਿੱਤਾ ਹੈ। ਗਰੀਬ ਵਰਗ ਨੂੰ ਤਾਂ ਦੋ ਡੰਗ ਦੀ ਰੋਟੀ ਦੇ ਜੁਗਾੜ ਵਿੱਚ ਹੀ ਆਪਣੀ ਜ਼ਿੰਦਗੀ ਬਸਰ ਕਰਨੀ ਪੈ ਰਹੀ ਹੈ। ਨਿੱਤ ਜ਼ਰੂਰਤ ਦੀਆਂ ਚੀਜ਼ਾਂ ਦੇ ਭਾਅ ਬਹੁਤ ਹੀ ਤੇਜ਼ੀ ਨਾਲ ਅਤੇ ਬਹੁਤ ਹੀ ਜ਼ਿਆਦਾ ਵਧ ਰਹੇ ਹਨ। ਕਦੇ ਕਦੇ ਤਾਂ ਇੰਝ ਪ੍ਰਤੀਤ ਹੁੰਦਾ ਹੈ ਜਿਵੇਂ ਚੀਜ਼ਾਂ ਦੇ ਭਾਅ ਬੇਲਗਾਮ ਹੀ ਹੋ ਗਏ ਹਨ, ਅਤੇ ਸਰਕਾਰ ਨਾਂਅ ਦੀ ਕੋਈ ਚੀਜ਼ ਹੀ ਨਾ ਹੋਵੇ। ਬੇਲਗਾਮ ਹੋਈਆਂ ਕੀਮਤਾਂ ਦੀ ਪੀੜ ਘਟਾਉਣ ਲਈ ਵਪਾਰੀ ਲੋਕ ਕਰੋਨਾ ਦਾ ਬਹਾਨਾ ਬਣਾ ਕੇ ਗੱਲ ਟਾਲ ਦਿੰਦੇ ਹਨ। ਸਰਦੇ ਪੁੱਜਦੇ ਲੋਕਾਂ ਨੂੰ ਵੀ ਚਾਹੀਦਾ ਹੈ ਕਿ ਉਹ ਸੰਜਮ ਨਾਲ ਹੀ ਚੀਜਾਂ ਦੀ ਵਰਤੋਂ ਕਰਨ ਤਾਂ ਮਹਿੰਗਾਈ ਨੂੰ ਕਾਬੂ ਕਰਨ ਵਿੱਚ ਸਹਾਈ ਹੋ ਸਕੇ।

**-ਅੰਗਰੇਜ਼ ਸਿੰਘ ਵਿੱਕੀ**, 98888-70822

### ਈਅਰਫੋਨ ਦੀ ਵਰਤੋਂ

ਪਿਛਲੇ ਦਿਨੀਂ ਮੁਕਤਸਰ ਜ਼ਿਲ੍ਹੇ ਵਿੱਚ ਤਾਇਨਾਤ ਦੋ ਰੇਲਵੇ ਸਕਿਉਰਟੀ ਗਾਰਡਾਂ ਦੀ ਇੰਜਣ ਦੇ ਹੇਠਾਂ ਆਉਣ ਕਰਕੇ ਮੌਤ ਹੋ ਗਈ। ਇਸ ਹਾਦਸੇ ਦੀ ਜਾਂਚ ਕਰਨ 'ਤੇ ਪਤਾ ਲੱਗਿਆ ਕਿ ਉਨ੍ਹਾਂ ਨੇ ਕੰਨਾਂ ਵਿੱਚ ਈਅਰ ਫੋਨ ਲਗਾਇਆ ਹੋਇਆ ਸੀ ਤੇ ਉਹ ਰੇਲਵੇ ਟਰੈਕ ਉੱਤੇ ਟਹਿਲ ਰਹੇ ਸਨ। ਇਹ ਕੋਈ ਇਕੱਲੀ ਘਟਨਾ ਨਹੀਂ ਜੋ ਈਅਰਫੋਨ ਦੀ ਵਰਤੋਂ ਕਰਕੇ ਹੋਈ ਹੈ, ਹਰ ਰੋਜ਼ ਸੜਕ ਕਰਾਸ ਕਰਦੇ ਜਾਂ ਡਰਾਈਵਿੰਗ ਕਰਦੇ ਹੋਏ ਕੰਨਾਂ ਵਿੱਚ ਲੱਗੇ ਈਅਰਫੋਨ ਹਾਦਸਿਆਂ ਨੂੰ ਸੱਦਾ ਦਿੰਦੇ ਹਨ ਜਿਹਨਾਂ ਦੀਆਂ ਖਬਰਾਂ ਰੋਜ਼ ਅਖਬਾਰਾਂ ਵਿੱਚ ਪੜਨ ਨੂੰ ਮਿਲਦੀਆਂ ਹਨ। ਇੱਕ ਨਿੱਕੀ ਜਿਹੀ ਲਾਪਰਵਾਹੀ ਘਰ ਦੇ ਵਿੱਚ ਸੱਥਰ ਵਿਛਾਅ ਦਿੰਦੀ ਹੈ। ਵਧ ਰਹੀ ਈਅਰਫੋਨ ਦੀ ਵਰਤੋਂ ਨਾਲ ਜਿਥੇ ਹਾਦਸਿਆਂ ਵਿੱਚ ਵਾਧਾ ਹੋਇਆ ਹੈ ਉਥੇ ਅਜੋਕੇ ਮਨੁੱਖ ਦੀ ਸੁਣਨ ਸਕਤੀ ਨੂੰ ਵੀ ਕਮਜ਼ੋਰ ਕਰ ਦਿੱਤਾ ਹੈ। ਅਜੋਕੀ ਨੌਜਵਾਨ ਪੀੜ੍ਹੀ ਈਅਰਫੋਨ ਦੀ ਵਰਤੋਂ ਨੂੰ ਆਪਣਾ ਫੈਸਨ ਸਮਝਦੀ ਹੈ, ਬੱਸਾਂ ਗੱਡੀਆਂ ਵਿੱਚ ਜਾਂਦੇ ਸਮੇਂ ਜਾਂ ਸਵੇਰ ਦੀ ਸੈਰ ਕਰਦੇ ਸਮੇਂ ਜਿਥੇ ਮਰਜੀ ਦੇਖ ਲਉ, ਈਅਰਫੋਨ ਦੀ ਵਰਤੋਂ ਕਰਦੇ ਹੋਏ ਨੌਜਵਾਨ ਦੇਖੇ ਜਾ ਸਕਦੇ ਹਨ। ਈਅਰਫੋਨ ਦੇ ਨੁਕਸਾਨਾਂ ਨੂੰ ਦੇਖਦੇ ਹੋਏ ਕੋਸ਼ਿਸ਼ ਕਰੋ ਕਿ ਇਸ ਦੀ ਵਰਤੋਂ ਨਾ ਕੀਤੀ ਜਾਵੇ, ਜੇਕਰ ਲੋੜ ਪਵੇ ਤਾਂ ਬਹੁਤ ਥੋੜ੍ਹੀ ਵਰਤੋਂ ਕਰੋ। ਬਚਾਅ ਵਿੱਚ ਹੀ ਬਚਾਅ ਹੈ।

**-ਰਜਵਿੰਦਰ ਪਾਲ ਸ਼ਰਮਾ**, 70873-67969

### ਔਰਤਾਂ ਨਾਲ ਬਦਸਲੂਕੀ

ਪਿਛਲੇ ਦਿਨੀਂ ਉੱਤਰ ਪ੍ਰਦੇਸ਼ ਦੇ ਬਾਂਦਾ ਵਿੱਚ ਇੱਕ ਦਲਿਤ ਔਰਤ ਨਾਲ ਬਲਾਤਕਾਰ ਕਰਨ ਤੋਂ ਬਾਅਦ ਉਸ ਦੇ ਤਿੰਨ ਟੁਕੜੇ ਕਰਕੇ ਮਾਰਨ ਦੀ ਘਟਨਾ ਸਾਹਮਣੇ ਆਈ ਹੈ। ਪੀੜਤ ਔਰਤ ਮੁਲਜ਼ਮ ਦੇ ਘਰ ਕੰਮ ਕਰਦੀ ਸੀ। ਉੱਤਰ ਪ੍ਰਦੇਸ਼ ਹੀ ਨਹੀਂ ਕੋਈ ਵੀ ਸੂਬਾ ਦੇਖ ਲਈਏ ਔਰਤਾ ਨਾਲ ਹੋਣ ਵਾਲੇ ਸ਼ੋਸ਼ਣ ਵਿੱਚ ਘੱਟ ਨਹੀਂ। ਹਰ ਰੋਜ਼ ਕਿਤੇ ਨਾ ਕਿਤੇ ਔਰਤ ਨਾਲ ਹੁੰਦੀਆਂ ਬਦਸਲੂਕੀਆਂ ਅਤੇ ਧੱਕੇਸ਼ਾਹੀ ਦੀਆਂ ਖ਼ਬਰਾਂ ਸੁਣਨ ਨੂੰ ਮਿਲਦੀਆਂ ਹਨ। ਇਨ੍ਹਾਂ ਕੇਸਾਂ ਵਿੱਚ ਰਿਪੋਰਟ ਦਰਜ ਕਰਨਾ ਤਾਂ ਦੂਰ ਦੀ ਗੱਲ ਪੁਲਸ ਪੀੜਤ ਧਿਰ ਦੀ ਗੱਲ ਵੀ ਨਹੀਂ ਸੁਣਦੀ। ਜੇਕਰ ਕਿਤੇ ਸਰਕਾਰੀ ਅਤੇ ਪ੍ਰਸ਼ਾਸ਼ਨਿਕ ਦਬਾਅ ਕਰਕੇ ਕੇਸ ਰਜਿਸਟਰਡ ਵੀ ਹੋ ਜਾਂਦਾ ਹੈ ਤਾਂ ਰਾਜਨੀਤਕ ਪਹੁੰਚ ਅਤੇ ਰਿਸ਼ਵਤ ਖੋਰੀ ਕਰਕੇ ਮੁਲਜ਼ਮ ਬਾ ਇੱਜ਼ਤ ਬਰੀ ਕਰ ਦਿੱਤੇ ਜਾਂਦੇ ਹਨ। ਅਜਿਹੇ ਕੇਸ ਅਦਾਲਤ ਵਿੱਚ ਸਾਲਾਂ ਬੱਧੀ ਚੱਲਦੇ ਰਹਿੰਦੇ ਹਨ। ਕਈ ਵਾਰ ਤਾਂ ਪੀੜਤ ਵਿਅਕਤੀ ਹੀ ਇਨਸਾਫ਼ ਦੀ ਉਡੀਕ ਕਰਦਾ ਹੋਇਆ ਦੁਨੀਆਂ ਤੋਂ ਰੁਖਸਤ ਹੋ ਜਾਂਦਾ ਹੈ। ਔਰਤਾਂ ਦੀ ਸੁਰੱਖਿਆ ਲਈ ਬਣਾਏ ਗਏ ਕਾਨੂੰਨ ਕੇਵਲ ਕਿਤਾਬੀ ਗਿਆਨ ਵਿੱਚ ਹੀ ਮੌਜੂਦ ਹਨ ਜਿਨ੍ਹਾਂ ਤੇ ਅਜੇ ਤੱਕ ਅਮਲ ਆਟੇ ਵਿੱਚ ਲੂਣ ਬਰਾਬਰ ਹੀ ਹੋਇਆ ਹੈ। ਔਰਤ ਸਦੀਆਂ ਤੋਂ ਮਰਦ ਅਤੇ ਸਮਾਜ ਦਾ ਧੱਕਾ ਸਹਿੰਦੀ ਆਈ ਹੈ। ਔਰਤ ਪ੍ਰਤੀ ਦਿਨੋਂ ਦਿਨ ਵਧ ਰਹੀਆਂ ਜ਼ਿਆਦਤੀਆਂ ਨੂੰ ਨੇਕਲ ਪਾਉਣ ਲਈ ਔਰਤ ਨੂੰ ਹੀ ਆਵਾਜ਼ ਬੁਲੰਦ ਕਰਨੀ ਹੋਵੇਗੀ। ਔਰਤਾਂ ਦੀ ਸਮੂਹਿਕ ਏਕਤਾ ਹੀ ਔਰਤਾਂ ਨੂੰ ਮਰਦਾਂ ਦੇ ਬਰਾਬਰ ਅਧਿਕਾਰ ਅਤੇ ਇਨਸਾਫ਼ ਦਿਵਾ ਸਕਦੀ ਹੈ।

**-ਰਜਨੀ ਬਾਲਾ**

# ਅਕਤੂਬਰ ਇਨਕਲਾਬ, ਵਿਚਾਰਧਾਰਾ ਅਤੇ ਵਰਤਮਾਨ



ਬੰਤ ਸਿੰਘ ਬਰਾੜ

106 ਸਾਲ ਪਹਿਲਾਂ ਅੱਜ ਦੇ ਦਿਨ ਰੂਸ ਵਿਚ ਅਜਿਹਾ ਵਾਪਰਿਆ, ਜਿਸ ਨੇ ਦੁਨੀਆ ਹੀ ਹਿਲਾ ਦਿੱਤੀ। 1917 ਦੇ ਰੂਸ ਦੇ 7 ਨਵੰਬਰ (ਅਕਤੂਬਰ) ਦੇ ਇਨਕਲਾਬ ਦਾ ਜਾਹਨਰੀਡ ਨੇ ਆਪਣੀ ਸੰਸਾਰ ਪ੍ਰਸਿੱਧ ਪੁਸਤਕ "ਦਸ ਦਿਨ ਜਿਨ੍ਹਾਂ ਨੇ ਦੁਨੀਆ ਹਿਲਾ ਦਿੱਤੀ" ਵਿਚ ਸ਼ਾਨਦਾਰ ਬਿਰਤਾਂਤ ਕੀਤਾ ਹੈ। ਮਾਰਕਸਵਾਦ ਦੀ ਵਿਚਾਰਧਾਰਾ ਨੂੰ ਰਚਨਾਤਮਕ ਦ੍ਰਿਸ਼ਟੀਕੋਣ ਨਾਲ ਅਮਲੀ ਰੂਪ ਦਿੰਦਿਆਂ ਹੋਇਆਂ ਵੀ.ਆਈ. ਲੈਨਿਨ ਨੇ ਸੰਸਾਰ ਦੇ ਪਹਿਲੇ ਸੋਸ਼ਲਿਸਟ ਇਨਕਲਾਬ ਨੂੰ ਸੰਪੂਰਨ ਕੀਤਾ। 1848 ਵਿਚ ਮਾਰਕਸ-ਏਂਗਲਜ਼ ਨੇ "ਕਮਿਊਨਿਸਟ ਮੈਨੀਫੈਸਟੋ" ਲਿਖ ਕੇ ਦੁਨੀਆ ਭਰ ਦੀ ਮਜ਼ਦੂਰ ਜਮਾਤ ਨੂੰ ਕਮਿਊਨਿਜ਼ਮ ਦੀ ਨਵੀਂ ਸਪੱਸ਼ਟ ਮੰਜ਼ਲ 'ਤੇ ਪੁੱਜਣ ਦਾ ਮਾਰਗ ਦਰਸਾਇਆ ਸੀ, ਜਿਸ ਵਿਚ ਉਹਨਾਂ ਨੇ ਬੜੇ ਸਪੱਸ਼ਟ ਅਤੇ ਸਰਲ ਸ਼ਬਦਾਂ ਵਿਚ ਉਸ ਵੇਲੇ ਦੇ ਚਲੰਤ "ਯੂਟੋਪੀਅਨ ਸਮਾਜਵਾਦ" ਦੀਆਂ ਤਰੁੱਟੀਆਂ ਦੀ ਵਿਆਖਿਆ ਕਰਦਿਆਂ "ਵਿਗਿਆਨਕ ਸਮਾਜਵਾਦ" ਦੀ ਪ੍ਰਾਪਤੀ ਲਈ ਇਕ ਵਿਗਿਆਨਕ ਪਹੁੰਚ ਅਪਨਾਉਣ ਲਈ ਜ਼ੋਰਦਾਰ ਅਪੀਲ ਕੀਤੀ ਸੀ। ਉਹਨਾਂ ਨੇ ਆਖਿਆ ਸੀ ਕਿ "ਫਿਲਾਸਫਰਾਂ ਨੇ ਸੰਸਾਰ ਦੀ ਵਿਆਖਿਆ ਕੀਤੀ ਹੈ, ਪਰ ਅਸਲੀ ਸਵਾਲ ਤਾਂ ਇਸ ਨੂੰ ਬਦਲਣ ਦਾ ਹੈ।" ਕਮਿਊਨਿਸਟ ਮੈਨੀਫੈਸਟੋ ਦੀਆਂ ਅੰਤਲੀਆਂ ਲਾਈਨਾਂ ਵਿਚ "ਦੁਨੀਆ ਭਰ ਦੇ ਮਜ਼ਦੂਰੋ ਇਕ ਹੋ ਜਾਓ" ਦਾ ਮਹਾਨ ਨਾਅਰਾ ਦਿੰਦਿਆਂ ਹੋਇਆਂ ਮਜ਼ਦੂਰ ਜਮਾਤ ਨੂੰ ਕਿਹਾ ਗਿਆ ਕਿ ਉਹ ਸੰਘਰਸ਼ ਕਰਨ ਕਿਉਂਕਿ ਉਹਨਾਂ ਕੋਲ ਹਾਰਨ ਵਾਸਤੇ ਕੁਝ ਵੀ ਨਹੀਂ, ਪਰ ਜਿੱਤਣ ਲਈ ਸਾਰੀ ਦੁਨੀਆ ਹੈ ਤੇ ਸੰਘਰਸ਼ ਵਿਚ ਜੇਕਰ ਕੁਝ ਗੁਆਚਣਾ ਹੈ ਤਾਂ ਗੁਲਾਮੀ ਦੀਆਂ ਜ਼ੰਜੀਰਾਂ ਹੀ ਟੁੱਟਣਗੀਆਂ।

ਛੋਟੀ ਉਮਰ ਤੋਂ ਹੀ ਵੀ.ਆਈ. ਲੈਨਿਨ ਨੇ ਮਾਰਕਸਵਾਦ-ਏਂਗਲਵਾਦ ਦਾ ਅਧਿਐਨ ਕਰਦਿਆਂ ਹੋਇਆਂ ਰੂਸੀ ਸਮਾਜ ਵਿਚ ਕ੍ਰਾਂਤੀ ਲਿਆਉਣ ਲਈ ਇਸ ਨੂੰ ਸਫਲਤਾਪੂਰਵਕ ਪ੍ਰਯੋਗ ਵਿਚ ਲਿਆਂਦਾ। ਸੁਧਾਰਵਾਦੀਆਂ, ਅਰਾਜਕਤਾਵਾਦੀਆਂ ਅਤੇ ਖਬਚੂ ਮਾਅਰਕਾਬਾਜ਼ਾਂ ਵਿਰੁੱਧ ਜ਼ੋਰਦਾਰ ਵਿਚਾਰਧਾਰਕ, ਸੰਗਠਨਾਤਮਿਕ ਅਤੇ ਅਮਲੀ ਸੰਘਰਸ਼ ਲੜ ਕੇ ਮਿਸ਼ਨ ਦੀ ਪ੍ਰਾਪਤੀ ਕੀਤੀ। 1905 ਦੀ ਕ੍ਰਾਂਤੀ ਦੀ ਅਸਫਲਤਾ ਵਿਚੋਂ ਸਬਕ ਕੱਢਦਿਆਂ ਮਜ਼ਦੂਰ-ਕਿਸਾਨ ਦੀ ਏਕਤਾ ਅਤੇ ਇਸ ਨਾਲ ਬੁੱਧੀਜੀਵੀਆਂ ਅਤੇ ਕਰੰਸਕੀ ਦੀ ਜ਼ਾਰ-ਵਿਰੋਧੀ ਪੂੰਜੀਵਾਦੀ ਸ਼ਕਤੀਆਂ ਨਾਲ ਮਿਲ ਕੇ ਪਹਿਲਾਂ ਫਰਵਰੀ ਇਨਕਲਾਬ ਤੇ ਫਿਰ ਅਕਤੂਬਰ ਵਿਚ ਸੋਸ਼ਲਿਸਟ ਇਨਕਲਾਬ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਿਆ। ਇੰਜ ਸੰਸਾਰ ਵਿਚ ਕਿਧਰੇ ਵੀ ਸਮਾਜਵਾਦ ਦਾ ਕੋਈ ਨਮੂਨਾ ਨਾ ਹੋਣ ਕਰਕੇ ਵੀ ਇਸ ਧਰਤੀ 'ਤੇ ਸਮਾਜਵਾਦ ਦਾ ਇਕ "ਮਾਡਲ" ਪੇਸ਼ ਕੀਤਾ। 73 ਸਾਲ ਦੀ ਸ਼ਾਨਦਾਰ ਸਫਲਤਾ ਪ੍ਰਾਪਤ ਕੀਤੀ। ਦੁਨੀਆ ਦੇ ਇਕ ਬਹੁਤ ਹੀ ਪੱਛੜੇ ਦੇਸ਼ ਨੂੰ ਸਾਮਰਾਜ ਦੇ ਮੁਕਾਬਲੇ ਵਿਚ ਇਕ ਮਹਾਂਸ਼ਕਤੀ ਦੇ ਰੂਪ ਵਿਚ ਇਕ ਸ਼ਕਤੀਸ਼ਾਲੀ ਅਤੇ ਅਜਿੱਤ ਸਮਾਜਵਾਦੀ ਰਾਜ ਦੀ ਸਥਾਪਨਾ ਕੀਤੀ।

ਅਕਤੂਬਰ ਕ੍ਰਾਂਤੀ ਨਾਲ ਸੰਸਾਰ ਭਰ ਦੀਆਂ ਗੁਲਾਮ ਕੌਮਾਂ, ਲੁੱਟੀਆਂ ਜਾ ਰਹੀਆਂ ਮਜ਼ਦੂਰ ਜਮਾਤਾਂ ਨੂੰ ਸੰਘਰਸ਼ ਦੀ ਨਵੀਂ ਰੋਸ਼ਨੀ ਮਿਲੀ ਅਤੇ ਇਕ ਨਵਾਂ ਸੰਘਰਸ਼ ਦਾ ਰਾਹ ਮਿਲ ਗਿਆ। ਦੁਨੀਆ ਭਰ ਵਿਚ ਵਰਗ ਸੰਘਰਸ਼ ਸਿਖਰਾਂ 'ਤੇ ਪੁੱਜਣ ਲੱਗ ਪਿਆ। ਸਾਮਰਾਜੀ ਸ਼ਕਤੀਆਂ ਨੇ ਸੰਸਾਰ ਦੀਆਂ ਮੰਡੀਆਂ 'ਤੇ ਸੰਪੂਰਨ ਕਬਜ਼ੇ ਦੀ ਨੀਤੀ ਨਾਲ ਹਿਟਲਰ ਦੀ ਅਗਵਾਈ ਵਿਚ ਫਾਸ਼ਿਸਟ ਸ਼ਕਲ ਅਖਤਿਆਰ ਕਰ ਲਈ, ਜਿਸ ਨੇ ਸੰਸਾਰ ਦੀ ਦੂਜੀ ਜੰਗ (1939-45) ਨੂੰ ਜਨਮ ਦਿੱਤਾ। ਸਮਾਜਵਾਦੀ ਰੂਸ ਨੇ 22 ਸਾਲਾਂ ਵਿਚ ਏਨੀ ਰਾਜਸੀ, ਆਰਥਿਕਤਾ, ਸਮਾਜੀ ਅਤੇ ਫੌਜੀ ਸ਼ਕਤੀ ਪ੍ਰਾਪਤ ਕਰ ਲਈ ਸੀ, ਜਿਸ ਸਾਹਮਣੇ ਫਾਸ਼ੀ ਤਾਕਤਾਂ ਦੀਆਂ ਸ਼ਕਤੀਸ਼ਾਲੀ ਫੌਜਾਂ ਵੀ ਨਹੀਂ ਟਿਕ ਸਕੀਆਂ। ਭਾਵੇਂ ਰੂਸੀਆਂ ਅਤੇ ਦੁਨੀਆ ਨੂੰ ਪੰਜ ਕਰੋੜ ਜਾਨਾਂ ਦੀਆਂ ਕੁਰਬਾਨੀਆਂ ਦੇਣੀਆਂ ਪਈਆਂ, ਪਰ ਇਸ ਨੇ ਸਮਾਜਵਾਦੀ ਵਿਵਸਥਾ ਦੀ ਸ਼ਕਤੀ ਦਾ ਸ਼ਾਨਦਾਰ ਪ੍ਰਗਟਾਵਾ ਕੀਤਾ।

ਰੂਸੀ ਕ੍ਰਾਂਤੀ ਸਦਕਾ ਹੀ ਯੋਰਪ ਵਿਚ ਦਰਜਨਾਂ ਦੇਸ਼ਾਂ ਵਿਚ ਸਮਾਜਵਾਦ ਦੀ ਸਥਾਪਨਾ ਹੋਈ, ਚੀਨੀ ਕ੍ਰਾਂਤੀ ਮੁਕੰਮਲ ਹੋਈ ਅਤੇ ਸੰਸਾਰ ਭਰ ਦੀਆਂ ਗੁਲਾਮ ਕੌਮਾਂ ਨੂੰ ਸਾਮਰਾਜੀ ਗੁਲਾਮੀ ਤੋਂ ਮੁਕਤੀ ਪ੍ਰਾਪਤ ਕਰਨ ਦਾ ਅਵਸਰ ਪ੍ਰਾਪਤ ਹੋਇਆ। 73 ਸਾਲਾਂ ਦੀਆਂ ਸਫਲਤਾਵਾਂ ਪਿੱਛੋਂ ਇਕ ਮਹਾਨ ਮਹਾਂਸ਼ਕਤੀ ਰੂਸੀ ਰਾਜ ਦਾ ਪਤਨ ਹੋ ਗਿਆ। ਦੁਨੀਆ ਭਰ ਦੇ ਮਾਰਕਸਵਾਦੀ-ਲੈਨਿਨਵਾਦੀ ਫਿਲਾਸਫਰ ਅਤੇ ਰਾਜਨੀਤਕ ਆਗੂ ਅਤੇ ਪਾਰਟੀਆਂ ਇਸ ਦੀ ਅਸਫਲਤਾ ਦੇ ਕਾਰਨਾਂ ਦੇ ਵਿਸ਼ਲੇਸ਼ਣ ਕਰਨ ਵਿਚ ਰੁੱਝੀਆਂ ਹਨ, ਪਰ ਇਕ ਗੱਲ ਤਾਂ ਅਟੱਲ ਹੈ ਕਿ ਰੂਸੀ ਕਮਿਊਨਿਸਟ ਪਾਰਟੀ ਆਪਣੇ ਅਖੀਰੀ ਦਿਨਾਂ ਵਿਚ ਲੋਕਾਂ ਵਿਚੋਂ ਆਪਣਾ ਅਧਾਰ ਗੁਆ ਚੁੱਕੀ ਸੀ। ਲੈਨਿਨ ਦੀ ਪ੍ਰੋਲੇਤਾਰੀ ਡਿਕਟੇਟਰਸ਼ਿਪ ਕਮਿਊਨਿਸਟ ਪਾਰਟੀ ਦੀ ਡਿਕਟੇਟਰਸ਼ਿਪ ਵਿਚ ਬਦਲ ਗਈ ਸੀ। ਇਹ ਵੀ ਸਪੱਸ਼ਟ ਹੈ ਕਿ ਜਿਸ ਪ੍ਰਕਾਰ ਮਾਰਕਸਵਾਦ ਨੂੰ ਲੈਨਿਨ ਨੇ ਆਪਣੇ ਸਮੇਂ, ਸਥਾਨ ਅਤੇ ਪ੍ਰਸਥਿਤੀਆਂ ਵਿਚ ਰਚਨਾਤਮਕ ਢੰਗ ਨਾਲ ਲਾਗੂ ਕੀਤਾ, ਉਸ ਪਿੱਛੋਂ ਅਖੀਰੀ ਦਹਾਕਿਆਂ ਵਿਚ ਇਸ ਦੀ ਜ਼ਬਰਦਸਤ ਕਮੀ ਹੋਣ ਕਾਰਨ ਸੰਸਾਰ ਇਕ ਸ਼ਕਤੀਸ਼ਾਲੀ ਸਮਾਜਵਾਦੀ ਰਾਜ ਨੂੰ ਖੋਹ ਬੈਠਾ।

ਖੈਰ! ਵਰਗ ਸੰਘਰਸ਼ ਜਾਰੀ ਹੈ। ਨਵੇਂ ਰੂਪਾਂ ਵਿਚ ਨਵੇਂ ਪੈਂਤੜੇ ਅਪਨਾ ਕੇ ਮਜ਼ਦੂਰ ਜੰਗ ਲੜ ਰਿਹਾ ਹੈ। ਆਪਣੇ-ਆਪਣੇ ਦੇਸ਼ਾਂ ਵਿਚ ਮਜ਼ਦੂਰ ਜਮਾਤ ਆਪਣੀਆਂ ਪਾਰਟੀਆਂ ਸਥਾਪਤ ਕਰਕੇ ਦੇਸ਼ ਦੀਆਂ ਵਿਸ਼ੇਸ਼ ਹਾਲਤਾਂ ਅਨੁਸਾਰ ਯੁੱਧ ਨੀਤੀ ਅਪਨਾ ਕੇ ਸੰਘਰਸ਼ ਚਲਾ ਰਹੀ ਹੈ।

ਸੋਵੀਅਤ ਯੂਨੀਅਨ ਟੁੱਟਣ ਪਿੱਛੋਂ ਵਾਰਸਾ ਪੈਕਟ ਟੁੱਟ ਜਾਣ ਕਰਕੇ ਅਮਰੀਕਾ ਦੀ ਅਗਵਾਈ ਵਿਚ ਨਾਟੋ ਸ਼ਕਤੀਆਂ ਦੀ ਚੜ੍ਹ ਮਚੀ ਤੇ ਸੰਸਾਰ ਜਿਵੇਂ ਇਕ ਧਰੁਵੀ ਹੋ ਗਿਆ ਹੋਵੇ। ਅਮਰੀਕਾ ਸਾਮਰਾਜ ਜਿਵੇਂ ਦੁਨੀਆਂ ਭਰ ਦੇ ਅਮੀਰ ਉਤਪਾਦਨ ਦੇ ਸਾਧਨਾਂ 'ਤੇ ਕਬਜ਼ਾ ਕਰਨ ਲਈ ਆਪਣੀ ਮਰਜ਼ੀ ਨਾਲ ਪ੍ਰਭੂ ਸੰਪੰਨ ਦੇਸ਼ਾਂ 'ਤੇ ਹਮਲੇ ਕਰਨ ਲੱਗ ਪਿਆ। ਬਿਨਾਂ ਵਜ੍ਹਾ ਹੀ ਝੂਠੇ ਪ੍ਰਚਾਰਾਂ ਰਾਹੀਂ ਛੜਯੰਤਰ ਰਚ ਕੇ ਇਰਾਕ, ਲੀਬੀਆ, ਅਫਗਾਨਿਸਤਾਨ ਤੇ ਅਰਬ ਦੇਸਾਂ ਤੇ ਲਾਤੀਨੀ ਦੇਸ਼ਾਂ 'ਤੇ ਸਿੱਧੇ ਹਮਲੇ ਕੀਤੇ ਅਤੇ ਉਹਨਾਂ ਦੇਸ਼ਾਂ ਦੇ ਰਾਜਸੀ ਆਗੂਆਂ ਨੂੰ ਫਾਂਸੀਆਂ ਦਿੱਤੀਆਂ ਜਾਂ ਕਤਲ ਕਰਵਾ ਦਿੱਤੇ ਗਏ ਤੇ ਪੈਦਾਵਾਰੀ ਸਾਧਨਾਂ 'ਤੇ ਕਬਜ਼ਾ ਕਰ ਲਿਆ। ਈਰਾਨ ਤੇ ਸੀਰੀਆ ਵਿਚ ਜੰਗੀ ਕਾਰਵਾਈਆਂ ਕੀਤੀਆਂ। ਸੋਵੀਅਤ ਯੂਨੀਅਨ ਦੀਆਂ ਆਜ਼ਾਦ ਹੋਈਆਂ ਰਿਪਬਲਿਕਨਾਂ ਵਿਚ ਘੁਸਪੈਠ ਕਰਕੇ ਫੌਜੀ ਗਠਜੋੜ ਨਾਟੋ ਵਿਚ ਸ਼ਾਮਲ ਕੀਤਾ ਤੇ ਪੋਲੈਂਡ, ਐਸਤੋਨੀਆ, ਲਾਤੀਵਿਆ, ਲਿਥੂਆਨੀਆ ਆਦਿ ਦੇਸ਼ਾਂ ਨੂੰ ਰੂਸ ਵਿਰੁੱਧ ਖੜ੍ਹਾ ਕਰ ਦਿਤਾ ਅਤੇ ਨਾਟੋ ਵਿਚ ਸ਼ਾਮਲ ਕਰਨ ਦੇ ਛੜਯੰਤਰਾਂ ਨਾਲ ਰੂਸ ਨੂੰ ਨਾਟੋ ਫੌਜਾਂ ਨਾਲ ਘੇਰਨ ਦੇ ਯਤਨਾਂ ਨਾਲ ਯੂਕਰੇਨ ਨੂੰ ਉਸ ਵਿਰੁੱਧ ਜੰਗ ਵਿਚ ਧੱਕ ਦਿੱਤਾ।

ਅਸਲ ਵਿਚ ਸਾਮਰਾਜ ਦੀ ਸੰਸਾਰ ਨੂੰ ਇਕ-ਧਰੁਵੀ ਰੂਪ ਵਿਚ ਬਦਲਣ ਦੀ ਨੀਤੀ ਬੁਰੀ ਤਰ੍ਹਾਂ ਅਸਫਲ ਹੋ ਗਈ। 1917 ਦੇ ਇਨਕਲਾਬ ਤੇ ਸੋਵੀਅਤ ਯੂਨੀਅਨ ਦੀ ਸਥਾਪਨਾ ਨਾਲ ਦੁਨੀਆ ਦੀਆਂ ਸਾਰੀਆਂ ਗੁਲਾਮ ਕੌਮਾਂ ਆਜ਼ਾਦ ਹੋ ਗਈਆਂ ਸਨ ਤੇ ਉਹਨਾਂ ਨੇ ਆਪਣੀਆਂ ਕਿਸਮਤਾਂ ਆਪ ਸਥਾਪਤ ਕਰਨ ਦੇ ਫੈਸਲਿਆਂ ਨਾਲ ਸਾਮਰਾਜੀ ਸ਼ਕਤੀਆਂ ਪਹਿਲਾਂ ਹੀ ਕਮਜ਼ੋਰ ਪੈ ਚੁੱਕੀਆਂ ਸਨ ਤੇ ਸੰਸਾਰ ਭਰ ਦੇ ਏਸ਼ੀਆ, ਅਫਰੀਕਨ ਦੇਸ਼ਾਂ ਨੇ ਸਥਾਨਕ ਤੌਰ 'ਤੇ ਅਨੇਕਾਂ ਸੰਧੀਆਂ ਕਰਕੇ ਸੰਸਾਰ ਨੂੰ ਇਕ-ਧਰੁਵੀ ਬਣਨ ਦੀ ਬਜਾਏ ਬਹੁ-ਧਰੁਵੀ ਰੂਪ ਦੇ ਦਿੱਤਾ। ਏਸ਼ੀਆ ਵਿਚ ਚੀਨੀ ਇਨਕਲਾਬ, ਵੀਅਤਨਾਮ ਦਾ ਲੰਬੀ ਲੜਾਈ ਪਿੱਛੋਂ ਸਫਲ ਹੋਣ ਅਤੇ ਪ੍ਰਗਤੀ ਦੇ ਰਸਤੇ ਪੈਣ 'ਤੇ ਭਾਰਤ ਦੀ ਆਜ਼ਾਦੀ ਤੇ ਉਸ ਪਿੱਛੋਂ ਨਿਰਪੱਖਤਾ ਦੀ ਨੀਤੀ ਅਤੇ ਸੋਵੀਅਤ ਯੂਨੀਅਨ ਨਾਲ ਸੰਧੀਆਂ ਆਦਿ ਨਾਲ ਸਾਮਰਾਜੀ ਸ਼ਕਤੀਆਂ ਪਹਿਲਾਂ ਹੀ ਕਮਜ਼ੋਰ ਪੈ ਚੁੱਕੀਆਂ ਸਨ। ਸੰਘਾਈ ਕੋਆਪਰੇਸ਼ਨ ਤੇ ਫਿਰ ਬਰਿਕਸ ਦੀ ਹੋਂਦ ਨਾਲ, ਜਿਸ ਦਾ ਹੋਰ ਵੀ ਵਿਸਥਾਰ ਹੋ ਰਿਹਾ ਹੈ। ਅਮਰੀਕੀ ਸਾਮਰਾਜੀ ਬੁਰੀ ਤਰ੍ਹਾਂ ਬੁਖਲਾ ਗਏ ਅਤੇ ਬਰਿਕਸ (ਬਰਾਜ਼ੀਲ, ਰੂਸ, ਚੀਨ, ਭਾਰਤ ਅਤੇ ਸਾਊਥ ਅਫਰੀਕਾ) ਦੇ ਮੁਕਾਬਲੇ ਆਸਟਰੇਲੀਆ, ਜਾਪਾਨ, ਇੰਡੀਆ ਅਤੇ ਅਮਰੀਕਾ ਨੂੰ ਕੁਆਡ ਦੀ ਸਥਾਪਨਾ ਰਾਹੀਂ ਇਸ ਖਿੱਤੇ ਵਿਚ ਸੰਤੁਲਨ ਵਿਗਾੜਨ ਦੀਆਂ ਕੋਸ਼ਿਸ਼ਾਂ ਕਰ ਰਹੇ ਹਨ। ਇਸੇ ਪ੍ਰਕਾਰ ਅਫਰੀਕਨ ਅਤੇ ਲਾਤੀਨੀ ਅਮਰੀਕੀ ਦੇਸ਼ ਆਪਣੇ-ਆਪਣੇ ਆਰਥਿਕ ਗਠਜੋੜ ਸਥਾਪਤ ਕਰ ਰਹੇ ਹਨ, ਜਿਸ ਸਦਕਾ ਦੁਨੀਆ ਸੱਚਮੁੱਚ ਹੀ ਬਹੁ-ਧਰੁਵੀ ਰੂਪ ਲੈ ਰਹੀ ਹੈ। ਉਧਰ ਫਲਸਤੀਨ ਨੂੰ ਇਜ਼ਰਾਈਲ ਵੱਲੋਂ ਪੂਰੀ ਤਰ੍ਹਾਂ ਖਤਮ ਕਰਨ ਦੀ ਅਮਰੀਕਨ ਯੁੱਧ ਨੀਤੀ ਅਸਫਲਤਾ ਦੀ ਮੰਜ਼ਿਲ ਵੱਲ ਵਧ ਰਹੀ ਹੈ। ਹਮਾਸ ਹਮਲੇ ਦੇ ਬਹਾਨੇ ਫਲਸਤੀਨੀਆਂ ਵਿਰੁੱਧ ਇਜ਼ਰਾਈਲ ਦੀ ਹਰ ਤਰ੍ਹਾਂ ਦੀ ਫੌਜੀ, ਆਰਥਿਕ ਅਤੇ ਕੂਟਨੀਤਕ ਸਹਾਇਤਾ ਪ੍ਰਦਾਨ ਕਰ ਰਿਹਾ ਹੈ। ਫਲਸਤੀਨ ਦੇ 10,000 ਵਿਅਕਤੀ ਇਜ਼ਰਾਈਲ ਹਮਲਿਆਂ ਦੌਰਾਨ ਮਾਰੇ ਗਏ ਹਨ, ਜਿਨ੍ਹਾਂ ਵਿਚ ਬਹੁ-ਗਿਣਤੀ ਬੱਚੇ ਅਤੇ ਔਰਤਾਂ ਹਨ। ਇਸ ਬਰਬਰਤਾ ਲਈ ਯੂ ਐੱਨ ਓ ਦੀ ਜਨਰਲ ਅਸੈਂਬਲੀ ਵਿਚ ਅਮਰੀਕਾ ਬੁਰੀ ਤਰ੍ਹਾਂ ਨਿਖੜ ਗਿਆ ਹੈ। 120 ਦੇਸ਼ਾਂ ਨੇ ਇਜ਼ਰਾਈਲ ਨੂੰ ਫਲਸਤੀਨ ਦੇ ਹਮਲੇ ਬੰਦ ਕਰਨ ਲਈ ਵੋਟਾਂ ਪਾਈਆਂ, ਜਦੋਂ ਕਿ ਅਮਰੀਕਾ ਸਮੇਤ ਸਿਰਫ 14 ਦੇਸ਼ਾਂ ਨੇ ਇਸ ਦਾ ਵਿਰੋਧ ਕੀਤਾ ਤੇ 45 ਦੇਸ਼ ਨਿਰਪੱਖ ਰਹੇ। ਇਕੱਲੇ ਅਮਰੀਕਾ ਨੇ ਯੂ ਐੱਨ ਓ ਦੇ ਮਤੇ ਨੂੰ ਲਾਗੂ ਕਰਨ 'ਤੇ ਵੀਟੋ ਕਰ ਦਿੱਤਾ। ਜ਼ਖਮੀ ਹੋਏ ਸ਼ੇਰ ਵਾਂਗ ਸਾਮਰਾਜੀ ਸ਼ਕਤੀਆਂ ਬੁਖਲਾਈਆਂ ਹੋਈਆਂ ਸੰਸਾਰ ਅਮਨ ਲਈ ਖਤਰਾ ਬਣੀਆਂ, ਹਰ ਪਾਸੇ ਜੰਗੀ ਸ਼ਕਤੀਆਂ ਨੂੰ ਹੱਲਾ-ਸ਼ੇਰੀ ਦੇ ਰਹੀਆਂ ਹਨ ਅਤੇ ਹਥਿਆਰਾਂ ਦੀ ਵਿਕਰੀ ਵਿਚ ਵਾਧਾ ਕਰਦੀਆਂ ਮੁਨਾਫੇ ਦੀ ਦੌੜ ਵਿਚ ਸੰਸਾਰ ਵਾਸਤੇ ਪ੍ਰਮਾਣੂ ਜੰਗ ਦਾ ਖਤਰਾ ਬਣ ਰਹੀਆਂ ਹਨ। ਬਹੁ-ਧਰੁਵੀ ਬਣਿਆ ਸੰਸਾਰ ਦੁਨੀਆ ਦੀ ਮਜ਼ਦੂਰ ਅਤੇ ਉਸ ਦੀਆਂ ਸਾਥੀ ਜਮਾਤਾਂ, ਪੱਛੜੇ ਦੇਸ਼ਾਂ ਅਤੇ ਵਿਕਾਸਸ਼ੀਲ ਦੇਸ਼ਾਂ ਵਾਸਤੇ ਸਫਲਤਾਵਾਂ ਲਈ ਅਥਾਹ ਮੌਕੇ ਪ੍ਰਦਾਨ ਕਰ ਰਿਹਾ ਹੈ।

ਸੋਵੀਅਤ ਯੂਨੀਅਨ ਟੁੱਟਣ ਪਿੱਛੋਂ ਪੂੰਜੀਵਾਦੀ ਦੇਸ਼ਾਂ (ਵਿਕਸਤ ਅਤੇ ਵਿਕਾਸਸ਼ੀਲ) ਵਿਚ ਇਕ ਨਵਾਂ ਵਰਤਾਰਾ ਇਹ ਵਾਪਰਿਆ ਕਿ ਇਹਨਾਂ ਦੇਸ਼ਾਂ ਦੀਆਂ ਬੁਰਜੂਆ ਸਟੇਟਾਂ ਨੇ ਸੋਵੀਅਤ ਯੂਨੀਅਨ ਦੀਆਂ ਪ੍ਰਾਪਤੀਆਂ ਤੋਂ ਡਰਦਿਆਂ ਜਿਹੜਾ "ਵੈੱਲਫੇਅਰ ਸਟੇਟ" ਦਾ ਸੰਕਲਪ ਲਾਗੂ ਕੀਤਾ ਸੀ, ਉਸ ਨੂੰ ਪੂਰੀ ਤਰ੍ਹਾਂ ਤਿਆਗ ਦਿੱਤਾ ਤੇ ਆਪਣੇ ਮੁਨਾਫਿਆਂ ਦੀ ਅੰਨ੍ਹੀ ਹਵਸ ਲਈ ਮਜ਼ਦੂਰ ਅਤੇ ਕਿਰਤੀ ਜਮਾਤਾਂ ਦੀ ਲੁੱਟ-ਖਸੁੱਟ ਵਿਚ ਅਥਾਹ ਵਾਧਾ ਕੀਤਾ ਅਤੇ ਭੂਮੰਡਲੀਕਰਨ, ਲਿਬਰਲਿਜ਼ਮ ਅਤੇ ਨਿੱਜੀਕਰਨ ਦੀਆਂ ਨੀਤੀਆਂ ਅਨੁਸਾਰ ਕਿਰਤ ਕਾਨੂੰਨਾਂ ਵਿਚ ਜ਼ਬਰਦਸਤ ਨਾਂਹ-ਪੱਖੀ ਮਜ਼ਦੂਰ-ਦੁਸ਼ਮਣ ਤਬਦੀਲੀਆਂ ਕੀਤੀਆਂ। ਨਤੀਜੇ ਵਜੋਂ ਮਿਹਨਤਕਸ਼ ਜਨ-ਸਮੂਹਾਂ, ਮਜ਼ਦੂਰਾਂ, ਕਿਸਾਨਾਂ, ਬੁੱਧੀਜੀਵੀਆਂ ਅਤੇ ਨਿਕ-ਬੁਰਜੂਆ ਜਮਾਤਾਂ ਵਿਚਕਾਰ ਨੇੜਤਾ ਵਧ ਗਈ ਤੇ ਸੰਘਰਸ਼ਾਂ ਨੇ ਵਿਆਪਕ ਰੂਪ ਧਾਰਨ ਕਰ ਲਿਆ। ਇਤਿਹਾਸ ਦੁਆਰਾ ਪ੍ਰਦਾਨ ਕੀਤੇ ਮੌਕਿਆਂ ਨੂੰ ਕ੍ਰਾਂਤੀਕਾਰੀ ਸ਼ਕਤੀਆਂ ਵੱਲੋਂ ਅਵੱਸ਼ ਹੀ ਵਰਤੋਂ ਵਿਚ ਲਿਆ ਜਾਣਾ ਚਾਹੀਦਾ ਹੈ।

ਭਾਵੇਂ ਸੋਵੀਅਤ ਯੂਨੀਅਨ ਟੁੱਟ ਗਿਆ ਹੈ, ਪਰ ਅਕਤੂਬਰ ਇਨਕਲਾਬ ਨੇ ਸੰਸਾਰ ਵਿਚ ਮਹਾਨ ਅਤੇ ਸਿਫਤੀ ਤਬਦੀਲੀਆਂ ਕੀਤੀਆਂ ਹਨ ਤੇ ਵਰਤਮਾਨ ਸਮੇਂ ਮਹਾਨ ਕ੍ਰਾਂਤੀ ਦੀਆਂ ਇਤਿਹਾਸਕ ਪ੍ਰਾਪਤੀਆਂ ਤੋਂ ਸਬਕ ਲੈਂਦਿਆਂ ਹੋਇਆਂ ਉਸ ਦੀ ਬੁਨਿਆਦ ਮਾਰਕਸਵਾਦ-ਲੈਨਿਨਵਾਦ ਦੀ ਵਿਚਾਰਧਾਰਾ ਦੀ ਸਾਰਥਿਕਤਾ ਦਾ ਵਿਆਪਕ ਪ੍ਰਚਾਰ ਅਜੋਕੇ ਸਮੇਂ ਦੀ ਇਤਿਹਾਸਕ ਜ਼ਰੂਰਤ ਹੈ ਤਾਂ ਜੋ ਇਹ ਵਿਚਾਰਧਾਰਾ ਕਿਰਤੀਆਂ ਤੇ ਉਸ ਦੀਆਂ ਸਹਿਯੋਗੀ ਜਮਾਤਾਂ, ਜਮਹੂਰੀ ਅਤੇ ਅਮਨ ਦੇ ਚਾਹਵਾਨ ਜਨ-ਸਮੂਹਾਂ ਦੀ ਸੋਚ ਦਾ ਹਿੱਸਾ ਬਣ ਕੇ ਇਕ ਵਿਸ਼ਾਲ ਤੇ ਸ਼ਕਤੀਸ਼ਾਲੀ ਪਦਾਰਥਕ ਸ਼ਕਤੀ ਦਾ ਰੂਪ ਗ੍ਰਹਿਣ ਕਰ ਸਕੇ ਤਾਂ ਜੋ ਨਵੀਆਂ ਸਮਾਜਿਕ ਕ੍ਰਾਂਤੀਆਂ ਨੂੰ ਪੈਦਾ ਕੀਤਾ ਜਾ ਸਕੇ।

**ਮਹਾਨ ਅਕਤੂਬਰ ਕ੍ਰਾਂਤੀ ਜ਼ਿੰਦਾਬਾਦ !**
**ਸਮਾਜਵਾਦ ਜ਼ਿੰਦਾਬਾਦ**

# **ਸੰਪਰਕ** : 98767-26452

# ਬਹੁਤ ਹੋ ਗਿਆ ਵਿਗਾੜ, ਬੱਸ ਹੁਣ ਸੰਭਲ ਜਾਓ

**ਲਾਭ ਸਿੰਘ ਸ਼ੇਰਗਿੱਲ**

ਕਦੇ ਖੁੱਲ੍ਹੀ ਫਿਜ਼ਾ ਤੇ ਸ਼ੁੱਧ ਹਵਾ 'ਚ ਸਾਹ ਲੈਂਦਾ ਹੋਇਆ ਆਦਮੀ ਆਪਣੇ-ਆਪ ਨੂੰ ਪੂਰਾ ਤੰਦਰੁਸਤ ਤੇ ਤਰੋਤਾਜ਼ਾ ਮਹਿਸੂਸ ਕਰਦਾ ਸੀ । ਅੱਜ ਹਵਾ ਪ੍ਰਦੂਸ਼ਿਤ ਹੋਣ ਨਾਲ ਤੰਦਰੁਸਤੀ ਮਨੁੱਖ ਦੇ ਜੀਵਨ ਵਿੱਚੋਂ ਗਾਇਬ ਹੁੰਦੀ ਜਾ ਰਹੀ ਹੈ। ਆਦਮੀ ਦੀ ਕਾਇਆ ਬਿਮਾਰੀਆਂ ਦਾ ਘਰ ਹੋ ਰਹੀ ਹੈ । ਇਹ ਖੁਦ ਆਦਮੀ ਦੇ ਪੈਦਾ ਕੀਤੇ ਵਿਗਾੜ ਹਨ, ਜਿਨ੍ਹਾਂ ਦਾ ਨਤੀਜਾ ਉਹ ਤਰ੍ਹਾਂ-ਤਰ੍ਹਾਂ ਦੀਆਂ ਭਿਆਨਕ ਬਿਮਾਰੀਆਂ ਦੇ ਰੂਪ ਵਿੱਚ ਭੁਗਤ ਰਿਹਾ ਹੈ ।

ਮਨੁੱਖ ਜਦੋਂ ਤੋਂ ਆਪਣੇ-ਆਪ ਨੂੰ ਆਧੁਨਿਕ ਸਮਝਣ ਲੱਗਿਆ ਹੈ। ਤਰ੍ਹਾਂ-ਤਰ੍ਹਾਂ ਦੀਆਂ ਖੋਜਾਂ ਕੀਤੀਆਂ ਹਨ । ਚੰਗੇਰੇ ਜੀਵਨ ਲਈ ਅਨੇਕਾਂ ਸਹੂਲਤਾਂ ਅਪਣਾਈਆਂ ਹਨ, ਉਦੋਂ ਤੋਂ ਇਸ ਨੇ ਰੱਜ ਕੇ ਵਾਤਾਵਰਨ ਨੂੰ ਮਧੋਲਿਆ ਹੈ। ਬੜੀ ਨਿਰਦੈਤਾ ਨਾਲ ਇਸ ਹਰੀ-ਭਰੀ ਧਰਤੀ ਨੂੰ ਆਧੁਨਿਕਤਾ ਦੇ ਨਾਂਅ 'ਤੇ ਉਜਾੜਿਆ ਹੈ। ਇਹ ਸਿਲਸਿਲਾ ਅਜੇ ਵੀ ਰੁਕਿਆ ਨਹੀਂ, ਲਗਾਤਾਰ ਜਾਰੀ ਹੈ । ਇਸ ਨੇ ਕੁਦਰਤੀ ਫਿਜ਼ਾ ਨੂੰ ਉਜਾੜ ਕੇ ਕੰਕਰੀਟ ਦੀਆਂ ਦੀਵਾਰਾਂ ਖੜੀਆਂ ਕਰ ਲਈਆਂ ਹਨ, ਜੋ ਤਨ-ਮਨ ਨੂੰ ਠੰਢਕ ਦੇਣ ਦੀ ਬਜਾਇ ਤਪਸ਼ ਹੀ ਪ੍ਰਦਾਨ ਕਰ ਰਹੀਆਂ ਹਨ ।

ਗਰਮੀ ਰੁੱਤ 'ਚੋਂ ਨਿਕਲ ਕੇ ਜਿਉਂ ਹੀ ਅਸੀਂ ਸਰਦੀ ਰੁੱਤ ਵਿੱਚ ਦਾਖਲ ਹੁੰਦੇ ਹਾਂ ਤਾਂ ਤਿਉਹਾਰਾਂ ਦਾ ਸਿਲਸਿਲਾ ਸ਼ੁਰੂ ਹੋ ਜਾਂਦਾ ਹੈ। ਪਹਿਲਾਂ ਦੁਸਹਿਰਾ, ਫਿਰ ਕੱਤਕ ਮਹੀਨੇ ਵਿੱਚ ਦੀਵਾਲੀ ਦਾ ਤਿਉਹਾਰ ਮਨਾਇਆ ਜਾਂਦਾ ਹੈ । ਲੋਕਾਂ ਦੇ ਮਨਾਂ ਵਿੱਚ ਇਸ ਤਿਉਹਾਰ ਪ੍ਰਤੀ ਬੜਾ ਉਤਸ਼ਾਹ ਤੇ ਖੁਸ਼ੀ ਹੁੰਦੀ ਹੈ । ਬੜੇ ਚਾਵਾਂ ਨਾਲ ਇਸ ਦੀ ਸਭ ਨੂੰ ਉਡੀਕ ਹੁੰਦੀ ਹੈ । ਇਸੇ ਮਹੀਨੇ ਖੇਤਾਂ ਵਿੱਚ ਝੋਨੇ ਦੀ ਫਸਲ ਦੀ ਕਟਾਈ ਹੁੰਦੀ ਹੈ। ਖੇਤੀ ਨਾਲ ਜੁੜੇ ਹਰ ਕਿਸਾਨ ਨੂੰ ਆਪਣੀ ਫਸਲ ਦਾ ਵੀ ਤਿਉਹਾਰ ਜਿੰਨਾ ਹੀ ਚਾਅ ਹੁੰਦਾ ਹੈ। ਫਸਲ ਵੇਚ ਕੇ ਦੀਵਾਲੀ ਦੀਆਂ ਖੁਸ਼ੀਆਂ ਨੂੰ ਦੁੱਗਣਾ ਕਰਨ ਦੀ ਹਰ ਮਨ ਵਿੱਚ ਰੀਝ ਹੁੰਦੀ ਹੈ । ਆਪਣੀਆਂ ਖੁਸ਼ੀਆਂ, ਆਪਣੀਆਂ ਰੀਝਾਂ ਪੂਰੀਆਂ ਕਰਨਾ ਕੋਈ ਮਾੜੀ ਗੱਲ ਨਹੀਂ, ਪਰ ਇਸ ਮਹੀਨੇ ਵਾਤਾਵਰਨ ਨਾਲ ਜੋ ਖਿਲਵਾੜ ਹੁੰਦਾ ਹੈ, ਉਹ ਸ਼ਾਇਦ ਪੂਰੇ ਸਾਲ ਦੇ ਹੋਰ ਤਿਉਹਾਰਾਂ ਨਾਲੋਂ ਕਿਤੇ ਜ਼ਿਆਦਾ ਹੁੰਦਾ ਹੈ। ਫਸਲ ਦੀ ਕਟਾਈ ਤੋਂ ਬਾਅਦ ਬਚਦੀ ਰਹਿੰਦ ਖੂੰਹਦ (ਪਰਾਲੀ) ਨੂੰ ਅੱਗ ਦੇ ਭੇਂਟ ਕੀਤਾ ਜਾਂਦਾ ਹੈ, ਚਾਰੇ ਪਾਸੇ ਧੂੰਆਂ ਹੀ ਧੂੰਆਂ ਨਜ਼ਰ ਆਉਂਦਾ ਹੈ । ਦੂਸਰੇ ਪਾਸੇ ਦੀਵਾਲੀ 'ਤੇ ਅਸੀਂ ਹਰ ਸਾਲ ਇਸ ਤੋਂ ਪਹਿਲਾਂ ਬੜੇ ਜ਼ੋਰ-ਸ਼ੋਰ ਨਾਲ ਪ੍ਰਚਾਰ ਕਰਦੇ ਹਾਂ ਕਿ ਦੀਵਾਲੀ 'ਤੇ ਪਟਾਖੇ ਨਹੀਂ ਚਲਾਉਣੇ, ਪ੍ਰਦੂਸ਼ਨ ਨਹੀਂ ਕਰਨਾ, ਪਰ ਦੀਵਾਲੀ ਵਾਲੇ ਦਿਨ ਆਪਣੇ ਕੀਤੇ ਵਾਅਦੇ ਆਪ ਹੀ ਤੋੜ ਦਿੰਦੇ ਹਾਂ । ਚਾਰੇ ਪਾਸੇ ਬਾਰੂਦ ਦੀ ਗੰਧ ਤੇ ਧੂੰਏਂ ਦੇ ਗੁਬਾਰ ਚੜ੍ਹ ਜਾਂਦੇ ਹਨ । ਸਾਡੇ ਵੱਡੇ-ਵਡੇਰੇ, ਸਾਡੇ ਬਜ਼ੁਰਗ ਇਨ੍ਹਾਂ ਤਿਉਹਾਰਾਂ ਨੂੰ ਬੜੀ ਪਵਿੱਤਰਤਾ ਅਤੇ ਸਾਦਗੀ ਨਾਲ ਮਨਾਇਆ ਕਰਦੇ ਸਨ, ਅਸੀਂ ਇਨ੍ਹਾਂ ਨੂੰ ਮਨਾਉਣ ਦਾ ਰੂਪ ਪੂਰੀ ਤਰ੍ਹਾਂ ਬਦਲ ਕੇ ਰੱਖ ਦਿੱਤਾ ਹੈ, ਸਾਦਗੀ ਦੀ ਥਾਂ 'ਤੇ ਵਿਖਾਵਾ, ਚਮਕ-ਦਮਕ ਨੇ ਤਿਉਹਾਰਾਂ ਲਈ ਅਸਲੀ ਭਾਵਨਾ ਹੀ ਖਤਮ ਕਰ ਦਿੱਤੀ ਹੈ। ਦੂਸਰੇ ਪਾਸੇ ਖੇਤਾਂ ਵਿਚਲੀ ਪਰਾਲੀ ਦੀ ਅੱਗ ਤੋਂ ਉੱਠਿਆ ਜ਼ਹਿਰੀਲਾ ਧੂੰਆਂ ਆਪਣਾ ਆਤੰਕ ਫੈਲਾਉਂਦਾ ਹੈ, ਜੋ ਹਾਦਸਿਆਂ ਤੇ ਬਿਮਾਰੀਆਂ ਦਾ ਕਾਰਨ ਬਣਦਾ ਹੈ ।

ਪਰਮਾਤਮਾ ਨੇ ਮਨੁੱਖ ਦੇ ਰੂਪ ਵਿੱਚ ਆਪਣਾ ਅੰਸ਼ ਇਸ ਧਰਤੀ 'ਤੇ ਭੇਜਿਆ ਸੀ ਕਿ ਉਹ ਇਸ ਨੂੰ ਖੂਬਸੂਰਤ ਬਣਾਵੇਗਾ, ਪਰ ਇਸ ਨੇ ਤਾਂ ਪੂਰੀ ਕਾਇਨਾਤ ਨੂੰ ਉਜਾੜ ਕੇ ਰੱਖ ਦਿੱਤਾ ਹੈ। ਅੱਜ ਉਹ ਪ੍ਰਮਾਤਮਾ ਵੀ ਆਦਮੀ ਨੂੰ ਇਸ ਧਰਤੀ 'ਤੇ ਭੇਜ ਕੇ ਪਛਤਾਉਂਦਾ ਹੋਵੇਗਾ।

ਹਵਾ, ਪਾਣੀ, ਮਿੱਟੀ ਸਭ ਨੂੰ ਇਸ ਮਨੁੱਖ ਨੇ ਆਧੁਨਿਕਤਾ ਦੇ ਨਾਂਅ 'ਤੇ ਹੱਦੋਂ ਵੱਧ ਪ੍ਰਦੂਸ਼ਿਤ ਕਰ ਦਿੱਤਾ ਹੈ। ਇਹ ਵਿਗਾੜ ਇੰਨਾ ਵਧ ਗਿਆ ਹੈ ਕਿ ਉਹ ਖੁਦ ਇਨ੍ਹਾਂ ਜ਼ਹਿਰਾਂ ਦਾ ਸ਼ਿਕਾਰ ਹੋ ਰਿਹਾ ਹੈ । ਕਦੇ ਹਰੀ-ਭਰੀ ਬਨਸਪਤੀ, ਸ਼ੁੱਧ ਹਵਾ, ਨਿਰਮਲ ਪਾਣੀ, ਜ਼ਰਖੇਜ਼ ਭੂਮੀ ਇਨਸਾਨ ਦੇ ਨਿਰਬਾਹ ਉਸ ਦੇ ਤੰਦਰੁਸਤ ਸਰੀਰ ਅਤੇ ਮਨ ਦਾ ਅਧਾਰ ਸੀ, ਜਿਸ ਦਾ ਜ਼ਿਕਰ ਸਾਡੇ ਪੁਰਾਤਨ ਗ੍ਰੰਥਾਂ ਵਿੱਚ ਮਿਲਦਾ ਹੈ, ਅਸੀਂ ਆਪਣੇ ਦਾਦਿਆਂ-ਪੜਦਾਦਿਆਂ ਤੋਂ ਵੀ ਇਹ ਗੱਲਾਂ ਸੁਣਦੇ ਰਹੇ ਹਾਂ।

ਵਿਕਾਸ ਦੇ ਨਾਂਅ 'ਤੇ ਸਾਡੇ ਕੋਲ ਜੋ ਬੇਸ਼ਕੀਮਤੀ ਸੀ, ਅਸੀਂ ਗਵਾ ਲਿਆ ਹੈ। ਧਰਤੀ ਹੇਠਲਾ ਪਾਣੀ ਖਾਤਮੇ 'ਤੇ ਪਹੁੰਚ ਗਿਆ ਹੈ । ਹਵਾ ਸਾਹ ਲੈਣ ਯੋਗ ਅਸੀਂ ਛੱਡੀ ਨਹੀਂ। ਜ਼ਰਖੇਜ਼ ਭੂਮੀ ਨੂੰ ਜ਼ਹਿਰਾਂ ਨਾਲ ਭਰ ਦਿੱਤਾ ਹੈ। ਹੋਰ ਅਜੇ ਕਿੰਨੀ ਕੁ ਕਸਰ ਬਾਕੀ ਰਹਿ ਗਈ ਹੈ ਇਸ ਨੂੰ ਬਰਬਾਦ ਕਰਨ ਦੀ। ਹੁਣ ਤਾਂ ਇਸ ਦੇ ਨਤੀਜੇ ਸਾਹਮਣੇ ਹਨ, ਹੁਣ ਤਾਂ ਸੰਭਲ ਜਾਣਾ ਚਾਹੀਦਾ ਹੈ। ਕੀ ਸਾਰਾ ਕੁੱਝ ਗਵਾ ਕੇ ਹੀ ਸਾਡੀਆਂ ਅੱਖਾਂ ਖੁੱਲ੍ਹਣਗੀਆਂ, ਫਿਰ ਪਛਤਾਵੇ ਤੋਂ ਬਿਨਾਂ ਸਾਡੇ ਪੱਲੇ ਕੁੱਝ ਨਹੀਉਂ ਜੇ ਰਹਿਣਾ।

ਅਜੇ ਵੀ ਵੇਲਾ ਹੈ ਡੁੱਲ੍ਹੇ ਬੇਰਾਂ ਦਾ ਕੁੱਝ ਨਹੀਂ ਵਿਗੜਿਆ ਅੱਜ ਵੀ ਸੰਭਲ ਜਾਈਏ ਤਾਂ ਅਜੇ ਵੀ ਬਹੁਤ ਕੁੱਝ ਬਚਾਇਆ ਜਾ ਸਕਦਾ ਹੈ। ਕੁਦਰਤ ਦੀਆਂ ਬਖਸ਼ੀਆਂ ਇਹ ਨਿਆਮਤਾਂ ਨੂੰ ਬਚਾਉਣ ਵਾਲੇ ਪਾਸੇ ਤੁਰ ਪਈਏ ਤਾਂ ਅਸੀਂ ਆਪਣੀ ਆਉਣ ਵਾਲੀ ਪੀੜ੍ਹੀ ਦੀ ਝੋਲੀ ਵਿੱਚ ਕੁੱਝ ਸ਼ੁੱਧਤਾ ਪਾ ਸਕੀਏ, ਨਹੀਂ ਤਾਂ ਉਨ੍ਹਾਂ ਨੇ ਸਾਨੂੰ ਕਦੇ ਮੁਆਫ ਨਹੀਂ ਕਰਨਾ ਤੇ ਸਤਿਕਾਰ ਦੀ ਥਾਂ ਤ੍ਰਿਸਕਾਰ ਦੇ ਪਾਤਰ ਬਣੇ ਰਹਾਂਗੇ ਹਮੇਸ਼ਾ। ਪੈਸੇ ਦੀ ਦੌੜ ਨੇ ਸਾਡੇ ਕੋਲੋਂ ਬਹੁਤ ਕੁੱਝ ਖੋਹ ਲਿਆ ਹੈ। ਜੇ ਅਜੇ ਵੀ ਅਸੀਂ ਨਾ ਸੰਭਲੇ ਤਾਂ ਇਸ ਧਰਤੀ 'ਤੇ ਬਹੁਤ ਛੇਤੀ ਜਿਵੇਂ ਪਸ਼ੂ ਪੰਛੀਆਂ ਦੀਆਂ ਪ੍ਰਜਾਤੀਆਂ ਖਤਮ ਹੋਈਆਂ ਹਨ, ਇਸੇ ਤਰ੍ਹਾਂ ਮਨੁੱਖ ਜਾਤੀ ਦੀਆਂ ਨਸਲਾਂ ਦਾ ਵਾਧਾ ਰੁਕ ਜਾਵੇਗਾ, ਜੋ ਬਹੁਤ ਹੀ ਗੰਭੀਰ ਅਤੇ ਚਿੰਤਨ ਦਾ ਵਿਸ਼ਾ ਹੈ। ਇਸ ਚੌਗਿਰਦੇ ਨੂੰ ਦੁਬਾਰਾ ਉਸੇ ਰੂਪ ਵਿੱਚ ਲਿਆਉਣ ਲਈ ਹਰ ਸੰਭਵ ਯਤਨ ਕਰਨਾ ਹੀ ਹੈ ਤੇ ਇਸ ਵਿੱਚ ਹੀ ਸਾਰੇ ਜਗਤ ਦਾ ਭਲਾ ਹੋਵੇਗਾ ।

# **ਸੰਪਰਕ** : 86995-35708

# ਤਬਾਹੀ ਨਜ਼ਾਰਾ ਨਹੀਂ, ਦੁੱਖ ਭਰੀ ਹੁੰਦੀ ਹੈ



ਅਮੀਰ ਸਿੰਘ ਜੋਸਨ

ਹਮਾਸ ਅਤੇ ਇਜ਼ਰਾਈਲੀ ਸੁਰੱਖਿਆ ਬਲਾਂ ਵਿਚਾਲੇ ਲੜਾਈ ਜਾਰੀ ਹੈ। ਹਮਾਸ ਲੜਾਕਿਆਂ ਦੀਆਂ ਲਾਸ਼ਾਂ ਅਜੇ ਵੀ ਖਿੰਡੀਆਂ ਪਈਆਂ ਹਨ, ਪਰ ਇਜ਼ਰਾਈਲੀ ਆਪਣੇ ਲੋਕਾਂ ਦੀਆਂ ਲਾਸ਼ਾਂ ਚੁੱਕ ਕੇ ਲੈ ਗਏ ਹਨ। ਇਜ਼ਰਾਇਲੀ ਹਸਪਤਾਲਾਂ ਨੇ ਕਿਹਾ ਹੈ ਕਿ ਦਰਜਨਾਂ ਜ਼ਖਮੀਆਂ ਦਾ ਇਲਾਜ ਕੀਤਾ ਜਾ ਰਿਹਾ ਹੈ, ਜਿਨ੍ਹਾਂ ਵਿੱਚੋਂ ਕਈਆਂ ਦੀ ਹਾਲਤ ਗੰਭੀਰ ਹੈ। ਇੱਥੇ ਦੱਸਣਾ ਬਣਦਾ ਹੈ ਕਿ 22 ਲੱਖ ਦੀ ਆਬਾਦੀ ਵਾਲੇ ਗਾਜ਼ਾ ਪੱਟੀ ਦੇ ਲੋਕ ਲਾਸ਼ਾਂ ਲਿਜਾਣ ਤਾਂ ਲਿਜਾਣ ਕਿੱਥੇ, ਜਦੋਂ ਕਿ ਇਜ਼ਰਾਈਲ ਦੁਆਰਾ ਭਾਰੀ ਭਰਕਮ ਗੋਲਾਬਾਰੀ ਕੀਤੀ ਜਾ ਰਹੀ ਹੈ। ਹਸਪਤਾਲਾਂ ਵਿੱਚ ਦਵਾਈਆਂ ਹੈ ਨਹੀਂ, ਭਾਵੇਂ ਇਜ਼ਰਾਈਲ ਦੇ ਜਨਮ ਤੋਂ ਹੀ ਇਜ਼ਰਾਈਲ ਅਤੇ ਗਾਜ਼ਾ ਵਿਚਾਲੇ ਲਗਾਤਾਰ ਤਣਾਅ ਜਾਰੀ ਹੈ, ਪਰ ਕਿਹਾ ਜਾਂਦਾ ਹੈ ਕਿ ਅੱਤਵਾਦੀਆਂ ਵੱਲੋਂ ਇਹ ਹਮਲਾ ਬਿਨਾਂ ਕਿਸੇ ਚਿਤਾਵਨੀ ਦੇ ਕੀਤਾ ਗਿਆ। ਇਹ ਵੀ ਲਗਾਤਾਰ ਖਬਰਾਂ ਆ ਰਹੀਆਂ ਹਨ ਕਿ ਭੁੱਖੇ ਢਿੱਡ ਜਿਸ ਦੀ ਲੱਗਭੱਗ 80% ਆਬਾਦੀ ਕੌਮਾਂਤਰੀ ਸਹਾਇਤਾ 'ਤੇ ਨਿਰਭਰ ਕਰਦੀ ਹੈ ਅਤੇ ਲੱਖਾਂ ਲੋਕ ਰੋਜ਼ਾਨਾ ਕੌਮਾਂਤਰੀ ਸਹਾਇਤਾ 'ਤੇ ਨਿਰਭਰ ਕਰਦੇ ਹਨ।

ਉਸ ਗਾਜ਼ਾ ਪੱਟੀ ਦੇ ਫਲਸਤੀਨੀ ਕੱਟੜਵਾਦੀ ਸਮੂਹ ਹਮਾਸ ਨੇ ਇਜ਼ਰਾਈਲ 'ਤੇ ਬੇਮਿਸਾਲ ਹਮਲਾ ਕੀਤਾ ਹੈ, ਇਸ ਦੇ ਲੜਾਕਿਆਂ ਨੇ ਇਜ਼ਰਾਈਲ ਵਿੱਚ ਦਾਖਲ ਹੋ ਕੇ ਉੱਥੇ ਰਹਿਣ ਵਾਲੇ ਲੋਕਾਂ ਨੂੰ ਮਾਰਿਆ ਅਤੇ ਬੰਦੀ ਬਣਾਇਆ ਹੈ। ਇਜ਼ਰਾਈਲ ਦੀ ਘਰੇਲੂ ਖੁਫੀਆ, ਮੋਸਾਦ, ਇਸ ਦੀ ਬਾਹਰੀ ਜਾਸੂਸੀ ਏਜੰਸੀ ਜੋ ਦੁਨੀਆ ਵਿੱਚ ਆਪਣੇ ਨਾਂਅ ਦਾ ਲੋਹਾ ਮਨਵਾ ਚੁੱਕੀ ਹੈ, ਜਿਸ ਬਾਰੇ ਕਿਹਾ ਜਾਂਦਾ ਹੈ ਕਿ ਇਹ ਕੋਈ ਕਿਤੇ ਵੀ ਹੋਵੇ, ਭਾਵੇਂ ਅਸਮਾਨ ਵਿੱਚ ਜਾਂ ਧਰਤੀ ਦੀ ਗੁਫਾ ਵਿੱਚ, ਇਸ ਮੋਸਾਦ ਨੂੰ ਉਸ ਦੀ ਪੂਰੀ ਜਾਣਕਾਰੀ ਹੁੰਦੀ ਹੈ। ਕਿਵੇਂ ਦੁਸ਼ਮਣਾਂ ਨੂੰ ਪਲਕ ਝਪਕਦਿਆਂ ਹੀ ਮਾਰਿਆ ਜਾਵੇ, ਇਹ ਏਜੰਸੀ ਇਸ ਵਿੱਚ ਮਾਹਿਰ ਹੈ 7 ਅਕਤੂਬਰ ਨੂੰ ਪਰ ਮੋਸਾਦ ਨੂੰ ਕੋਈ ਭਿਣਕ ਤੱਕ ਨਹੀਂ ਲੱਗੀ। ਫਲਸਤੀਨੀ ਅੱਤਵਾਦੀ ਸੰਗਠਨ ਵਜੋਂ ਜਾਣੇ ਜਾਂਦੇ ਹਮਾਸ ਦੇ ਲੜਾਕਿਆਂ ਨੇ ਗਾਜ਼ਾ ਸਰਹੱਦ ਤੋਂ ਹਮਾਸ ਦੇ ਲੜਾਕਿਆਂ ਨੇ ਗਾਜ਼ਾ ਅਤੇ ਇਜ਼ਰਾਈਲ ਦੀ ਵੰਡ ਦੀਵਾਰ ਨੂੰ ਪਾਰ ਕੀਤਾ ਅਤੇ ਕੰਡਿਆਲੀ ਵਾੜ ਨੂੰ ਵੀ ਤੋੜ ਦਿੱਤਾ। ਉਨ੍ਹਾਂ ਨੇੜੇ ਇਜ਼ਰਾਈਲ ਦੇ ਕਿਬੁਟਜ਼ ਰੀਮ ਵਿੱਚ ਆਯੋਜਿਤ ਕੀਤੇ ਜਾ ਰਹੇ ਇੱਕ ਸੰਗੀਤ ਸਮਾਰੋਹ ਨੂੰ ਨਿਸ਼ਾਨਾ ਬਣਾਇਆ। ਇਸ ਤਿਉਹਾਰ ਵਿੱਚ ਵੱਡੀ ਗਿਣਤੀ ਵਿੱਚ ਲੋਕ ਇਕੱਠੇ ਹੋਏ ਸਨ। ਉਨ੍ਹਾਂ ਪੈਰਾਸ਼ੂਟ ਦੀ ਵਰਤੋਂ ਕੀਤੀ, ਜੋ ਭਾਵੇਂ ਇੱਕ ਜਾਂ ਦੋ ਲੋਕਾਂ ਨੂੰ ਲਿਜਾਣ ਦੀ ਸਮਰੱਥਾ ਰੱਖਦੇ ਸਨ। ਇਹ ਪੈਰਾਸ਼ੂਟ ਲੈੱਸ ਲੜਾਕੇ ਗਲਾਈਡਰ ਦੁਆਰਾ ਗਾਜ਼ਾ ਦੇ ਬਾਹਰ ਇਜ਼ਰਾਈਲੀ ਖੇਤਰਾਂ ਵਿੱਚ ਦਾਖਲ ਹੋਏ ਸਨ। ਹਮਾਸ ਨੇ ਮਿਊਜ਼ਿਕ ਸਮਾਗਮ ਦਾ ਆਨੰਦ ਲੈਣ ਆਏ ਲੋਕਾਂ 'ਤੇ ਅੰਨ੍ਹੇਵਾਹ ਗੋਲੀਬਾਰੀ ਕੀਤੀ। ਇਸ ਤਿਉਹਾਰ ਵਿੱਚ ਕਈ ਲੋਕ ਮਾਰੇ ਗਏ। ਲੋਕ ਵਾਹਨਾਂ ਵਿੱਚ ਜਾਂ ਫਿਰ ਪੈਦਲ ਭੱਜਦੇ ਦੇਖੇ ਗਏ। ਸੋਸ਼ਲ ਮੀਡੀਆ 'ਤੇ ਔਰਤਾਂ ਨੂੰ ਜ਼ਬਰਦਸਤੀ ਅਗਵਾ ਕੀਤੇ ਜਾਣ ਦੀਆਂ ਵਾਇਰਲ ਹੋਈਆਂ ਵੀਡੀਓਜ਼ ਵੀ ਦੇਖਣ ਨੂੰ ਮਿਲੀਆਂ।

ਇਸ ਗੱਲ ਨੇ ਇਜ਼ਰਾਈਲ ਨੂੰ ਇੰਨਾ ਝੰਜੋੜ ਕੇ ਰੱਖ ਦਿੱਤਾ ਕਿ ਉਸ ਨੇ ਗਾਜ਼ਾ ਪੱਟੀ ਵਿੱਚ ਅੱਤਵਾਦੀ ਸੰਗਠਨ ਹਮਾਸ ਦੇ ਖਿਲਾਫ ਜੰਗ ਸ਼ੁਰੂ ਕਰ ਦਿੱਤੀ। ਗਾਜ਼ਾ ਅਤੇ ਇਜ਼ਰਾਈਲ ਵਿੱਚ ਹੋਈਆਂ ਮੌਤਾਂ ਦੀ ਕੁੱਲ ਗਿਣਤੀ ਹਜ਼ਾਰਾਂ ਨੂੰ ਪਾਰ ਕਰ ਗਈ ਹੈ, ਜ਼ਿਆਦਾਤਰ ਔਰਤਾਂ, ਬੱਚੇ ਅਤੇ ਬਜ਼ੁਰਗ ਇਸ ਜੰਗ ਦਾ ਸ਼ਿਕਾਰ ਹੋ ਰਹੇ ਹਨ। ਇਜ਼ਰਾਇਲੀ ਪੀ ਐੱਮ ਨੇਤਨਯਾਹੂ ਨੇ ਕਿਹਾ ਕਿ ਇਹ ਸਿਰਫ ਭੜਕਾਉਣ ਵਾਲੀ ਗੱਲ ਨਹੀਂ, ਬਲਕਿ ਦੁਸ਼ਮਣ ਨੂੰ ਇਸ ਦੀ ਭਾਰੀ ਕੀਮਤ ਚੁਕਾਉਣੀ ਪਵੇਗੀ। ਇਹ ਇੱਕ ਜੰਗ ਹੈ। ਇਜ਼ਰਾਈਲੀ ਹਮਲੇ ਲਗਾਤਾਰ ਜਾਰੀ ਹਨ, ਹੁਣ ਇੱਥੇ ਸੰਕਟ ਏਨੇ ਡੂੰਘੇ ਹੋ ਗਏ ਹਨ ਕਿ ਲੋਕ ਨਾ ਤਾਂ ਘਰ ਦੇ ਅੰਦਰ ਸੁਰੱਖਿਅਤ ਹਨ ਅਤੇ ਨਾ ਹੀ ਘਰ ਦੇ ਬਾਹਰ। ਇੱਥੇ ਬਿਜਲੀ ਅਤੇ ਪਾਣੀ ਪਹਿਲਾਂ ਹੀ ਲੋੜ ਤੋਂ ਘੱਟ ਹੈ। ਹੁਣ ਲੋਕਾਂ ਨੂੰ ਪਾਣੀ, ਬਿਜਲੀ ਦੀ ਕਮੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਇੱਥੋਂ ਤੱਕ ਕਿ ਲੋਕ ਬਿਨਾਂ ਇਲਾਜ ਤੋਂ ਹਸਪਤਾਲਾਂ ਵਿੱਚ ਮਰਨ ਲੱਗੇ ਹਨ। ਜ਼ਿਆਦਾਤਰ ਬੁੱਢੇ ਅਤੇ ਬੱਚੇ ਜੰਗ ਦਾ ਖਮਿਆਜ਼ਾ ਭੁਗਤ ਰਹੇ ਹਨ। ਇਜ਼ਰਾਈਲ ਦੀ ਕਾਰਵਾਈ ਹੋਰ ਤਿੱਖੀ ਹੁੰਦੀ ਜਾ ਰਹੀ ਹੈ। ਅਰਬ ਦੇਸ਼ ਮਿਸਰ ਗਾਜ਼ਾ ਪੱਟੀ ਦੇ ਗੁਆਂਢ ਵਿੱਚ ਹੈ। ਇਜ਼ਰਾਈਲ ਮਿਸਰ ਨੂੰ ਪਸੰਦ ਨਹੀਂ ਕਰਦਾ, ਇਸ ਲਈ ਇਜ਼ਰਾਈਲ ਨੇ ਧਮਕੀ ਵੀ ਦਿੱਤੀ ਕਿ ਜੇਕਰ ਮਿਸਰ ਦਾ ਇੱਕ ਟਰੱਕ ਵੀ ਗਾਜ਼ਾ ਵਿੱਚ ਦਾਖਲ ਹੋਇਆ ਤਾਂ ਉਸ 'ਤੇ ਬੰਬ ਸੁੱਟੇ ਜਾਣਗੇ। ਸੋਚੋ ਕਿ ਅਰਬ ਦੇਸ਼ ਯਹੂਦੀਆਂ ਤੋਂ ਕਿੰਨੇ ਡਰਦੇ ਹਨ। ਸੀਰੀਆ ਨੇ ਵੀ ਹਮਾਸ ਦੇ ਲੜਾਕਿਆਂ ਦੀ ਮਦਦ ਕਰਨ ਬਾਰੇ ਕੁਝ ਨਹੀਂ ਕਿਹਾ, ਇਜ਼ਰਾਈਲ ਨੇ ਉਸ ਦਿਸ਼ਾ ਵਿੱਚ ਵੀ ਰਾਕੇਟ ਦਾਗੇ, ਇਹ ਚੇਤਾਵਨੀ ਦੇਣ ਲਈ ਕਿ ਸਾਡਾ ਮਕਸਦ ਹਮਾਸ ਨੂੰ ਪੂਰੀ ਤਰ੍ਹਾਂ ਤਬਾਹ ਕਰਨਾ ਅਤੇ ਗਾਜ਼ਾ ਪੱਟੀ 'ਤੇ ਕਬਜ਼ਾ ਕਰਨਾ ਹੈ। ਮੌਜੂਦਾ ਸਥਿਤੀ ਇਹ ਹੈ ਕਿ ਇਜ਼ਰਾਈਲ ਅਤੇ ਹਮਾਸ ਦੇ ਲੜਾਕਿਆਂ ਵਿਚਕਾਰ ਮੌਤ ਦੀ ਜੰਗ ਚੱਲ ਰਹੀ ਹੈ। ਗਾਜ਼ਾ ਪੱਟੀ 'ਚ ਰੋਜ਼ਾਨਾ ਧਮਾਕੇ ਹੋ ਰਹੇ ਹਨ, ਸ਼ਹਿਰ ਖੰਡਰ ਬਣ ਰਹੇ ਹਨ। ਇਜ਼ਰਾਈਲ ਕੋਲ ਤਾਂ ਖਾਣ-ਪੀਣ ਤੇ ਮੈਡੀਕਲ ਦੀ ਹਰ ਸਹੂਲਤ ਹੈ, ਪਰ ਦੂਜੇ ਪਾਸੇ ਗਾਜ਼ਾ ਪੱਟੀ ਵਿੱਚ ਤਾਂ ਲੋਕ ਪਹਿਲਾਂ ਹੀ ਇਨ੍ਹਾਂ ਸਹੂਲਤਾਂ ਤੋਂ ਵਾਂਝੇ ਸੀ, ਹੁਣ ਤਾਂ ਗਾਜ਼ਾ ਵਿੱਚ ਭੋਜਨ, ਪਾਣੀ ਅਤੇ ਮੈਡੀਕਲ ਸਪਲਾਈ ਵਰਗੀ ਕੋਈ ਵੀ ਸਹੂਲਤ ਨਹੀਂ ਹੈ। ਇਹ ਦੇਖਣਾ ਜ਼ਰੂਰੀ ਨਹੀਂ ਕਿ ਇਸ ਜੰਗ ਵਿੱਚ ਕੌਣ ਜਿੱਤੇਗਾ। ਗੱਲ ਤਾਂ ਸਭ ਤੋਂ ਵੱਡੀ ਇਹ ਹੈ ਕਿ ਇਸ ਖੂਨੀ ਜੰਗ ਵਿੱਚ ਬੇਕਸੂਰ ਲੋਕ ਜ਼ਿੰਦਗੀ ਦੀ ਜੰਗ ਹਾਰ ਰਹੇ ਹਨ। ਬਹੁਤ ਸਾਰੇ ਲੋਕਾਂ ਨੇ ਇਸ ਦੁਸ਼ਮਣੀ ਨੂੰ ਕੁਝ ਵਿਰਾਮ ਦੇਣ ਦੀਆਂ ਬੇਨਤੀਆਂ ਕੀਤੀਆਂ ਹਨ ਤੇ ਪ੍ਰਸਤਾਵ ਰੱਖਿਆ ਹੈ ਤਾਂ ਜੋ ਭੋਜਨ, ਪਾਣੀ ਅਤੇ ਮੈਡੀਕਲ ਸਪਲਾਈ ਵਰਗੀ ਮਨੁੱਖਤਾਵਾਦੀ ਮਦਦ ਗਾਜ਼ਾ ਤੱਕ ਪਹੁੰਚ ਸਕੇ। ਅਸੀਂ ਬਹੁਤ ਹਿੰਸਾ ਦੇਖ ਰਹੇ ਹਾਂ, ਬੱਚਿਆਂ ਨੂੰ ਮਲਬੇ ਵਿੱਚੋਂ ਬਾਹਰ ਕੱਢਿਆ ਜਾ ਰਿਹਾ ਹੈ। ਟੁੱਟੇ ਦਿਲ ਨਾਲ ਲੋਕ ਹਿੰਸਾ ਦੇਖ ਰਹੇ ਹਨ, ਇਹ ਲੋਕ ਹਿੰਸਾ ਦਾ ਅੰਤ ਦੇਖਣਾ ਚਾਹੁੰਦੇ ਹਨ। ਅਸੀਂ ਇਹ ਮੰਨਦੇ ਹਾਂ ਕਿ ਜੰਗਬੰਦੀ ਅਤੇ ਸਾਰੇ ਬੰਧਕਾਂ ਦੀ ਰਿਹਾਈ ਬੇਹੱਦ ਮਹੱਤਵਪੂਰਨ ਹੈ। ਇਸ ਯੁੱਧ ਦੇ ਵਿਚਕਾਰ ਇਜ਼ਰਾਈਲ ਨੇ ਹਮਾਸ ਨੂੰ ਆਪਣੇ ਜਿੰਨੇ ਵੀ ਬੰਧਕ ਹਨ, ਰਿਹਾਅ ਕਰਨ ਲਈ ਕਿਹਾ ਹੈ, ਜਿਸ ਤੋਂ ਬਾਅਦ ਹਮਾਸ ਨੇ ਕਿਹਾ ਹੈ ਕਿ ਪਹਿਲਾਂ ਇਜ਼ਰਾਈਲ ਫਲਸਤੀਨੀ ਨਾਗਰਿਕਾਂ ਨੂੰ ਰਿਹਾਅ ਕਰੇ ਅਤੇ ਫਿਰ ਹੀ ਹਮਾਸ ਆਪਣੇ ਕਬਜ਼ੇ ਵਿੱਚ ਇਜ਼ਰਾਈਲੀ ਬੰਧਕਾਂ ਨੂੰ ਰਿਹਾਅ ਕਰੇਗਾ। ਭਾਵੇਂ ਹਮਾਸ ਤੇ ਇਜਰਾਈਲ ਨੂੰ ਆਪਣੀ ਰੱਖਿਆ ਕਰਨ ਦਾ ਅਧਿਕਾਰ ਹੈ, ਪਰ ਇਹ ਨਹੀ ਕਿ ਸ਼ਾਂਤੀ ਅਤੇ ਸੁਰੱਖਿਆ ਨੂੰ ਤੇ ਆਮ ਲੋਕ ਜੋ ਮਰ ਰਹੇ ਹਨ ਉਨ੍ਹਾਂ ਨੂੰ ਮਰਨ ਲਈ ਛੱਡ ਦਿੱਤਾ ਜਾਵੇ। ਇਨ੍ਹਾਂ ਲਈ ਕੰਮ ਕਰਨਾ ਚਾਹੀਦਾ ਹੈ ਨਾ ਕਿ ਲੋਕਾਂ ਨੂੰ ਜੰਗ ਦੀ ਅੱਗ ਵਿੱਚ ਸੁੱਟਣ ਲਈ।

ਹਵਾਈ ਹਮਲਿਆਂ ਵਿੱਚ ਵਿਨਾਸ਼ਕਾਰੀ ਜੰਗ ਦੇ ਨਤੀਜੇ ਵਜੋਂ ਬੇਕਸੂਰ ਨਾਗਰਿਕਾਂ ਨੂੰ ਚੁਫੇਰਿਓਂ ਬਹੁਤ ਦੁੱਖ ਝੱਲਣਾ ਪੈ ਰਿਹਾ ਹੈ। ਅਸੀ ਸੰਯੁਕਤ ਰਾਸ਼ਟਰ ਨੂੰ ਤੇ ਹੋਰ ਲੋਕ ਜੋ ਅਮਨਪਸੰਦ ਨੇ ਨੂੰ ਅਪੀਲ ਕਰਦੇ ਹਾਂ ਕਿ ਗਾਜ਼ਾ ਦੇ ਲੋਕਾਂ ਨੂੰ ਜ਼ਰੂਰੀ ਡਾਕਟਰੀ ਸਪਲਾਈ ਅਤੇ ਭੋਜਨ ਸਮੇਤ ਤੁਰੰਤ ਮਾਨਵਤਾਵਾਦੀ ਸਹਾਇਤਾ ਦੀ ਸਪਲਾਈ ਸ਼ੁਰੂ ਕਰਨੀ ਚਾਹੀਦੀ ਹੈ। ਇਜ਼ਰਾਈਲ-ਫਲਸਤੀਨ ਦਰਮਿਆਨ ਗਾਜ਼ਾ ਖੇਤਰ ਵਿੱਚ ਫੌਰੀ ਜੰਗਬੰਦੀ ਹੋਣੀ ਚਾਹੀ ਦੀ ਹੈ, ਤਾਂ ਜੋ ਇਸ ਲੜਾਈ ਦੌਰਾਨ ਅਜਾਈਂ ਜਾ ਰਹੀਆਂ ਮਾਸੂਮ ਜਾਨਾਂ, ਖਾਸ ਕਰਕੇ ਬੱਚਿਆਂ ਅਤੇ ਔਰਤਾਂ ਦੀਆਂ ਦੁੱਖਦਾਈ ਮੌਤਾਂ ਰੁਕ ਸਕਣ।

# **ਸੰਪਰਕ** : 94179-15875

# ਪੈਨਸ਼ਨਰਜ਼ ਮੰਗਾਂ ਦੀ ਪ੍ਰਾਪਤੀ ਲਈ ਡੀ ਸੀ ਦਫਤਰ ਅੱਗੇ ਰੋਸ ਮੁਜ਼ਾਹਰਾ



**ਸੰਗਰੂਰ (ਪ੍ਰਵੀਨ)**-ਆਲ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਸੰਗਰੂਰ ਦੇ ਬੈਨਰ ਹੇਠ ਸਰਪ੍ਰਸਤ ਜਗਦੀਸ਼ ਸ਼ਰਮਾ ਐਕਟਿੰਗ ਪ੍ਰਧਾਨ, ਸੁਰਿੰਦਰ ਸਿੰਘ ਬਾਲੀਆ, ਪ੍ਰਸ ਪ੍ਰਧਾਨ ਅਜਮੇਰ ਸਿੰਘ ਦੀ ਅਗਵਾਈ ਵਿੱਚ ਪੈਨਸ਼ਨਰਜ਼ ਮੰਗਾਂ ਦੀ ਪ੍ਰਾਪਤੀ ਲਈ ਡਿਪਟੀ ਕਮਿਸ਼ਨਰ ਸੰਗਰੂਰ ਦੇ ਦਫਤਰ ਅੱਗੇ ਧਰਨਾ/ਰੋਸ ਮੁਜ਼ਾਹਰਾ ਕੀਤਾ ਅਤੇ ਸਰਕਾਰ ਵਿਰੁੱਧ ਭਾਰੀ ਨਾਅਰੇਬਾਜ਼ੀ ਕੀਤੀ। ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਨੂੰ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ 1-1-2016 ਤੋਂ 30-06-2021 ਤੱਕ ਦੇ 66 ਮਹੀਨੇ ਦੇ ਬਕਾਏ, ਜੁਲਾਈ 22 ਤੋਂ ਡੀ.ਏ ਦੀਆਂ 3 ਕਿਸ਼ਤਾਂ ਦਾ 12% ਵਾਧਾ, 2.59 ਗੁਣਾਕ, ਨੋਸ਼ਨਲ ਪੇ-ਫਿਕਸੇਸ਼ਨ ਦਾ ਫਾਰਮੂਲਾ, ਕੋਰਟਾਂ ਦੇ ਫੈਸਲੇ ਅਤੇ ਪਿਛਲੇ 210 ਮਹੀਨੇ ਦੀਆਂ ਡੀ.ਏ ਦੀਆਂ ਕਿਸ਼ਤਾਂ ਦੇ ਬਕਾਏ ਨਾ ਦੇ ਕੇ ਪੈਨਸ਼ਨਰਾਂ ਨਾਲ ਬਹੁਤ ਧੱਕਾ ਅਤੇ ਬੇ-ਇਨਸਾਫੀ ਕੀਤੀ ਜਾ ਰਹੀ ਹੈ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਰੈਲੀ ਨੂੰ ਸੰਬੋਧਨ ਕਰਦਿਆਂ ਜਗਦੀਸ਼ ਸ਼ਰਮਾ, ਸੁਰਿੰਦਰ ਬਾਲੀਆ, ਬਿੱਕਰ ਸਿੰਘ ਸਿਬੀਆਂ, ਭਰਤਰੀ ਸਿੰਘ ਅਤੇ ਬਲਵੰਤ ਸਿੰਘ ਨੇ ਦੱਸਿਆ ਕਿ ਕੇਂਦਰ ਸਰਕਾਰ, ਚੰਡੀਗੜ੍ਹ, ਦਿੱਲੀ, ਉੜੀਸਾ, ਹਰਿਆਣਾ 46% ਡੀ.ਏ ਸਮੇਤ ਬਕਾਏ ਦੇ ਦਿੱਤੇ ਹਨ ਪਰ ਪੰਜਾਬ ਸਰਕਾਰ ਕੇਵਲ 34% ਡੀ.ਏ ਦੇ ਰਹੀ ਹੈ ਜੋ ਸ਼ਰੇਆਮ ਬੇਇਨਸਾਫੀ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਦੀਵਾਲੀ ਤੋਂ ਪਹਿਲਾਂ ਡੀ.ਏ ਦੀਆਂ 12% ਕਿਸ਼ਤਾਂ ਅਤੇ 66 ਮਹੀਨੇ ਦੇ ਬਕਾਏ ਦੇ ਹੁਕਮ ਜਾਰੀ ਨਾ ਕੀਤੇ ਤਾਂ ਪੰਜਾਬ ਜੁਆਇੰਟ ਫਰੰਟ ਦੇ ਫੈਸਲੇ ਅਨੁਸਾਰ ਮਿਤੀ 9, 10 ਅਤੇ 11 ਨਵੰਬਰ ਨੂੰ ਸਾਰੇ ਐਮ.ਐਲ.ਏ/ਮੰਤਰੀਆਂ ਦੀਆਂ ਕੋਠੀਆਂ ਅੱਗੇ ਪੰਜਾਬ ਸਰਕਾਰ ਦੇ ਪੁਤਲੇ ਫੂਕੇ ਜਾਣਗੇ। ਇਸ ਮੌਕੇ ਮੇਲਾ ਸਿੰਘ ਪੁੰਨਾਵਾਲ, ਸੀਤਾ ਰਾਮ ਸ਼ਰਮਾ, ਸ਼ਿਵ ਕੁਮਾਰ, ਹਰਚਰਨ ਸਿੰਘ, ਮੰਗਲ ਰਾਣਾ, ਕਰਨੈਲ ਸਿੰਘ, ਸਤਨਾਮ ਸਿੰਘ ਬਾਜਵਾ, ਸੁਖਮੰਦਰ ਸਿੰਘ, ਬਲਬੀਰ ਸਿੰਘ ਰਤਨ, ਬਲਵੰਤ ਸਿੰਘ ਢਿੱਲੋਂ, ਭੀਮ ਸੈਨ, ਰਾਮ ਲਾਲ ਸ਼ਰਮਾ, ਜਗਦੇਵ ਸਿੰਘ ਤੂੰਗਾ, ਨਾਨਕ ਸਿੰਘ ਦੁੱਗਾਂ, ਸੁਖਵਿੰਦਰ ਸਿੰਘ ਖੇੜੀ, ਪਵਨ ਕੁਮਾਰ ਜੋਸ਼ੀ, ਪਵਨ ਸਿੰਗਲਾ ਐਸ.ਡੀ.ਓ, ਨਛੱਤਰ ਸਿੰਘ ਘਾਬਦਾ, ਪ੍ਰਸ਼ੋਤਮ ਦਾਸ ਸ਼ਰਮਾ, ਸੱਤਪਾਲ ਕਲਸੀ, ਕੁਲਵੰਤ ਸਿੰਘ, ਜਗਪਾਲ ਸਿੰਘ ਨੇ ਵੀ ਸੰਬੋਧਨ ਕੀਤਾ।

# ਨੰਗਲਾ ਖਰੀਦ ਕੇਂਦਰ 'ਤੇ ਮੰਡੀ ਇੰਸਪੈਕਟਰ ਦਾ ਘਿਰਾਓ



**ਮੂਨਕ (ਰਾਜਪਾਲ ਸਿੰਗਲਾ)**
ਕਿਸਾਨਾਂ ਵਲੋਂ ਨੰਗਲਾ ਖਰੀਦ ਕੇਂਦਰ ਵਿਖੇ ਮੰਡੀ ਇੰਸਪੈਕਟਰ ਦਾ ਘਿਰਾਓ ਕੀਤਾ ਗਿਆ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਪਿੰਡ ਨੰਗਲਾ ਇਕਾਈ ਦੇ ਪ੍ਰਧਾਨ ਰਾਮ ਸਿੰਘ, ਮਿੱਠੂ ਸਿੰਘ, ਮਾੜੂ ਸਿੰਘ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੰਡੀਆਂ ਵਿੱਚ ਝੋਨੇ ਦੇ ਅੰਬਾਰ ਲੱਗੇ ਹੋਏ ਹਨ। ਪਿਛਲੇ ਕਈ ਦਿਨਾਂ ਤੋਂ ਬੋਲੀ ਨਾ ਲੱਗੀ ਹੋਣ ਕਰਕੇ ਕਿਸਾਨਾਂ ਨੂੰ ਬਹੁਤ ਸਾਰੀਆਂ ਖੱਜਲ ਖੁਆਰੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮੰਡੀ ਵਿੱਚ ਮਾਰਕਿਟ ਕਮੇਟੀ ਵਲੋਂ ਕਿਸਾਨਾਂ ਲਈ ਕੋਈ ਖਾਸ ਪ੍ਰਬੰਧ ਵੀ ਨਹੀਂ ਕੀਤੇ। ਉਨ੍ਹਾਂ ਦੱਸਿਆ ਕਿ ਤਕਰੀਬਨ 3 ਤੋਂ 4 ਸੌ ਏਕੜ ਖੇਤਾਂ ਵਿਚ ਝੋਨਾ ਖੜ੍ਹਾ ਹੈ ਕਿਉਂਕਿ ਕਿਸਾਨ ਇਸ ਉਡੀਕ ਵਿਚ ਹਨ ਕਿ ਕਦੋਂ ਮੰਡੀ ਖਾਲੀ ਹੋਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਝੋਨਾ ਲਗਾਉਣ ਦੀ ਤਰੀਕ ਪਛੇਤੀ ਦੇਣ ਕਾਰਨ ਝੋਨੇ ਦੀ ਨਮੀ ਬਰਕਰਾਰ ਹੈ। ਇਸ ਤੋਂ ਬਾਅਦ ਮੌਸਮ ਵਿੱਚ ਤਬਦੀਲੀਆਂ ਹੋਣ ਕਾਰਨ ਝੋਨਾ ਪੂਰੀ ਤਰ੍ਹਾਂ ਪਕਾਓ ਵਿਚ ਨਹੀਂ ਹੈ। ਕਿਸਾਨਾਂ ਵਲੋਂ ਮੰਗ ਹੈ ਕਿ ਮੰਡੀ ਵਿੱਚ ਝੋਨੇ ਦੀ ਖਰੀਦ ਕੀਤੀ ਜਾਵੇ। ਬਲਾਕ ਆਗੂ ਸੂਬਾ ਸਿੰਘ ਸੰਗਤਪੁਰਾ, ਹਰਜਿੰਦਰ ਸਿੰਘ ਨੰਗਲਾ, ਹਰਸੇਵਕ ਸਿੰਘ ਲਹਿਲ ਖੁਰਦ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਸਰੇਆਮ ਝੂਠਾ ਪ੍ਰਚਾਰ ਕੀਤਾ ਜਾ ਰਿਹਾ ਹੈ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਫਸਲ ਦੇ ਪੈਸੇ ਦੀ ਅਦਾਇਗੀ ਤੁਰੰਤ ਕਰ ਦਿੱਤੀ ਜਾਵੇਗੀ। ਪਰ ਹਕੀਕਤ ਇਸ ਤੋਂ ਸੌ ਕੋਹ ਪਰੇ ਹੈ। 15 ਦਿਨਾਂ ਪਹਿਲਾਂ ਵਿਕੀ ਝੋਨੇ ਦੀ ਫਸਲ ਦਾ ਹੁਣ ਤੱਕ ਇਕ ਵੀ ਰੁਪਈਆ ਖਾਤਿਆਂ ਵਿਚ ਨਹੀਂ ਆਇਆ। ਉਨ੍ਹਾਂ ਕਿਹਾ ਕਿ ਕਿਸਾਨਾਂ ਉਤੇ ਪਰਾਲੀ ਦੇ ਪਰਚੇ ਪਾਏ ਜਾ ਰਹੇ ਹਨ ਜੋ ਸਰਾਸਰ ਪੰਜਾਬ ਸਰਕਾਰ ਵਲੋਂ ਧੱਕਾ ਕੀਤਾ ਜਾ ਰਿਹਾ ਹੈ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਕਿਸਾਨਾਂ ਨਾਲ ਹੈ ਅਤੇ ਕਦੇ ਵੀ ਪਰਚੇ ਨਹੀਂ ਪਾਉਣ ਦੇਵੇਗੀ। ਇਸ ਮੌਕੇ ਪਿੰਡ ਇਕਾਈ ਮੈਂਬਰਾਂ ਤੋਂ ਇਲਾਵਾ ਕੁਲਦੀਪ ਸਿੰਘ ਰਾਮਗੜ੍ਹ, ਗੁਰਮੀਤ ਸਿੰਘ ਪਸੌਰ, ਜਰਨੈਲ ਸਿੰਘ ਘੋੜਨਾਵ ਅਤੇ ਹੋਰ ਆਗੂ ਹਾਜ਼ਰ ਸਨ।

## ਪੀ ਐੱਸ ਈ ਬੀ ਪੈਨਸ਼ਨਰ ਯੂਨੀਅਨ ਏਟਕ ਦਾ ਸਨਮਾਨ ਸਮਾਰੋਹ ਅੱਜ



**ਰਾਜਪੁਰਾ (ਰਮੇਸ਼ ਕਟਾਰੀਆ)**-ਪੀ ਐੱਸ ਈ ਬੀ ਪੈਨਸ਼ਨਰ ਯੂਨੀਅਨ ਏਟਕ ਪੰਜਾਬ ਰਾਜਪੁਰਾ ਦਾ ਸਨਮਾਨ ਸਮਾਰੋਹ ਅੱਜ 9 ਨਵੰਬਰ ਨੂੰ ਰਾਜਪੁਰਾ ਜਥੇਬੰਦੀ ਦੇ ਦਫਤਰ ਵਿਖੇ ਕਰਵਾਇਆ ਜਾ ਰਿਹਾ ਹੈ। ਅੱਜ ਇਸ ਦੀ ਤਿਆਰੀ ਲਈ ਸਾਥੀ ਹਰਭਜਨ ਸਿੰਘ ਪਿਲਖਨੀ ਦੀ ਅਗਵਾਈ ਹੇਠ ਮੀਟਿੰਗ ਕੀਤੀ ਗਈ। ਇਸ ਮੀਟਿੰਗ ਸਾਥੀ ਬਲਜੀਤ ਕੁਮਾਰ ਵਿੱਤ ਸਕੱਤਰ ਪੰਜਾਬ, ਸਾਥੀ ਸ਼ਾਮ ਸੁੰਦਰ, ਸਾਥੀ ਕੁਲਦੀਪ ਸਿੰਘ, ਸਾਥੀ ਪਰਮਜੀਤ ਸਿੰਘ, ਸਾਥੀ ਸੁੱਚਾ ਸਿੰਘ, ਸਾਥੀ ਸਤਨਾਮ ਸਿੰਘ, ਸਾਥੀ ਸੁਰਮੁੱਖ ਸਿੰਘ ਆਦਿ ਆਗੂਆਂ ਨੇ ਹਿੱਸਾ ਲਿਆ। ਇਸ ਮੀਟਿੰਗ ਵਿੱਚ ਟੈਂਟ, ਸਪੀਕਰ, ਖਾਣ ਪੀਣ ਦੇ ਸਮਾਨ ਅਤੇ ਸਜਾਵਟ ਲਈ ਡਿਊਟੀਆਂ ਲਗਾਈਆਂ ਗਈਆਂ। ਮੀਟਿੰਗ ਦੀ ਜਾਣਕਾਰੀ ਦਿੰਦੇ ਹੋਏ ਸਾਥੀ ਹਰਭਜਨ ਸਿੰਘ ਪਿਲਖਨੀ ਨੇ ਦੱਸਿਆ ਕਿ ਕੱਲ੍ਹ ਪਟਿਆਲਾ ਸਰਕਲ ਵਿੱਚ ਸੇਵਾ ਮੁਕਤ ਹੋਏ ਲਗਭਗ 200 ਸਾਥੀਆਂ ਦਾ ਸਨਮਾਨ ਕਰਕੇ ਸਨਮਾਨਿਤ ਕੀਤਾ ਜਾਵੇਗਾ। ਇਹ ਸਨਮਾਨ ਸਮਾਰੋਹ ਹਰ ਸਾਲ ਕਰਵਾਇਆ ਜਾਂਦਾ ਹੈ ਜਿੱਥੇ ਸਨਮਾਨ ਸਮਾਰੋਹ ਹੋਵੇਗਾ ਉਥੇ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਹੱਲ ਕਰਵਾਉਣ ਲਈ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਖਿਲਾਫ ਲੜਾਈ ਲੜਨ ਲਈ ਤਿਆਰ ਕੀਤਾ ਜਾਵੇਗਾ।

# ਦੋ ਵਿਅਕਤੀ 4 ਪਿਸਟਲ ਤੇ ਰੌਂਦਾਂ ਸਮੇਤ ਗ੍ਰਿਫਤਾਰ



**ਮੋਗਾ (ਅਮਰਜੀਤ ਬੱਬਰੀ)**-ਮੋਗਾ ਪੁਲਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ ਜਦੋਂ ਅਜੈਰਾਜ ਸਿੰਘ, ਕਪਤਾਨ ਪੁਲਸ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਇੰਸਪੈਕਟਰ ਦਲਜੀਤ ਸਿੰਘ, ਇੰਚਾਰਜ ਸੀ ਆਈ ਏ ਬਾਘਾਪੁਰਾਣਾ ਦੀ ਅਗਵਾਈ ਵਿਚ ਸਹਾਇਕ ਥਾਣੇਦਾਰ ਗੁਰਬਖਸ਼ ਸਿੰਘ ਸੀ ਆਈ ਏ ਬਾਘਾਪੁਰਾਣਾ ਸਮੇਤ ਪੁਲਸ ਪਾਰਟੀ ਮੇਨ ਚੌਕ ਬਾਘਾਪੁਰਾਣਾ ਵਿਖੇ ਮੌਜੂਦ ਸੀ ਤਾਂ ਮੁਖਬਰ ਨੇ ਇਤਲਾਹ ਦਿੱਤੀ ਕਿ ਹਰਨੇਕ ਸਿੰਘ ਪੁੱਤਰ ਸੁਖਮੰਦਰ ਸਿੰਘ ਵਾਸੀ ਰਾਮਪੁਰਾ (ਬਠਿੰਡਾ) ਅਤੇ ਲਾਖਵੰਤ ਸਿੰਘ ਪੁੱਤਰ ਹਰਪਾਲ ਸਿੰਘ ਵਾਸੀ ਮਾੜੀ ਨਥਾਣਾਂ (ਬਠਿੰਡਾ) ਜੋ ਬਾਘਾਪੁਰਾਣਾ ਤੋਂ ਚੰਨੂੰਵਾਲਾ ਰੋਡ 'ਤੇ ਗਊਸ਼ਾਲਾ ਨਜ਼ਦੀਕ ਲਿੰਕ ਰੋਡ 'ਤੇ ਖੜ੍ਹੇ ਹਨ ਜਿਨ੍ਹਾਂ ਪਾਸੋਂ ਨਜਾਇਜ਼ ਅਸਲਾ ਹੋ ਸਕਦਾ ਹੈ, ਕਿਸੇ ਵੱਡੀ ਘਟਨਾ ਕਰਨ ਦੀ ਫਿਰਾਕ ਵਿਚ ਹਨ।

ਦੱਸੀ ਜਗ੍ਹਾ 'ਤੇ ਪੁਲਸ ਪਾਰਟੀ ਵੱਲੋਂ ਰੇਡ ਕਰਕੇ ਹਰਨੇਕ ਸਿੰਘ ਅਤੇ ਲਖਵੰਤ ਸਿੰਘ ਨੂੰ ਕਾਬੂ ਕਰਕੇ ਉਨ੍ਹਾਂ ਤੋਂ 1 ਦੇਸੀ ਕੱਟਾ 315 ਬੋਰ ਸਮੇਤ 02 ਜ਼ਿੰਦਾ ਰੌਂਦ ਅਤੇ 3 ਪਿਸਟਲ 32 ਬੋਰ ਸਮੇਤ ਤਿੰਨ ਮੈਗਜ਼ੀਨ ਅਤੇ 6 ਜ਼ਿੰਦਾ ਰੌਂਦ ਬ੍ਰਾਮਦ ਹੋਏ। ਜਿਸ 'ਤੇ ਉਕਤ ਦੋਵਾਂ ਦੋਸ਼ੀਆਂ ਖਿਲਾਫ ਮੁਕੱਦਮਾ ਦਰਜ ਰਜਿਸਟਰ ਕੀਤਾ ਗਿਆ ਹੈ।

## ਸਾਇੰਸ ਵਿਭਾਗ ਨੇ 'ਵਰਸਿਟੀ ਕਾਲਜ ਬੇਨੜਾ ਦੀ ਲਾਇਬ੍ਰੇਰੀ ਨੂੰ ਕਿਤਾਬਾਂ ਭੇਟ ਕੀਤੀਆਂ



**ਧੂਰੀ (ਸੁਖਦੇਵ ਧੂਰੀ)**-ਯੂਨੀਵਰਸਿਟੀ ਕਾਲਜ ਬੇਨੜਾ ਦੇ ਸਾਇੰਸ ਵਿਭਾਗ ਵੱਲੋਂ ਕਾਲਜ ਲਾਇਬ੍ਰੇਰੀ ਨੂੰ 300 ਦੇ ਕਰੀਬ ਕਿਤਾਬਾਂ ਭੇਟ ਕੀਤੀਆਂ ਗਈਆਂ। ਇਸ ਮੌਕੇ ਸਾਇੰਸ ਵਿਭਾਗ ਦੇ ਕੋਆਰਡੀਨੇਟਰ ਡਾ. ਅਸ਼ੋਕ ਕੁਮਾਰ, ਕਾਲਜ ਪ੍ਰਿੰਸੀਪਲ ਡਾ. ਪਰਮਜੀਤ ਕੌਰ, ਲਾਇਬ੍ਰੇਰੀ ਅਮਲਾ ਅਤੇ ਹੋਰ ਸਟਾਫ਼ ਮੈਂਬਰ ਹਾਜ਼ਰ ਸਨ। ਕਾਲਜ ਪ੍ਰਿੰਸੀਪਲ ਵੱਲੋਂ ਡਾ. ਅਸ਼ੋਕ ਕੁਮਾਰ ਅਤੇ ਸਮੂਹ ਸਾਇੰਸ ਫੈਕਲਟੀ ਦਾ ਧੰਨਵਾਦ ਕੀਤਾ ਗਿਆ। ਇਹ ਕਿਤਾਬਾਂ ਭੌਤਿਕ ਵਿਗਿਆਨ, ਰਸਾਇਣ ਵਿਗਿਆਨ, ਜੀਵ ਵਿਗਿਆਨ, ਬਨਸਪਤੀ ਵਿਗਿਆਨ ਅਤੇ ਮੈਥੇਮੈਟਿਕਸ ਦੇ ਵਿਸ਼ਿਆਂ ਨਾਲ ਸਬੰਧਤ ਹਨ।

## ਗੁਰੂ ਨਾਨਕ ਕਾਲਜ ਦੀ ਵਿਦਿਆਰਥਣ ਨੂੰ ਅੰਤਰ-ਜ਼ੋਨਲ ਯੁਵਕ ਤੇ ਵਿਰਾਸਤੀ ਮੇਲੇ 'ਚ ਤੀਜਾ ਸਥਾਨ ਹਾਸਲ




**ਦੋਰਾਹਾ (ਹਰਮਿੰਦਰ ਸੇਠ)**-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੁਆਰਾ ਦੇਵ ਸਮਾਜ ਕਾਲਜ ਫਾਰ ਵਿਮੈਨ, ਫ਼ਿਰੋਜ਼ਪੁਰ ਵਿਖੇ 03 ਨਵੰਬਰ ਤੋਂ 06 ਨਵੰਬਰ ਤੱਕ ਕਰਵਾਏ ਗਏ 64ਵੇਂ ਅੰਤਰ ਖੇਤਰੀ ਯੁਵਕ ਅਤੇ ਵਿਰਾਸਤੀ ਮੇਲੇ ਵਿੱਚ ਗੁਰੂ ਨਾਨਕ ਨੈਸ਼ਨਲ ਕਾਲਜ, ਦੋਰਾਹਾ ਦੇ ਹੋਣਹਾਰ ਵਿਦਿਆਰਥੀਆਂ ਨੇ ਵੱਖ-ਵੱਖ ਮੁਕਾਬਲਿਆਂ ਵਿੱਚ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ ਅਤੇ ਇਨਾਮ ਹਾਸਿਲ ਕੀਤੇ। ਇਹ ਜਾਣਕਾਰੀ ਦਿੰਦਿਆਂ ਡੀਨ ਸੱਭਿਆਚਾਰਕ ਮਾਮਲੇ ਪ੍ਰੋ. ਗੁਰਜਿੰਦਰ ਕੌਰ ਨੇ ਦੱਸਿਆ ਕਿ ਇਸ ਅੰਤਰ-ਖੇਤਰੀ ਯੁਵਕ ਤੇ ਵਿਰਾਸਤੀ ਮੇਲੇ ਵਿੱਚ ਕਾਲਜ ਦੀ ਵਿਦਿਆਰਥਣ ਨਾਜ਼ਿਮਾ, ਬੀ.ਏ ਭਾਗ ਤੀਜਾ ਨੇ ਗ਼ਜ਼ਲ ਗਾਇਨ ਵਿੱਚ ਤੀਜਾ ਸਥਾਨ ਹਾਸਲ ਕਰ ਕੇ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ। ਇਸ ਸ਼ਾਨਦਾਰ ਜਿੱਤ ਦੇ ਮੌਕੇ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਰੂਪ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਅਤੇ ਕਾਰਜਕਾਰੀ ਪ੍ਰਿੰਸੀਪਲ ਡਾ. ਨਿਰਲੇਪ ਕੌਰ ਨੇ ਡੀਨ ਸੱਭਿਆਚਾਰਕ ਮਾਮਲੇ ਪ੍ਰੋ. ਗੁਰਜਿੰਦਰ ਕੌਰ, ਜੇਤੂ ਵਿਦਿਆਰਥਣ ਅਤੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ।

## ਕਾਤਰਾਂ

### ਮਨਜੀਤ ਸਿੰਘ ਧੁੰਨਾ ਨੂੰ ਸਦਮਾ, ਭੈਣ ਦਾ ਦਿਹਾਂਤ



**ਭਗਤਾ ਭਾਈਕਾ (ਰਾਜੀਵ ਗੋਇਲ)**-ਅਕਾਲੀ ਆਗੂ ਮਨਜੀਤ ਸਿੰਘ ਧੁੰਨਾ ਨੂੰ ਉਸ ਸਮੇਂ ਗਹਿਰਾ ਸਦਮਾ ਪੁੱਜਾ, ਜਦੋਂ ਇੱਕ ਭਿਆਨਕ ਹਾਦਸੇ ਦਰਮਿਆਨ ਉਨ੍ਹਾ ਦੀ ਭੈਣ ਸੁਰਿੰਦਰ ਕੌਰ ਪਤਨੀ ਮੋਹਨ ਸਿੰਘ ਦੀ ਮੌਤ ਹੋ ਗਈ। ਇਸ ਦੁੱਖ ਦੀ ਘੜੀ 'ਚ ਉਨ੍ਹਾ ਨਾਲ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ, ਗਗਨਦੀਪ ਗਰੇਵਾਲ, ਮਹਿੰਦਰ ਕਮਰਾ, ਬੂਟਾ ਸਿੱਧੂ, ਸੁਖਜਿੰਦਰ ਸਿੰਘ, ਸੁਲੱਖਨ ਸਿੰਘ ਸਮੇਤ ਸਮੂਹ ਜਿਊਲਰਜ਼ ਐਸੋਸੀਏਸ਼ਨ ਅਤੇ ਸਥਾਨਕ ਦੁਕਾਨਦਾਰਾਂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ।

### ਪੱਤਰਕਾਰ ਰਮਨ ਬਹਿਲ ਨੂੰ ਸਦਮਾ, ਪਿਤਾ ਦਾ ਦੇਹਾਂਤ



**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**-ਸਥਾਨਕ ਸ਼ਹਿਰ ਦੇ ਪੱਤਰਕਾਰ ਤੇ ਪ੍ਰੈਸ ਕਲੱਬ ਗੁਰੂਹਰਸਹਾਏ ਦੇ ਮੀਤ ਪ੍ਰਧਾਨ ਰਮਨ ਬਹਿਲ ਨੂੰ ਉਸ ਵੇਲੇ ਭਾਰੀ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਪਿਤਾ ਸੇਠ ਰਾਮੇਸ਼ ਚੰਦਰ ਦਾ ਦੇਹਾਂਤ ਹੋ ਗਿਆ। ਇਸ ਸਦਮੇ 'ਤੇ ਅਕਾਲੀ ਆਗੂ ਵਰਦੇਵ ਸਿੰਘ ਮਾਨ, ਕਾਂਗਰਸੀ ਗੁਰਦੀਪ ਸਿੰਘ ਢਿੱਲੋਂ, ਆਤਮਜੀਤ ਸਿੰਘ ਡੇਵਿਡ ਪ੍ਰਧਾਨ ਨਗਰ ਕੌਂਸਲ, ਉਡੀਕ ਚੰਦ ਨੰਬਰਦਾਰ, ਮੀਨੂ ਬਰਾੜ, ਪ੍ਰੈਸ ਕਲੱਬ ਗੁਰੂਹਰਸਹਾਏ ਦੇ ਸਮੂਹ ਆਹੁਦੇਦਾਰਾਂ ਸਮੇਤ ਇਲਾਕੇ ਭਰ ਦੇ ਪੰਚਾ ਸਰਪੰਚਾਂ, ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਤੇ ਸ਼ਹਿਰ ਨਿਵਾਸੀਆਂ ਸਮੇਤ ਵੱਡੀ ਗਿਣਤੀ 'ਚ ਲੋਕਾਂ ਨੇ ਅੰਤਿਮ ਸੰਸਕਾਰ ਮੌਕੇ ਪਹੁੰਚ ਕੇ ਬਹਿਲ ਪਰਵਾਰ ਨਾਲ ਦੁੱਖ ਸਾਂਝਾ ਕੀਤਾ।

### ਐਸ ਡੀ ਐਮ ਵੱਲੋਂ ਗਿੱਦੜਬਾਹਾ ਬਲਾਕ ਦੇ ਵੱਖ-ਵੱਖ ਪਿੰਡਾਂ ਦਾ ਦੌਰਾ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪਰਾਲੀ ਦੀਆਂ ਘਟਨਾਵਾਂ ਨੂੰ ਸਾੜਨ ਤੋਂ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਪਰਾਲਿਆਂ ਦੀ ਲੜੀ ਤਹਿਤ ਜਿੱਥੇ ਡਿਪਟੀ ਕਮਿਸ਼ਨਰ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰ ਰਹੇ ਹਨ, ਉੱਥੇ ਹੀ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਐਸ.ਡੀ.ਐਮ, ਤਹਿਸੀਲਦਾਰ, ਨਾਇਬ ਤਹਿਸੀਲਦਾਰ, ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ, ਕਲੱਸਟਰ ਅਫ਼ਸਰ ਅਤੇ ਹੋਰ ਅਧਿਕਾਰੀ ਪਿੰਡਾਂ ਦਾ ਦੌਰਾ ਕਰਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਸਬੰਧੀ ਪ੍ਰੇਰਿਤ ਕਰ ਰਹੇ ਹਨ। ਇਸ ਮੌਕੇ ਗਿੱਦੜਬਾਹਾ ਦੇ ਐਸ.ਡੀ.ਐਮ. ਬਲਜੀਤ ਕੌਰ ਵੱਲੋਂ ਛੱਤੇਆਣਾ, ਬੁੱਟਰ ਸ਼ਰੀਂਹ, ਧੂਲਕੋਟ, ਮੱਲਣ, ਗੁੜ੍ਹੀ ਸੰਘਰ, ਸੂਰੇਵਾਲਾ, ਆਸਾ ਬੁੱਟਰ, ਕਾਉਣੀ, ਦੋਦਾ, ਸੁਖਨਾ ਅਬਲੂ ਦਾ ਦੌਰਾ ਕੀਤਾ। ਜਿੱਥੇ ਕਿਤੇ ਕਿਸਾਨਾਂ ਨੇ ਪਰਾਲੀ ਦੀ ਰਹਿੰਦ ਖੂੰਹਦ ਨੂੰ ਅੱਗ ਲਗਾਈ ਹੋਈ ਸੀ, ਉਸ ਨੂੰ ਮੌਕੇ 'ਤੇ ਬੁਝਵਾਇਆ ਅਤੇ ਕਿਸਾਨਾਂ ਨੂੰ ਪ੍ਰੇਰਿਤ ਕੀਤਾ ਕਿ ਗੱਠਾ ਚੁਕਾਉਣ ਤੋਂ ਬਾਅਦ ਪਿੱਛੇ ਬਚੀ ਪਰਾਲੀ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਈ ਜਾਵੇ ਸਗੋਂ ਉਸ ਨੂੰ ਖੇਤ ਵਿੱਚ ਹੀ ਵਾਹ ਦਿੱਤਾ ਜਾਵੇ।

### ਹੈਰੋਇਨ ਸਮੇਤ ਔਰਤ ਕਾਬੂ

**ਮਲੋਟ (ਗੁਰਮੀਤ ਸਿੰਘ ਮੱਕੜ)**-ਸਥਾਨਕ ਥਾਣਾ ਸਦਰ ਪੁਲਸ ਨੇ ਹੈਰੋਇਨ ਸਮੇਤ ਇੱਕ ਔਰਤ ਨੂੰ ਕਾਬੂ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਪਾਰਟੀ ਗਸ਼ਤ ਦੇ ਦੌਰਾਨ ਪਿੰਡ ਮਲੋਟ ਸੀ ਤਾਂ ਕੱਚੇ ਰਸਤੇ ਵੱਲ ਇੱਕ ਔਰਤ ਰੀਨਾ ਰਾਣੀ ਵਾਸੀ ਬੁਰਜਾ ਫਾਟਕ ਸ਼ਹਿਰ ਮਲੋਟ ਆਪਣੇ ਹੱਥ ਵਿਚ ਇੱਕ ਮੋਮੀ ਲਿਫ਼ਾਫ਼ਾ ਫੜੀ ਆਉਂਦਾ ਦਿਖਾਈ ਦਿੱਤੀ ਜੋ ਪੁਲਸ ਪਾਰਟੀ ਨੂੰ ਦੇਖ ਕੇ ਇੱਕਦਮ ਘਬਰਾ ਕੇ ਪਿੱਛੇ ਮੁੜਨ ਲੱਗੀ ਤਾਂ ਪੁਲਸ ਪਾਰਟੀ ਨੇ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਹੱਥ ਵਿਚ ਫੜੇ ਲਿਫ਼ਾਫ਼ੇ ਦੀ ਤਲਾਸ਼ੀ ਲਈ ਤਾਂ ਉਸ ਵਿਚੋਂ 6 ਗ੍ਰਾਮ ਹੈਰੋਇਨ ਬਰਾਮਦ ਕਰ ਲਈ ਗਈ। ਪੁਲਸ ਨੇ ਉਕਤ ਔਰਤ 'ਤੇ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### 150 ਗ੍ਰਾਮ ਹੈਰੋਇਨ, 11560 ਰੁਪਏ ਦੀ ਡਰੱਗ ਮਨੀ ਤੇ ਮੋਬਾਇਲ ਸਮੇਤ ਦੋ ਗ੍ਰਿਫ਼ਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਨਾਰਕੋਟਿਕ ਕੰਟਰੋਲ ਸੈੱਲ ਫਿਰੋਜ਼ਪੁਰ ਪੁਲਸ ਨੇ ਗਸ਼ਤ ਅਤੇ ਛਾਪੇਮਾਰੀ ਦੌਰਾਨ ਦੋ ਵਿਅਕਤੀਆਂ ਨੂੰ 150 ਗ੍ਰਾਮ ਹੈਰੋਇਨ 11560 ਰੁਪਏ ਦੀ ਡਰੱਗ ਮਨੀ ਅਤੇ ਇਕ ਮੋਬਾਇਲ ਫੋਨ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਥਾਣਾ ਸਦਰ ਫਿਰੋਜ਼ਪੁਰ ਵਿਖੇ ਮਾਮਲਾ ਦਰਜ ਕੀਤਾ ਹੈ। ਇੰਸਪੈਕਟਰ ਰੁਪਿੰਦਰ ਪਾਲ ਸਿੰਘ ਨਾਰਕੋਟਿਕ ਕੰਟਰੋਲ ਸੈੱਲ ਫਿਰੋਜ਼ਪੁਰ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਸਿਟੀ ਰਿਜ਼ੋਰਟ ਪੈਲੇਸ ਪਾਸ ਪੁੱਜੇ ਤਾਂ ਇਸ ਦੌਰਾਨ ਇਤਲਾਹ ਮਿਲੀ ਕਿ ਦੋਸ਼ੀਅਨ ਅਨਮੋਲ ਸਿੰਘ ਉਰਫ ਗੁਨੂੰ ਪੁੱਤਰ ਜਸਵਿੰਦਰ ਸਿੰਘ ਵਾਸੀ ਗਲੀ ਨੰਬਰ 4 ਵਾਰਡ ਨੰਬਰ 4 ਬੀੜ ਰੋਡ ਕੋਟਕਪੂਰਾ ਅਤੇ ਵਿਸ਼ਾਲ ਪੁੱਤਰ ਗੱਬਰ ਵਾਸੀ ਮਾਤਾ ਵਾਰਡ ਬਸਤੀ ਨਿਜ਼ਾਮਦੀਨ ਵਾਲੀ ਹੈਰੋਇਨ ਵੇਚਣ ਦੇ ਆਦੀ ਹਨ, ਜੋ ਹੁਣ ਵੀ ਪੈਟਰੋਲ ਪੰਪ ਬਸਤੀ ਨਿਜ਼ਾਮਦੀਨ ਪਾਸ ਹੈਰੋਇਨ ਵੇਚਣ ਲਈ ਗਾਹਕਾਂ ਦੀ ਉਡੀਕ ਕਰ ਰਹੇ ਹਨ। ਪੁਲਸ ਵੱਲੋਂ ਦੋਸ਼ੀਅਨ 'ਤੇ ਛਾਪੇਮਾਰੀ ਕਰਕੇ ਕਾਬੂ ਕੀਤਾ ਗਿਆ ਤੇ ਤਲਾਸ਼ੀ ਦੌਰਾਨ 150 ਗ੍ਰਾਮ ਹੈਰੋਇਨ, 11560 ਰੁਪਏ ਦੀ ਡਰੱਗ ਮਨੀ ਅਤੇ 1 ਮੋਬਾਇਲ ਫੋਨ ਬਰਾਮਦ ਹੋਇਆ। ਪੁਲਸ ਨੇ ਉਕਤ ਦੋਸ਼ੀਅਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਮਨਿਸਟੀਰੀਅਲ ਕਾਮਿਆਂ ਦੀ ਕਲਮ ਛੋੜ ਹੜਤਾਲ ਕਾਰਨ ਦਫਤਰਾਂ ਦਾ ਕੰਮਕਾਜ ਠੱਪ



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਸਟੇਟ ਮਨਿਸਟਰੀਅਲ ਸਰਵਿਸਜ਼ ਯੂਨੀਅਨ ਪੰਜਾਬ ਦੇ ਸੱਦੇ 'ਤੇ ਜ਼ਿਲ੍ਹਾ ਮਾਨਸਾ ਦੇ ਸਾਰੇ ਮਨਿਸਟੀਰੀਅਲ ਸਾਥੀਆਂ ਵੱਲੋਂ ਕਲਮ ਛੋੜ ਹੜਤਾਲ ਕਰਕੇ ਕੰਮ ਮੁਕੰਮਲ ਤੌਰ 'ਤੇ ਠੱਪ ਰੱਖਿਆ ਗਿਆ ਅਤੇ ਪੰਜਾਬ ਸਰਕਾਰ ਦਾ ਪਿੱਟ ਸਿਆਪਾ ਕੀਤਾ ਗਿਆ। ਇਸ ਮੌਕੇ ਪ੍ਰਤਾਪ ਸਿੰਘ, ਜ਼ਿਲ੍ਹਾ ਪ੍ਰਧਾਨ ਅਤੇ ਰਾਜਪਾਲ ਸਿੰਘ ਜਨਰਲ ਸਕੱਤਰ ਪੀ.ਐਸ.ਐਮ.ਐਸ.ਯੂ ਨੇ ਕਿਹਾ ਕਿ ਆਪ ਦੀ ਮਾਨ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਮੰਨੀਆਂ ਹੋਈਆਂ ਹੱਕੀ ਅਤੇ ਜਾਇਜ਼ ਮੰਗਾਂ ਨੂੰ ਜਾਣਬੁੱਝ ਕੇ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ। ਸਰਕਾਰ ਮੁਲਾਜ਼ਮਾਂ ਨਾਲ ਸਰੇਆਮ ਧੋਖਾ ਕਰ ਰਹੀ ਹੈ ਅਤੇ ਕੀਤੇ ਵਾਅਦੇ ਮੁਤਾਬਕ ਪੁਰਾਣੀ ਪੈਨਸ਼ਨ ਦੀ ਬਹਾਲੀ, ਡੀ ਏ ਦੀਆਂ ਬਕਾਇਆ ਕਿਸ਼ਤਾਂ ਅਤੇ ਹੋਰ ਮੰਗਾਂ ਦੀ ਪੂਰਤੀ ਨਹੀਂ ਕਰ ਰਹੀ। ਜਿਸ ਕਾਰਨ ਮੁਲਾਜ਼ਮਾਂ ਵਿੱਚ ਦਿਨ ਪ੍ਰਤੀ ਦਿਨ ਰੋਸ ਵਧਦਾ ਜਾ ਰਿਹਾ ਹੈ। ਸੰਦੀਪ ਸਿੰਘ ਨੇ ਕਿਹਾ ਕਿ ਦਫਤਰੀ ਮੁਲਾਜ਼ਮ ਸਰਕਾਰ ਦੀ ਰੀੜ੍ਹ ਦੀ ਹੱਡੀ ਜਾਣੇ ਜਾਂਦੇ ਹਨ, ਸਰਕਾਰ ਵੱਲੋਂ ਇਨ੍ਹਾਂ ਮੁਲਾਜ਼ਮਾਂ ਦੀਆਂ ਮੰਗਾਂ ਦੀ ਅਣਦੇਖੀ ਕੀਤੀ ਜਾ ਰਹੀ ਹੈ ਜਿਸ ਕਰਕੇ ਸਰਕਾਰ ਨੂੰ ਇਸ ਦੇ ਨਤੀਜੇ ਭੁਗਤਣ ਲਈ ਕਰ ਰਹੇ ਨੇ ਰਹਿਣਾ ਚਾਹੀਦਾ ਹੈ। ਇਸ ਮੌਕੇ ਰਤਨ ਸਿੰਘ, ਮਨਦੀਪ ਸਿੰਘ, ਪ੍ਰੇਮ ਸਿੰਘ, ਲਲਿਤ ਕੁਮਾਰ, ਅਮਨਦੀਪ ਸਿੰਘ, ਵਿਸ਼ਵ ਸਿੰਗਲਾ, ਗੁਰਪ੍ਰੀਤ ਸਿੰਘ, ਨਰਿੰਦਰ ਸਿੰਘ, ਹਰਵਿੰਦਰ ਸਿੰਘ, ਰਵਿੰਦਰ ਕੁਮਾਰ, ਵਿਨੋਦ ਕੁਮਾਰ, ਗਗਨਦੀਪ ਸਿੰਘ, ਸੁਨੀਤਾ ਰਾਣੀ, ਜਸਪ੍ਰੀਤ ਕੌਰ, ਸ਼ੈਲੀ ਰਾਣੀ, ਸਿਮਰਜੀਤ ਸਿੰਘ, ਅਤੇ ਹੋਰ ਸਾਥੀ ਵੀ ਹਾਜ਼ਰ ਸਨ।

# ਮਨਰੇਗਾ ਦੇ ਪੈਸੇ ਨਾ ਮਿਲਣ ਕਾਰਨ ਮਜ਼ਦੂਰ ਕਾਲੀ ਦੀਵਾਲੀ ਮਨਾਉਣ ਲਈ ਮਜਬੂਰ : ਜਗਸੀਰ ਸੀਰਾ



**ਮਾਨਸਾ (ਪਮਾਰ)**-ਨਰੇਗਾ ਵਰਕਰਜ਼ ਯੂਨੀਅਨ ਵੱਲੋਂ ਪਿਛਲੇ 3 ਮਹੀਨਿਆਂ ਤੋਂ ਮਨਰੇਗਾ ਵਰਕਰਾਂ ਨੂੰ ਮਜ਼ਦੂਰੀ ਦੇ ਪੈਸੇ ਨਾ ਮਿਲਣ ਸੰਬੰਧੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਡਿਪਟੀ ਕਮਿਸ਼ਨਰ ਮਾਨਸਾ ਰਾਹੀਂ ਇਕ ਮੰਗ ਪੱਤਰ ਭੇਜਿਆ ਗਿਆ। ਇਸ ਸਮੇਂ ਸੂਬਾ ਮੀਤ ਪ੍ਰਧਾਨ ਜਗਸੀਰ ਸਿੰਘ ਸੀਰਾ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਸਥਾਨਕ ਬਾਲ ਭਵਨ ਵਿਖੇ ਵੱਖ ਵੱਖ ਪਿੰਡਾਂ ਤੋਂ ਮਨਰੇਗਾ ਮਜ਼ਦੂਰ ਇਕੱਠੇ ਹੋਏ। ਮੀਟਿੰਗ ਵਿੱਚ ਵਿਚਾਰ ਚਰਚਾ ਕਰਨ ਤੋਂ ਬਾਅਦ ਬਾਲ ਭਵਨ ਤੋਂ ਡਿਪਟੀ ਕਮਿਸ਼ਨਰ ਮਾਨਸਾ ਦੇ ਦਫ਼ਤਰ ਤੱਕ ਰੋਸ ਮਾਰਚ ਕੀਤਾ ਗਿਆ। ਮਜ਼ਦੂਰਾਂ ਨੇ ਗੱਲਬਾਤ ਦੌਰਾਨ ਦੱਸਿਆ ਕਿ ਪਿਛਲੇ 3 ਮਹੀਨਿਆਂ ਤੋਂ ਮਨਰੇਗਾ ਕਿਰਤੀਆਂ ਦੇ ਕੀਤੇ ਕੰਮ ਦੇ ਪੈਸੇ ਨਹੀਂ ਦਿੱਤੇ ਜਾ ਰਹੇ। ਜਿਸ ਤੋਂ ਸਾਬਤ ਹੁੰਦਾ ਹੈ ਕਿ ਮਨਰੇਗਾ ਅਧਿਕਾਰੀ ਕਿਰਤੀਆਂ ਤੋਂ ਵਗਾਰ ਲੈ ਰਹੇ ਹਨ ਅਤੇ ਸੰਵਿਧਾਨ ਦੀ ਧਾਰਾ 23 ਦੀ ਵੀ ਉਲੰਘਣਾ ਕੀਤੀ ਜਾ ਰਹੀ ਹੈ। ਮਨਰੇਗਾ ਕਾਨੂੰਨ 2005 ਅਨੁਸਾਰ 15 ਦਿਨਾਂ ਦੇ ਅੰਦਰ ਅੰਦਰ ਕੀਤੇ ਕੰਮ ਦੀ ਅਦਾਇਗੀ ਕਰਨੀ ਹੁੰਦੀ ਹੈ। ਭਾਰਤ ਵਿੱਚ ਤਿਉਹਾਰਾਂ ਦਾ ਸਮਾਂ ਚੱਲ ਰਿਹਾ ਹੈ ਪ੍ਰੰਤੂ ਅਧਿਕਾਰੀ ਜਾਣ ਬੁੱਝ ਕੇ ਕਿਰਤੀਆਂ ਦੇ ਕੀਤੇ ਕੰਮ ਦੇ ਪੈਸੇ ਅਦਾ ਨਹੀਂ ਕਰ ਰਹੇ। ਪੈਸੇ ਨਾ ਮਿਲਣ ਕਾਰਨ ਗਰੀਬ ਅਤੇ ਅਨੁਸੂਚਿਤ ਜਾਤੀ ਦੇ ਪਰਵਾਰ ਧਨਾਢ ਲੋਕਾਂ ਤੋਂ ਕਰਜ਼ਾ ਲੈਣ ਲਈ ਮਜਬੂਰ ਹੁੰਦੇ ਹਨ। ਮਨਰੇਗਾ ਕਿਰਤੀਆਂ ਨੂੰ ਪੈਸੇ ਨਾ ਮਿਲਣ ਤੋਂ ਸਾਬਤ ਹੁੰਦਾ ਹੈ ਕਿ ਗਰੀਬ ਪਰਵਾਰ ਕਾਲੀ ਦੀਵਾਲੀ ਮਨਾਉਣ ਲਈ ਮਜਬੂਰ ਹੋਣਗੇ। ਅੱਜ ਨਰੇਗਾ ਵਰਕਰ ਯੂਨੀਅਨ ਵੱਲੋਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਮਨਰੇਗਾ ਮਜ਼ਦੂਰਾਂ ਦੇ ਮਜ਼ਦੂਰੀ ਦੇ ਪੈਸੇ ਤੁਰੰਤ ਖਾਤਿਆਂ ਵਿੱਚ ਪਾਏ ਜਾਣ ਅਤੇ ਜਿਨ੍ਹਾਂ ਅਧਿਕਾਰੀਆਂ ਨੇ ਮਜ਼ਦੂਰੀ ਦੇ ਪੈਸੇ ਪਵਾਉਣ ਵਿੱਚ ਕੁਤਾਹੀ ਵਰਤੀ ਹੈ ਉਨ੍ਹਾਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ। ਇਸ ਸਮੇਂ ਜ਼ਿਲ੍ਹਾ ਪ੍ਰਧਾਨ ਬਲਜਿੰਦਰ ਸਿੰਘ, ਬਲਾਕ ਸਕੱਤਰ ਕਰਮਜੀਤ ਸਿੰਘ ਬੁਢਲਾਡਾ, ਅਵਤਾਰ ਸਿੰਘ ਜ਼ਿਲ੍ਹਾ ਸਕੱਤਰ, ਪਰਮਜੀਤ ਸਿੰਘ ਬਲਾਕ ਪ੍ਰਧਾਨ ਝੁਨੀਰ, ਗੁਰਪ੍ਰੀਤ ਸਿੰਘ ਹਸਨਪੁਰ, ਭੋਲਾ ਸਿੰਘ ਭਾਦੜਾ, ਸਰਬਜੀਤ ਸਿੰਘ ਟਿੱਬੀ, ਬਲਵੀਰ ਸਿੰਘ ਦੋਦੜਾ, ਪਰਮਜੀਤ ਕੌਰ ਹਸਨਪੁਰ, ਪਰਮਜੀਤ ਕੌਰ ਰਾਮਨਗਰ ਭੱਠਲ, ਲਾਲਾ ਸਿੰਘ ਗੰਢੂ ਖੁਰਦ, ਆਤਮਾ ਸਿੰਘ ਭੱਟੀ ਦਲੇਲ ਸਿੰਘ ਵਾਲਾ, ਗੁਰਵਿੰਦਰ ਸਿੰਘ, ਸੁਖਪਾਲ ਸਿੰਘ ਗੋਬਿੰਦਪੁਰਾ ਅਤੇ ਅਲੱਗ ਅਲੱਗ ਪਿੰਡਾਂ ਤੋਂ ਆਏ ਨਰੇਗਾ ਮਜ਼ਦੂਰਾਂ ਨੇ ਵੀ ਵੱਡੇ ਪੱਧਰ 'ਤੇ ਸ਼ਮੂਲੀਅਤ ਕੀਤੀ।

## ਹੋਲੀ ਹਾਰਟ ਸਕੂਲ ਦੇ ਵਿਦਿਆਰਥੀਆਂ ਨੂੰ ਦੀਵਾਲੀ ਪਟਾਕਿਆਂ ਰਹਿਤ ਮਨਾਉਣ ਲਈ ਕੀਤਾ ਪ੍ਰੇਰਿਤ



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਦੇ ਵਿਦਿਆਰਥੀਆਂ ਨੂੰ ਦੀਵਾਲੀ ਦਾ ਤਿਉਹਾਰ ਪਟਾਕਿਆਂ ਰਹਿਤ ਮਨਾਉਣ ਲਈ ਪ੍ਰੇਰਿਤ ਕੀਤਾ ਗਿਆ। ਅਧਿਆਪਕਾਂ ਵੱਲੋਂ ਬੱਚਿਆਂ ਨੂੰ ਦੱਸਿਆ ਗਿਆ ਕਿ ਸਾਨੂੰ ਬਾਹਰਲੀਆਂ ਮਠਿਆਈਆਂ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ। ਸਾਰੇ ਪਕਵਾਨ ਘਰਾਂ 'ਚ ਹੀ ਤਿਆਰ ਕਰਨੇ ਚਾਹੀਦੇ ਹਨ। ਇਸ ਮੌਕੇ ਸਕੂਲ ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ ਅਤੇ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਕਿਹਾ ਕਿ ਇਸ ਦੀਵਾਲੀ ਵਿਦਿਆਰਥੀਆਂ ਦੁਆਰਾ ਆਪਣੇ-ਆਪਣੇ ਕਲਾਸ ਰੂਮਾਂ ਅਤੇ ਡਿਸਪਲੇ ਬੋਰਡਾਂ ਦੀ ਸਜਾਵਟ ਦਾ ਮੁਕਾਬਲਾ ਵੀ ਕਰਵਾਇਆ ਜਾਵੇਗਾ। ਉਨ੍ਹਾਂ ਨੇ ਬੱਚਿਆ ਨੂੰ ਪਟਾਕੇ ਨਾ ਚਲਾਉਣ, ਬਲਕਿ ਵੱਧ ਤੋਂ ਵੱਧ ਰੁੱਖ ਲਗਾ ਕੇ ਗਰੀਨ ਦੀਵਾਲੀ ਮਨਾਉਣ ਦਾ ਸੁਨੇਹਾ ਵੀ ਦਿੱਤਾ।

## ਐੱਸ ਡੀ ਐੱਮ ਦੀ ਅਗਵਾਈ ਹੇਠ ਲਹਿਰਾ ਤੇ ਮੂਨਕ ਸਬ-ਡਵੀਜ਼ਨਾਂ ਵਿਖੇ ਕਿਸਾਨਾਂ ਨੂੰ ਕੀਤਾ ਜਾ ਰਿਹੈ ਜਾਗਰੂਕ



**ਮੂਨਕ (ਰਾਜਪਾਲ ਸਿੰਗਲਾ)**-ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਦੀ ਰਹਿਨੁਮਾਈ ਹੇਠ ਉਪ ਮੰਡਲ ਮੈਜਿਸਟਰੇਟ ਸੂਬਾ ਸਿੰਘ ਵੱਲੋਂ ਮੂਨਕ ਤੇ ਲਹਿਰਾ ਸਬ ਡਵੀਜ਼ਨਾਂ ਵਿਖੇ ਪਰਾਲੀ ਸਾੜਨ ਦੇ ਮਾੜੇ ਰੁਝਾਨ ਨੂੰ ਰੋਕਣ ਲਈ ਵਿਆਪਕ ਪੱਧਰ 'ਤੇ ਜਾਗਰੂਕਤਾ ਮੁਹਿੰਮ ਚਲਾਈ ਹੋਈ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਐਸ.ਡੀ.ਐਮ ਸੂਬਾ ਸਿੰਘ ਨੇ ਦੱਸਿਆ ਕਿ ਡੀ.ਐਸ.ਪੀ ਲਹਿਰਾ ਦੀਪਕ ਰਾਏ ਦੇ ਸਹਿਯੋਗ ਨਾਲ ਵੱਖ-ਵੱਖ ਅਧਿਕਾਰੀਆਂ 'ਤੇ ਅਧਾਰਤ ਟੀਮਾਂ ਵੱਲੋਂ ਪਿੰਡਾਂ ਵਿੱਚ ਕਿਸਾਨਾਂ ਨਾਲ ਰਾਬਤਾ ਕਾਇਮ ਕਰਕੇ ਨਿਰੰਤਰ ਪਰਾਲੀ ਨਾ ਸਾੜਨ ਬਾਰੇ ਸੁਚੇਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪਿੰਡਾਂ ਵਿੱਚ ਖੇਤੀਬਾੜੀ ਤੇ ਸਹਿਕਾਰਤਾ ਵਿਭਾਗਾਂ ਦੀਆਂ ਟੀਮਾਂ ਪਿਛਲੇ ਮਹੀਨਿਆਂ ਤੋਂ ਹੀ ਚੇਤਨਾ ਕੈਂਪਾਂ ਦਾ ਆਯੋਜਨ ਕਰਕੇ ਪਰਾਲੀ ਪ੍ਰਬੰਧਨ ਦਾ ਸੁਨੇਹਾ ਦੇ ਰਹੀਆਂ ਹਨ ਅਤੇ ਸਬ ਡਵੀਜ਼ਨਾਂ ਦੇ ਉਚ ਪ੍ਰਸ਼ਾਸਨਿਕ ਤੇ ਪੁਲਿਸ ਅਧਿਕਾਰੀਆਂ ਵੱਲੋਂ ਵੀ ਖੁਦ ਇਸ ਮੁਹਿੰਮ ਦੀ ਨਿਗਰਾਨੀ ਕਰਦਿਆਂ ਜਿਥੇ ਝੋਨੇ ਦੇ ਨਾੜ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਪੂਰੀ ਚੌਕਸੀ ਵਰਤੀ ਜਾ ਰਹੀ ਹੈ ਉਥੇ ਹੀ ਪਰਾਲੀ ਪ੍ਰਬੰਧਨ ਕਰਨ ਵਾਲੇ ਅਗਾਂਹਵਧੂ ਕਿਸਾਨਾਂ ਦਾ ਵੀ ਹੌਂਸਲਾ ਵਧਾਇਆ ਜਾ ਰਿਹਾ ਹੈ ਤਾਂ ਜੋ ਉਹ ਹੋਰਨਾਂ ਨੂੰ ਸੇਧ ਦੇ ਸਕਣ ਅਤੇ ਆਉਣ ਵਾਲੇ ਕੁਝ ਹੀ ਸਮੇਂ ਅੰਦਰ ਸਬ ਡਵੀਜਨਾਂ ਦੇ ਪਿੰਡਾਂ ਵਿੱਚ ਇਸ ਮਾੜੀ ਪ੍ਰਥਾ ਨੂੰ ਮੁਕੰਮਲ ਤੌਰ 'ਤੇ ਠੱਲ੍ਹ ਪਾਈ ਜਾ ਸਕੇ। ਇਸੇ ਦੌਰਾਨ ਐਸ.ਡੀ.ਐਮ ਸੂਬਾ ਸਿੰਘ ਨੇ ਮੂਨਕ ਵਿਖੇ ਡੀ.ਐਸ.ਪੀ ਪਰਮਿੰਦਰ ਸਿੰਘ ਸਮੇਤ ਪਿੰਡਾਂ ਦਾ ਦੌਰਾ ਕਰਦਿਆਂ ਪਰਾਲੀ ਪ੍ਰਬੰਧਨ ਲਈ ਕਿਸਾਨਾਂ ਨੂੰ ਪ੍ਰੇਰਿਤ ਕੀਤਾ। ਮੂਨਕ ਵਿਖੇ ਬਲਾਕ ਵਿਕਾਸ ਤੇ ਪੰਚਾਇਤ ਅਧਿਕਾਰੀ, ਥਾਣਾ ਮੁਖੀ, ਪਾਵਰਕੌਮ, ਸਹਿਕਾਰਤਾ, ਖੇਤੀਬਾੜੀ ਸਮੇਤ ਅਨੇਕਾਂ ਵਿਭਾਗਾਂ ਦੇ ਕਰਮਚਾਰੀਆਂ ਨੇ ਜਾਗਰੂਕਤਾ ਮੁਹਿੰਮ ਦਾ ਹਿੱਸਾ ਬਣਦਿਆਂ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਪ੍ਰੇਰਿਆ ਅਤੇ ਵਾਤਾਵਰਣ ਦੇ ਰਾਖੇ ਵਜੋਂ ਮੁਹਿੰਮ ਵਿੱਚ ਹਿੱਸਾ ਪਾਉਣ ਦੀ ਅਪੀਲ ਕੀਤੀ।

# ਪੰਜਾਬ ਪਬਲਿਕ ਸਕੂਲ ਨਾਭਾ ਨੇ ਮਨਾਇਆ 63ਵਾਂ ਸਥਾਪਨਾ ਦਿਵਸ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਪਬਲਿਕ ਸਕੂਲ, ਨਾਭਾ ਨੇ 8 ਨਵੰਬਰ ਨੂੰ ਆਪਣਾ 63ਵਾਂ ਸਥਾਪਨਾ ਦਿਵਸ ਮਨਾਇਆ। ਸਮਾਗਮ ਦੀ ਸ਼ੁਰੂਆਤ ਮੁੱਖ ਮਹਿਮਾਨ ਬਨਵਾਰੀ ਲਾਲ ਪੁਰੋਹਿਤ, ਪੰਜਾਬ ਦੇ ਰਾਜਪਾਲ ਅਤੇ ਪ੍ਰਸ਼ਾਸਕ, ਕੇਂਦਰ ਸ਼ਾਸਤ ਪ੍ਰਦੇਸ, ਚੰਡੀਗੜ੍ਹ ਅਤੇ ਸਕੂਲ ਬੋਰਡ ਦੇ ਚੇਅਰਮੈਨ ਦੇ ਆਉਣ ਨਾਲ ਹੋਈ। ਉਨ੍ਹਾ ਸਕੂਲ ਦੇ ਐਨ ਸੀ ਸੀ ਕੈਡਟਾਂ ਦੀ ਪਰੇਡ ਦੀ ਸਲਾਮੀ ਲਈ ਅਤੇ ਗਾਰਡ ਆਫ ਆਨਰ ਦਾ ਨਿਰੀਖਣ ਕੀਤਾ। ਹੈਡਮਾਸਟਰ ਡਾ. ਡੀ.ਸੀ. ਸ਼ਰਮਾ ਨੇ ਸਭਾ ਦਾ ਸੰਚਾਲਨ ਕੀਤਾ ਅਤੇ ਸਕੂਲ ਦੀ ਸਲਾਨਾ ਰਿਪੋਰਟ ਪੇਸ਼ ਕੀਤੀ। ਸਾਲ 2023 ਲਈ ਲਾਈਫਟਾਈਮ ਅਚੀਵਮੈਂਟ ਐਵਾਰਡ ਸ਼ਿਵ ਮੋਹਨ ਲਾਲ ਨਿਗਮ, ਸਕੂਲ ਦੇ ਸਾਬਕਾ ਭੌਤਿਕ ਵਿਗਿਆਨ ਅਧਿਆਪਕ ਨੂੰ ਪ੍ਰਦਾਨ ਕੀਤਾ ਗਿਆ। ਸਾਲ 2023 ਲਈ ਉਮੇਸ਼ ਮੁੰਜਾਲ, ਮੈਨੇਜਿੰਗ ਡਾਇਰੈਕਟਰ, ਹਾਈਵੇਅ ਇੰਡਸਟਰੀਜ਼ ਲਿਮਟਿਡ ਅਤੇ ਸਾਲ 2021 ਲਈ ਲੈਫਟੀਨੈਂਟ ਜਨਰਲ ਵਿਨੈ ਸ਼ਰਮਾ (ਸੇਵਾਮੁਕਤ), ਪੀਵੀਐਸਐਮ, ਐਸਐਮ, ਵੀਐਸਐਮ ਨੂੰ ਰੋਲ ਆਫ ਆਨਰ ਪੁਰਸਕਾਰ ਪ੍ਰਦਾਨ ਕੀਤੇ ਗਏ। ਸਾਲ 2023 ਲਈ ਸੀਨੀਅਰ ਕਾਕ ਹਾਊਸ ਟਰਾਫੀ ਬਿਆਸ ਹਾਊਸ ਨੂੰ ਪ੍ਰਦਾਨ ਕੀਤੀ ਗਈ। ਇਸ ਮੌਕੇ ਜੂਨੀਅਰ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਐਰੋਬਿਕਸ ਡਿਸਪਲੇ ਦਾ ਪ੍ਰਦਰਸ਼ਨ ਕੀਤਾ। ਸਕੂਲ ਬੈਂਡ ਵੱਲੋਂ ਵੀ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਲਾਮੀ ਦਿੱਤੀ ਗਈ। ਪੀਪੀਐਸ ਰਾਈਡਰਾਂ ਨੇ ਵੀ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਆਏ ਹੋਏ ਮਹਿਮਾਨਾਂ ਦਾ ਮਨ ਮੋਹ ਲਿਆ। ਇਸ ਮੌਕੇ ਰਾਜਪਾਲ ਪੰਜਾਬ ਬਨਵਾਰੀਲਾਲ ਪੁਰੋਹਿਤ ਨੇ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਸਟਾਫ਼ ਅਤੇ ਵਿਦਿਆਰਥੀਆਂ ਦੀ ਤਾਰੀਫ਼ ਕੀਤੀ। ਸਮਾਗਮ ਦੇ ਅੰਤ ਵਿੱਚ ਸਕੂਲ ਹੈਡਮਾਸਟਰ ਡਾ. ਡੀ ਸੀ ਸ਼ਰਮਾ ਨੇ ਮੁੱਖ ਮਹਿਮਾਨ ਅਤੇ ਬਾਕੀ ਮਹਿਮਾਨਾਂ ਦਾ ਸਮਾਗਮ ਵਿੱਚ ਹਿੱਸਾ ਲੈਣ ਲਈ ਧੰਨਵਾਦ ਕੀਤਾ। ਇਸ ਮੌਕੇ ਜੈ ਸਿੰਘ ਗਿੱਲ, ਆਈ.ਏ.ਐਸ. (ਸੇਵਾਮੁਕਤ), ਪ੍ਰਧਾਨ, ਕਾਰਜਕਾਰੀ ਕਮੇਟੀ, ਬੋਰਡ ਆਫ਼ ਗਵਰਨਰ, ਮਾਨਯੋਗ ਬੋਰਡ ਮੈਂਬਰ, ਪੀ ਐਸ ਬਾਜਵਾ, ਲੈਫਟੀਨੈਂਟ ਜਨਰਲ ਕੇ ਬਰਾੜ, ਹਲਕਾ ਵਿਧਾਇਕ ਸ਼੍ਰੀ ਗੁਰਦੇਵ ਸਿੰਘ ਦੇਵ ਮਾਨ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ। ਇਸ ਤੋਂ ਪਹਿਲਾਂ 7 ਨਵੰਬਰ ਨੂੰ ਲੈਫਟੀਨੈਂਟ ਜਨਰਲ ਵਿਨੈ ਸ਼ਰਮਾ, ਪੀਵੀਐਸਐਮ, ਐਸਐਮ, ਵੀਐਸਐਮ (ਸੇਵਾਮੁਕਤ) ਨੇ ਸਕੂਲ ਆਡੀਟੋਰੀਅਮ ਵਿੱਚ ਇਨਾਮ ਵੰਡ ਸਮਾਰੋਹ ਅਤੇ ਸੱਭਿਆਚਾਰਕ ਸ਼ਾਮ ਦੀ ਪ੍ਰਧਾਨਗੀ ਕੀਤੀ। ਵਿਦਿਆਰਥੀਆਂ ਨੂੰ ਵੱਖ-ਵੱਖ ਅਕਾਦਮਿਕ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਲਈ ਇਨਾਮ ਦਿੱਤੇ ਗਏ। ਸਕੂਲ ਦੇ ਅੱਠ 8 ਅਧਿਆਪਕਾਂ ਨੂੰ ਅਧਿਆਪਨ ਵਿੱਚ ਉੱਤਮਤਾ ਲਈ ਹੈੱਡਮਾਸਟਰ ਅਵਾਰਡ ਪ੍ਰਦਾਨ ਕੀਤਾ ਗਿਆ। ਇਸ ਮੌਕੇ 1973 ਦੇ ਗੋਲਡਨ ਜੁਬਲੀ ਬੈਚ ਦੇ ਮੈਂਬਰਾਂ ਨੂੰ ਵੀ ਸਨਮਾਨਤ ਕੀਤਾ ਗਿਆ। ਧੰਨਵਾਦ ਦਾ ਮਤਾ ਪੇਸ਼ ਕਰਦੇ ਹੋਏ ਹੈੱਡਮਾਸਟਰ ਡਾ. ਡੀ.ਸੀ. ਸ਼ਰਮਾ ਨੇ ਲੈਫਟੀਨੈਂਟ ਜਨਰਲ ਵਿਨੈ ਸ਼ਰਮਾ ਦਾ ਸਮਾਗਮ ਵਿੱਚ ਪਹੁੰਚਣ ਲਈ ਧੰਨਵਾਦ ਕੀਤਾ। ਉਨ੍ਹਾਂ ਨੇ ਮੁੱਖ ਮਹਿਮਾਨ ਨੂੰ ਸਨਮਾਨ ਚਿੰਨ੍ਹ ਭੇਟ ਕੀਤਾ।

## ਆਰ ਐੱਮ ਪੀ ਆਈ ਵਲੋਂ ਰੂਸ ਦੇ ਇਨਕਲਾਬ ਦੀ ਵਰ੍ਹੇਗੰਢ ਨੂੰ ਸਮਰਪਿਤ ਸਮਾਗਮ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਇਨਕਲਾਬੀ ਮਾਰਕਸਵਾਦੀ ਪਾਰਟੀ ਭਾਰਤ ਜ਼ਿਲ੍ਹਾ ਬਰਨਾਲਾ ਵੱਲੋਂ ਰੂਸ ਦੇ ਇਨਕਲਾਬ ਦੀ ਵਰ੍ਹੇਗੰਢ ਨੂੰ ਸਮਰਪਿਤ ਸਮਾਗਮ ਮਹਿਲ ਕਲਾਂ ਵਿਖੇ ਕਰਵਾਇਆ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਕੁੱਕੂ, ਮਨੋਹਰ ਲਾਲ, ਭੋਲਾ ਸਿੰਘ ਕਲਾਲ ਮਾਜਰਾ, ਮਾ: ਦਰਸ਼ਨ ਸਿੰਘ ਪੰਡੋਰੀ, ਮਲਕੀਤ ਸਿੰਘ ਵਜੀਦਕੇ ਨੇ ਕਿਹਾ ਕਿ ਅੱਜ ਦੇ ਇਸ ਸਰਮਾਏਦਾਰੀ ਪ੍ਰਬੰਧ ਉਪਰ ਸੰਕਟ ਦੇ ਬੱਦਲ ਮੰਡਰਾ ਰਹੇ ਹਨ। ਇਸ ਪ੍ਰਬੰਧ ਵਿੱਚ ਲੋਕਾਂ ਦੀ ਆਰਥਿਕ ਲੁੱਟ ਕਰਕੇ ਉਨ੍ਹਾਂ ਨੂੰ ਗਰੀਬੀ ਵੱਲ ਧੱਕਣਾ, ਜਿਸ ਕਾਰਨ ਅਮੀਰੀ ਗਰੀਬੀ ਦਾ ਪਾੜਾ ਹੋਰ ਵਧ ਜਾਂਦਾ ਹੈ। ਲੋਕਾਂ ਨੂੰ ਵਿੱਦਿਆ ਤੋਂ ਵਾਂਝੇ ਕਰ ਕੇ ਰੁਜ਼ਗਾਰ ਦੇਣ ਤੋਂ ਪਿੱਛੇ ਹਟਣਾ ਇਹ ਇਸ ਮਾੜੇ ਸਿਸਟਮ ਦੀ ਹੀ ਦੇਣ ਹੈ। ਲੋਕਾਂ ਨੂੰ ਵਿੱਦਿਆ, ਸਿਹਤ ਸਹੂਲਤਾਂ, ਰੁਜ਼ਗਾਰ ਦੀ ਕੋਈ ਗਰੰਟੀ ਨਹੀਂ ਹੈ। ਦੇਸ਼ ਅੰਦਰ ਰੁਜ਼ਗਾਰ ਨਾ ਮਿਲਣ ਕਾਰਨ ਪੜ੍ਹਿਆ ਲਿਖਿਆ ਨੌਜਵਾਨ ਵਰਗ ਵਿਦੇਸ਼ਾਂ ਵੱਲ ਪਰਵਾਸ ਕਰ ਰਿਹਾ ਹੈ। ਕਿਸਾਨੀ ਤੇ ਖਤਰਾ ਮੰਡਰਾ ਰਿਹਾ ਹੈ। ਇਸ ਸਾਰੇ ਦਾ ਜ਼ਿੰਮੇਵਾਰ ਸਰਮਾਏਦਾਰੀ ਪ੍ਰਬੰਧ ਹੈ। ਇਸ ਨੂੰ ਖਤਮ ਕਰਨ ਲਈ ਲੋਕ ਸੰਘਰਸ਼ ਅਤੇ ਏਕਤਾ ਦੀ ਵੱਡੀ ਲੋੜ ਹੈ। ਇਸ ਮੌਕੇ ਮਲਕੀਤ ਸਿੰਘ ਬਰਨਾਲਾ, ਨੱਥਾ ਸਿੰਘ ਮਹਿਲ ਖੁਰਦ, ਬਲਵੰਤ ਸਿੰਘ ਕਿਰਤੀ, ਮਹਿੰਦਰ ਸਿੰਘ ਧਨੇਰ, ਦਰਸ਼ਨ ਸਿੰਘ ਬਾਹਮਣੀਆਂ, ਪਰਮਜੀਤ ਸਿੰਘ, ਸਾਧੂ ਸਿੰਘ, ਹੈਪੀ ਸਿੰਘ ਛੀਨੀਵਾਲ ਆਦਿ ਵੀ ਹਾਜ਼ਰ ਸਨ।

# ਪੰਜਾਬ ਕੋ-ਐਜੂਕੇਸ਼ਨ ਸਕੂਲ ਵਿਖੇ ਅੰਤਰਰਾਸ਼ਟਰੀ ਪੰਜਾਬੀ ਬੋਲੀ ਉਲੰਪਿਅਡ 'ਤੇ ਸੈਮੀਨਾਰ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਖੇਤਰੀ ਦਫ਼ਤਰ ਮੋਗਾ ਦੇ ਜ਼ਿਲਾ ਮੈਨੇਜਰ ਮਾਘ ਸਿੰਘ ਅਤੇ ਡਿਪਟੀ ਮੈਨੇਜਰ ਗੁਰਚਰਨ ਸਿੰਘ ਦੀ ਅਗਵਾਈ ਹੇਠ ਬਾਘਾ ਪੁਰਾਣਾ ਤਹਿਸੀਲ 'ਚ ਪੈਂਦੇ ਸਕੂਲਾਂ ਦੇ ਪ੍ਰਬੰਧਕਾਂ ਸਕੂਲ ਮੁਖੀਆਂ ਅਤੇ ਅਧਿਆਪਕਾਂ ਦਾ ਪ੍ਰਭਾਵਸ਼ਾਲੀ ਸੈਮੀਨਾਰ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ ਵਿਖੇ ਹੋਇਆ। ਇਸ ਸੈਮੀਨਾਰ ਵਿਚ ਮੌਜੂਦ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਐਫੀਲੀਏਟਿਡ ਅਤੇ ਐਸੋਸੀਏਟਿਡ ਸਕੂਲਾਂ ਦੇ ਪ੍ਰਤੀਨਿਧਾਂ ਨੂੰ ਮੁਖ਼ਾਤਿਬ ਹੁੰਦਿਆਂ ਬੋਰਡ ਅਧਿਕਾਰੀ ਮਾਘ ਸਿੰਘ ਅਤੇ ਗੁਰਚਰਨ ਸਿੰਘ ਨੇ ਦੱਸਿਆ ਕਿ ਸਿੱਖਿਆ ਬੋਰਡ ਵੱਲੋਂ ਪਹਿਲੀ ਵਾਰ ਕੌਮਾਂਤਰੀ ਪੰਜਾਬੀ ਬੋਲੀ ਉਲੰਪਿਅਡ ਕਰਵਾਉਣ ਦਾ ਨਿਵੇਕਲਾ ਉਪਰਾਲਾ ਕੀਤਾ ਗਿਆ ਹੈ, ਜਿਸ ਵਿੱਚ ਵਿਸ਼ਵ ਭਰ ਵਿਚ ਵਸਦੇ 13 ਤੋਂ 17 ਸਾਲ ਉਮਰ ਵਰਗ ਦੇ ਪੰਜਾਬੀ ਪਰਵਾਰਾਂ ਦੇ ਲੜਕੇ-ਲੜਕੀਆਂ ਸ਼ਮੂਲੀਅਤ ਕਰ ਕੇ ਪੰਜਾਬੀ ਬੋਲੀ ਦਾ ਮਾਣ ਵਧਾਉਣਗੇ। ਉਨ੍ਹਾਂ ਦੱਸਿਆ ਕਿ 40 ਮਿੰਟ ਦੇ ਸਮੇਂ ਦੌਰਾਨ 50 (ਪੰਜਾਹ) ਅੰਕਾਂ ਦੀ ਆਨਲਾਈਨ ਪ੍ਰੀਖਿਆ ਲਈ ਜਾਵੇਗੀ। 45 ਤੋਂ 50 ਅੰਕ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਪ੍ਰਮਾਣ ਪੱਤਰ ਦਿੱਤੇ ਜਾਣਗੇ। 41 ਤੋਂ 45 ਅੰਕ ਪ੍ਰਾਪਤ ਕਰਨ ਵਾਲਿਆਂ ਨੂੰ ਪ੍ਰਸ਼ੰਸਾ ਪੱਤਰ ਦਿੱਤੇ ਜਾਣਗ। ਇਸ ਤੋਂ ਘੱਟ ਅੰਕ ਪ੍ਰਾਪਤ ਕਰਨ ਵਾਲਿਆਂ ਨੂੰ ਸ਼ਮੂਲੀਅਤ ਦਾ ਪ੍ਰਮਾਣ ਪੱਤਰ ਰਾਹੀਂ ਕੀਤਾ ਜਾਵੇਗਾ। ਮੇਜ਼ਬਾਨ ਸਕੂਲ ਦੇ ਪ੍ਰਿੰਸੀਪਲ ਅਤੇ ਡਾਇਰੈਕਟਰ ਸੰਦੀਪ ਮਹਿਤਾ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਇਸ ਨਿਵੇਕਲੇ ਉੱਦਮ ਦੀ ਭਰਵੀ ਸ਼ਲਾਘਾ ਕੀਤੀ। ਤਰਸੇਮ ਸਿੰਘ (ਐਸ.ਐਸ.ਮਾਸਟਰ), ਸੁਖਮਿੰਦਰ ਸਿੰਘ ਭਾਈ ਵੀਰ ਸਿੰਘ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ, ਗੁਰਤੇਜ ਸਿੰਘ ਗੁਰੂ ਗੋਬਿੰਦ ਸਿੰਘ ਜੀ ਸੀਨੀਅਰ ਸੈਕੰਡਰੀ ਸਕੂਲ, ਮਨਜੀਤ ਸਿੰਘ, ਮਨਦੀਪ ਕੁਮਾਰ, ਬਲਵਿੰਦਰ ਕੌਰ ਅਤੇ ਰਮਨਦੀਪ ਕੌਰ ਨੇ ਕ੍ਰਮਵਾਰ ਪੰਜਾਬੀ ਮਾਂ ਬੋਲੀ ਦੇ ਮਹੱਤਵ ਦੇ ਪ੍ਰਸੰਗ ਵਿਚ ਇਸ ਅੰਤਰਰਾਸ਼ਟਰੀ ਪੰਜਾਬੀ ਉਲੰਪਿਅਡ ਦੀ ਸਾਰਥਕਤਾ ਬਾਰੇ ਵਿਸਥਾਰ ਵਿਚ ਰੌਸ਼ਨੀ ਪਾਈ। ਮੇਜ਼ਬਾਨ ਸਕੂਲ ਦੇ ਪ੍ਰਿੰਸੀਪਲ ਗੁਰਦੇਵ ਸਿੰਘ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਮਾਤ ਭਾਸ਼ਾ ਦੇ ਮਹੱਤਵ ਬਾਰੇ ਦੱਸਿਆ। ਕੋ-ਆਰਡੀਨੇਟਰ ਮੁਕੇਸ਼ ਅਰੋੜਾ ਨੇ ਆਪਣੇ ਵਿਚਾਰ ਰੱਖੇ।

ਅੰਤ ਵਿਚ ਪ੍ਰਿੰਸੀਪਲ ਗੁਰਦੇਵ ਸਿੰਘ, ਪ੍ਰਿੰਸੀਪਲ ਅਤੇ ਡਾਇਰੈਕਟਰ ਸੰਦੀਪ ਮਹਿਤਾ, ਕੋ-ਆਰਡੀਨੇਟਰ ਮੁਕੇਸ਼ ਅਰੋੜਾ, ਕੋ-ਆਰਡੀਨੇਟਰ ਮੈਡਮ ਦੀਪਿਕਾ ਮਨਚੰਦਾ ਵੱਲੋਂ ਬੋਰਡ ਅਧਿਕਾਰੀਆਂ ਦਾ ਧੰਨਵਾਦ ਕੀਤਾ ਗਿਆ। ਇਸ ਤੋਂ ਇਲਾਵਾ ਭਾਈ ਵੀਰ ਸਿੰਘ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਨੱਥੂਵਾਲਾ ਗਰਬੀ, ਸੰਤ ਬਾਬਾ ਭਾਗ ਸਿੰਘ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਸੁਖਾਨੰਦ, ਗੁਰੂ ਨਾਨਕ ਦੇਵ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਰੋਡੇ, ਬੀ.ਆਰ.ਐਮ. ਪਬਲਿਕ ਹਾਈ ਸਕੂਲ ਲੰਗੇਆਣਾ ਖੁਰਦ, ਗੁਰੂ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ ਵਾਂਦਰ, ਐਚ.ਕੇ.ਐਸ ਮਾਡਲ ਸੀਨੀਅਰ ਸੈਕੰਡਰੀ ਸਕੂਲ ਸਮਾਲਸਰ, ਗੁਰੂ ਨਾਨਕ ਪਬਲਿਕ ਹਾਈ ਸਕੂਲ ਸੁਖਾਨੰਦ, ਸ੍ਰੀ ਗੁਰੂ ਅਮਰਦਾਸ ਪਬਲਿਕ ਹਾਈ ਸਕੂਲ ਘੋਲੀਆ ਖੁਰਦ, ਯੂਨੀਕ ਸਕੂਲ ਆਫ਼ ਸਟੱਡੀਜ਼ ਸਮਾਲਸਰ, ਸੰਤ ਬਾਬਾ ਨਛੱਤਰ ਸਿੰਘ ਪਬਲਿਕ ਸਕੂਲ ਭਲੂਰ ਅਤੇ ਗਿਆਨੀ ਗੁਰਬਚਨ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਭਲੂਰ ਨੇ ਸ਼ਿਰਕਤ ਕੀਤੀ।

## ਪਰਾਲੀ ਨੂੰ ਅੱਗ ਲਾਉਣੀ ਮਹਿੰਗੀ ਪਈ, ਫਤਿਹਗੜ੍ਹ ਕੋਰੋਟਾਨਾ ਦਾ ਨੰਬਰਦਾਰ ਮੁਅੱਤਲ

**ਧਰਮਕੋਟ (ਪੱਤਰਕਾਰ ਗੁਰਦੀਪ ਸਿੰਘ ਭੁੱਲਰ)**-ਮਾਨਯੋਗ ਸੁਪਰੀਮ ਕੋਰਟ, ਨੈਸ਼ਨਲ ਗ੍ਰੀਨ ਟ੍ਰਿਬਿਊਨਲ ਅਤੇ ਰਾਜ ਸਰਕਾਰ ਵੱਲੋਂ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਬਾਰੇ ਦਿੱਤੇ ਆਦੇਸ਼ਾਂ ਦੀ ਉਲੰਘਣਾ ਕਰਨ ਉੱਤੇ ਜ਼ਿਲ੍ਹਾ ਮੈਜਿਸਟ੍ਰੇਟ- ਕਮ- ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਪਿੰਡ ਫਤਿਹਗੜ੍ਹ ਕੋਰੋਟਾਨਾ ਦੇ ਨੰਬਰਦਾਰ ਜਗਸੀਰ ਸਿੰਘ ਪੁੱਤਰ ਜਰਨੈਲ ਸਿੰਘ ਦੀ ਨੰਬਰਦਾਰੀ ਮੁਅੱਤਲ ਕਰ ਦਿੱਤੀ ਹੈ। ਇਸ ਸਬੰਧੀ ਹੁਕਮ ਜਾਰੀ ਕਰਦਿਆਂ ਜ਼ਿਲ੍ਹਾ ਮੈਜਿਸਟ੍ਰੇਟ- ਕਮ- ਡਿਪਟੀ ਕਮਿਸ਼ਨਰ ਨੇ ਲਿਖਿਆ ਹੈ ਕਿ ਜਗਸੀਰ ਸਿੰਘ ਨੰਬਰਦਾਰ ਵੱਲੋਂ ਜਲੰਧਰ ਰੋਡ ਐਚ.ਪੀ.ਪੈਟਰੋਲ ਪੰਪ ਦੀ ਬੈਕਸਾਇਡ ਪਿੰਡ ਫਤਿਹਗੜ੍ਹ, ਕੋਰਟਾਨਾ ਵਿਖੇ ਝੋਨੇ ਦੀ ਪਰਾਲੀ ਨੂੰ ਅੱਗ ਲਾਈ ਗਈ ਹੈ। ਜਦੋਂ ਉਸ ਨੂੰ ਪਿੰਡ ਵਾਲਿਆਂ ਨੇ ਰੋਕਿਆ ਤਾਂ ਉਹ ਰੁਕਿਆ ਨਾ।

ਉਸ ਨੇ ਕਿਹਾ ਕਿ ਉਸ ਨੇ ਆਪਣੇ ਹੋਰ ਸਾਥੀਆਂ ਨੂੰ ਵੀ ਅੱਗ ਲਗਾਉਣ ਬਾਰੇ ਕਿਹਾ। ਉਸ ਨੇ ਕਿਹਾ ਕਿ ਉਸ ਦੇ ਹੋਰ ਸਾਥੀ ਵੀ ਆਪਣੇ ਆਪਣੇ ਖੇਤ ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣਗੇ। ਜਿਸ ਉੱਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਜਗਸੀਰ ਸਿੰਘ ਨੰਬਰਦਾਰ ਵਿਰੁੱਧ ਕਾਰਵਾਈ ਕਰਨ ਦੀ ਬੇਨਤੀ ਕੀਤੀ ਸੀ। ਜਗਸੀਰ ਸਿੰਘ ਨੰਬਰਦਾਰ ਵੱਲੋਂ ਇੱਕ ਜ਼ੁੰਮੇਵਾਰ ਵਿਅਕਤੀ ਹੋਣ ਦੇ ਨਾਤੇ ਇਨ੍ਹਾਂ ਹੁਕਮਾਂ ਦੀ ਕੋਈ ਪ੍ਰਵਾਹ ਨਾ ਕਰਦੇ ਹੋਏ ਆਪਣੇ ਖੇਤ ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਲਗਾ ਕੇ ਵਾਤਾਵਰਣ ਨੂੰ ਪ੍ਰਦੂਸ਼ਤ ਕੀਤਾ ਗਿਆ ਹੈ। ਇਸ ਲਈ ਜਗਸੀਰ ਸਿੰਘ ਨੰਬਰਦਾਰ ਪਿੰਡ ਫਤਿਹਗੜ੍ਹ ਕੋਰੋਟਾਨਾ ਤਹਿਸੀਲ ਧਰਮਕੋਟ ਜ਼ਿਲ੍ਹਾ ਮੋਗਾ ਨੂੰ 'ਦ ਪੰਜਾਬ ਲੈਂਡ ਰੇਵੇਨਿਊ ਰੂਲਜ਼ 25(1)(ਬੀ)' ਤਹਿਤ ਅਗਲੇ ਹੁਕਮਾਂ ਤੱਕ ਨੰਬਰਦਾਰੀ ਦੇ ਅਹੁਦੇ ਤੋਂ ਸਸਪੈਂਡ ਕੀਤਾ ਗਿਆ ਹੈ।

## ਪੰਜਾਬ ਸਰਕਾਰ ਨੇ ਪੈਨਸ਼ਨਰਾਂ, ਮੁਲਾਜ਼ਮਾਂ ਦੇ ਜ਼ਖਮਾਂ 'ਤੇ ਨਮਕ ਛਿੜਕਿਆ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਪੈਨਸ਼ਨਰ ਯੂਨੀਅਨ ਦੀ ਮੀਟਿੰਗ ਕਾਮਰੇਡ ਜਰਨੈਲ ਸਿੰਘ ਭਵਨ ਵਿਚ ਕੀਤੀ ਗਈ। ਮੀਟਿੰਗ ਤੋਂ ਪਹਿਲਾਂ ਹਰਭਗਵਾਨ ਕੰਬੋਜ ਦੇ ਅਕਾਲ ਚਲਾਣਾ ਕਰ ਜਾਣ 'ਤੇ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਦਿੱਤੀ। ਮੀਟਿੰਗ ਬਲਵੰਤ ਸਿੰਘ ਸੰਧੂ ਪ੍ਰਧਾਨ ਦੀ ਪ੍ਰਧਾਨਗੀ ਹੇਠ ਕੀਤੀ ਗਈ। ਪੈਨਸ਼ਨਰ ਆਗੂਆਂ ਅਵਤਾਰ ਸਿੰਘ ਫਿਰੋਜ਼ਪੁਰ, ਓਮ ਪ੍ਰਕਾਸ਼, ਮਲਕੀਤ ਚੰਦ ਪਾਸੀ, ਕੁਲਦੀਪ ਸਿੰਘ ਖੁੰਗਰ, ਬਲਬੀਰ ਸਿੰਘ ਸੰਧੂ, ਸੰਤ ਰਾਮ ਨੇ ਕਿਹਾ ਕਿ ਦੀਵਾਲੀ ਸਮੇਂ ਮੁਲਾਜ਼ਮਾਂ, ਪੈਨਸ਼ਨਰਾਂ ਦੀਆਂ ਆਸਾਂ ਤੇ ਪਾਣੀ ਫੇਰਿਆ ਹੈ। ਪਹਿਲਾਂ 24 ਅਕਤੂਬਰ ਦੀ ਮੀਟਿੰਗ ਵਿਚ ਅਤੇ ਹੁਣ 6 ਨਵੰਬਰ ਨੂੰ ਹੋਈ ਕੈਬਨਿਟ ਮੀਟਿੰਗ ਤੋਂ ਪਹਿਲਾ ਚੈਨਲਾਂ ਨੇ ਬੜੀ ਚਰਚਾ ਕੀਤੀ ਗਈ ਕਿ ਇਸ ਮੀਟਿੰਗ ਵਿਚ ਸਰਕਾਰ ਦੀਵਾਲੀ ਦਾ ਤੋਹਫਾ ਡੀ ਏ ਦਾ ਬਕਾਇਆ, ਡੀ ਏ ਦੀਆਂ ਕਿਸ਼ਤਾਂ ਦੇ ਸਕਦੀ ਹੈ। ਪੁਰਾਣੀ ਪੈਨਸ਼ਨ ਬਹਾਲ ਕਰ ਸਕਦੀ ਹੈ, ਪਰ ਸਰਕਾਰ ਨੇ ਪੈਨਸ਼ਨਰਾਂ, ਮੁਲਾਜ਼ਮਾਂ ਤੇ ਨਮਕ ਛਿੜਕਿਆ ਹੈ। ਪੈਨਸ਼ਨਰਾਂ ਮੁਲਾਜ਼ਮਾਂ ਨੂੰ ਦੀਵਾਲੀ ਤੋਂ ਬੜੀਆਂ ਆਸਾਂ ਸਨ। ਇਸ ਸਮੇਂ ਬਲਵਿੰਦਰਪਾਲ, ਕਵਰਜੀਤ ਸ਼ਰਮਾ, ਦੀਵਾਨ ਚੰਦ ਸੁਖੀਜਾ ਅਤੇ ਸੁਰਜੀਤ ਸਿੰਘ ਨੇ ਕਿਹਾ ਕਿ ਆਪ ਦੀ ਸਰਕਾਰ ਸੱਤਾ ਵਿਚ ਆ ਕੇ ਸਾਰੇ ਕੀਤੇ ਵਾਅਦੇ ਭੁੱਲ ਗਈ ਹੈ। ਜੇਕਰ ਸਰਕਾਰ ਨੇ ਜਲਦੀ ਮੰਗਾਂ ਦਾ ਹੱਲ ਨਾ ਕੀਤਾ ਤਾਂ ਪੈਨਸ਼ਨਰ, ਮੁਲਾਜ਼ਮ ਸੰਘਰਸ਼ ਕਰਨ ਨੂੰ ਮਜਬੂਰ ਹੋਣਗੇ। ਇਸ ਮੌਕੇ ਪੈਨਸ਼ਨਰ ਆਗੂ ਹਾਜ਼ਰ ਸਨ।

## ਪਰਾਲੀ ਨੂੰ ਬਿਨਾਂ ਸਾੜੇ ਕਣਕ ਦੀ ਸਿੱਧੀ ਬਿਜਾਈ ਲਈ ਹੈਪੀ ਸੀਡਰ ਮਸ਼ੀਨ ਦੀ ਵਰਤੋਂ ਕਰਨ ਦੀ ਸਲਾਹ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਨੇ ਵਾਤਾਵਰਣ ਦੀ ਰੱਖਿਆ ਅਤੇ ਆਵਾ ਹਵਾ ਨੂੰ ਪ੍ਰਦੂਸ਼ਣ ਮੁਕਤ ਬਣਾਉਣ ਲਈ ਵਾਰਵਾਰ ਕਿਸਾਨਾਂ ਨੂੰ ਅਪੀਲ ਕੀਤੀ ਕਿ ਪਰਾਲੀ ਨੂੰ ਅੱਗ ਨਾ ਲਗਾ ਕੇ ਪੰਜਾਬ ਸਰਕਾਰ ਵੱਲੋਂ ਸਬਸਿਡੀ 'ਤੇ ਮੁਹੱਈਆ ਕਰਵਾਈਆਂ ਖੇਤੀਬਾੜੀ ਮਸ਼ੀਨਾਂ ਦੀ ਵਰਤੋਂ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਨਾ ਲਗਾ ਕੇ ਇਸ ਨੂੰ ਖੇਤੀਬਾੜੀ ਸੰਦਾਂ ਰਾਹੀਂ ਜ਼ਮੀਨ ਵਿਚ ਹੀ ਨਿਪਟਾਰਾ ਕਰਨ ਦੀ ਤਰਜੀਹ ਕਰਨੀ ਚਾਹੀਦੀ ਹੈ। ਖੇਤੀਬਾੜੀ ਮਸ਼ੀਨਾਂ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫਸਰ ਡਾ. ਗੁਰਮੀਤ ਸਿੰਘ ਚੀਮਾ ਅਤੇ ਖੇਤੀਬਾੜੀ ਇੰਜੀਨੀਅਰ ਕਮਲ ਗੋਇਲ ਨੇ ਦੱਸਿਆ ਕਿ ਝੋਨੇ ਦੇ ਵੱਢ ਵਿਚ ਪਰਾਲੀ ਨੂੰ ਖੇਤ ਵਿਚੋਂ ਕੱਢੇ ਬਿਨਾਂ ਕਣਕ ਦੀ ਸਿੱਧੀ ਬਿਜਾਈ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਹੈਪੀ ਸੀਡਰ ਮਸ਼ੀਨ ਵਿਕਸਤ ਕੀਤੀ ਗਈ ਹੈ। ਇਸ ਨਾਲ ਕਣਕ ਦੀ ਬਿਜਾਈ ਬਿਨਾਂ ਪਰਾਲੀ ਸਾੜੇ ਹੋ ਜਾਂਦੀ ਹੈ। ਇਸ ਮਸ਼ੀਨ ਵਿਚ ਫਲੇਲ ਕਿਸਮ ਦੇ ਬਲੇਡ ਲੱਗੇ ਹੋਏ ਹਨ ਜੋ ਕਿ ਡਰਿਲ ਦੇ ਬਿਜਾਈ ਕਰਨ ਫਾਲੇ ਦੇ ਸਾਹਮਣੇ ਆਉਣ ਵਾਲੀ ਪਰਾਲੀ ਨੂੰ ਕੱਟਦੇ ਹਨ ਅਤੇ ਪਿਛੇ ਵੱਲ ਧੱਕਦੇ ਹਨ, ਜਿਸ ਨਾਲ ਮਸ਼ੀਨ ਦੇ ਫਾਲਿਆਂ ਵਿਚ ਪਰਾਲੀ ਨਹੀ ਫਸਦੀ ਅਤੇ ਬੀਜ ਸਹੀ ਤਰੀਕੇ ਨਾਲ ਪੋਰਿਆ ਜਾਂਦਾ ਹੈ। ਹੈਪੀ ਸੀਡਰ ਨਾਲ ਬੀਜੀ ਕਣਕ ਦਾ ਫਾਇਦਾ ਇਹ ਵੀ ਹੈ ਕਿ ਕਣਕ ਦੀ ਫਸਲ ਵਿਚ ਨਦੀਨ ਵੀ 50 ਤੋਂ 60 ਫੀਸਦੀ ਘਟ ਉਗਦੇ ਹਨ, ਬਿਜਾਈ ਤੋਂ ਪਹਿਲਾਂ ਰੌਣੀ ਲਈ ਵਰਤੇ ਜਾਣ ਵਾਲੇ ਪਾਣੀ ਦੀ ਬੱਚਤ ਹੁੰਦੀ ਹੈ।

# ਸਿਹਤ ਵਿਭਾਗ ਨੇ 1647 ਕਿੱਲੋ ਮਠਿਆਈ ਤੇ ਖਾਧ ਪਦਾਰਥ ਕਬਜ਼ੇ 'ਚ ਲਏ



ਮੋਗਾ (ਅਮਰਜੀਤ ਬੱਬਰੀ)- ਤਿਉਹਾਰਾਂ ਦੇ ਦਿਨਾਂ ਵਿੱਚ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲੇ ਖਾਧ ਪਦਾਰਥ ਵਪਾਰੀਆਂ ਉੱਤੇ ਜ਼ਿਲ੍ਹਾ ਮੋਗਾ ਦੇ ਸਿਹਤ ਵਿਭਾਗ ਨੇ ਸਖ਼ਤੀ ਵਰਤਣੀ ਸ਼ੁਰੂ ਕਰ ਦਿੱਤੀ ਹੈ। ਅੱਜ ਸਵੇਰੇ ਤੜਕਸਾਰ ਸਿਹਤ ਵਿਭਾਗ ਨੇ ਸ਼ਹਿਰ ਵਿੱਚ ਹੋਰ ਥਾਵਾਂ ਤੋਂ ਤਿਆਰ ਹੋ ਕੇ ਆਏ ਸ਼ੱਕੀ ਮਿਲਾਵਟੀ ਮਠਿਆਈ ਅਤੇ ਖਾਧ ਪਦਾਰਥ ਕਬਜ਼ੇ ਵਿੱਚ ਲਏ ਅਤੇ ਅਗਲੇਰੀ ਕਰਵਾਈ ਆਰੰਭ ਦਿੱਤੀ ਅੱਜ ਸਵੇਰੇ 7:30 ਵਜੇ ਸਿਵਲ ਸਰਜਨ ਮੋਗਾ ਡਾਕਟਰ ਰਾਜੇਸ਼ ਅੱਤਰੀ ਨੇ ਇਕ ਗੁਪਤ ਸੂਚਨਾ ਦੇ ਅਧਾਰ 'ਤੇ ਖੁਦ ਮੋਗਾ ਦੀ ਮਸ਼ਹੂਰ ਲਕਸ਼ਮੀ ਪਤੀਸਾ ਫੈਕਟਰੀ ਤੇ ਜਾ ਕੇ ਚੈਕਿੰਗ ਕੀਤੀ। ਸਿਵਲ ਸਰਜਨ ਨੇ ਫੂਡ ਇਸਪੈਕਟਰ ਯੋਗੇਸ਼ ਗੋਇਲ ਸਮੇਤ ਟੀਮ ਨੂੰ ਬੁਲਾ ਕੇ ਮੌਕੇ 'ਤੇ ਜੋਧਪੁਰ ਤੇ ਅਬੋਹਰ ਤੋਂ ਆਇਆ ਸ਼ੱਕੀ ਮਿਲਾਵਟੀ ਮਿਲਕ ਕੇਕ 1392 ਕਿੱਲੋ, ਖੋਇਆ ਬਰਫੀ 255 ਕਿਲੋ, ਪਤੀਸੇ ਸਮੇਤ 4 ਸੈਂਪਲ ਲਏ ਗਏ। ਕੁੱਲ 1647 ਕਿੱਲੋ ਖਾਣ ਪੀਣ ਵਾਲਾ ਸ਼ੱਕੀ ਮਾਲ ਸੀਜ਼ ਕੀਤਾ ਗਿਆ। ਜਾਣਕਾਰੀ ਦਿੰਦਿਆਂ ਫੂਡ ਸੇਫਟੀ ਇਸਪੈਕਟਰ ਯੋਗੇਸ਼ ਗੋਇਲ ਨੇ ਦੱਸਿਆ ਕਿ ਉਕਤ ਦੁਕਾਨ ਉੱਤੇ ਜੋ ਸ਼ੱਕੀ ਸਾਮਾਨ ਬਾਹਰੋਂ ਤਿਆਰ ਕਰਕੇ ਮੰਗਵਾਇਆ ਗਿਆ ਹੈ, ਉਸ ਨੂੰ ਜ਼ਬਤ ਕਰ ਲਿਆ ਗਿਆ ਹੈ। ਇਸ ਦੇ ਸੈਂਪਲ ਲੈ ਕੇ ਸਰਕਾਰੀ ਲੈਬਾਰਟਰੀ ਨੂੰ ਭੇਜ ਦਿੱਤੇ ਗਏ ਹਨ। ਜਦੋਂ ਰਿਪੋਰਟ ਆਵੇਗੀ ਤਾਂ ਦੋਸ਼ੀ ਪਾਏ ਜਾਣ ਉੱਤੇ ਦੁਕਾਨਦਾਰ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪਹਿਲੀ ਨਜ਼ਰੇ ਇਹ ਸਾਰਾ ਸਮਾਨ ਬਹੁਤ ਹੀ ਹਲਕੀ ਪੱਧਰ ਦਾ ਲੱਗਦਾ ਹੈ। ਸਿਵਲ ਸਰਜਨ ਨੇ ਸਮੂਹ ਜ਼ਿਲ੍ਹਾ ਮੋਗਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਤਿਉਹਾਰਾਂ ਦੇ ਸੀਜ਼ਨ ਦੌਰਾਨ ਮਠਿਆਈ ਅਤੇ ਹੋਰ ਖਾਧ ਪਦਾਰਥ ਖਰੀਦਣ ਵੇਲੇ ਗੁਣਵੱਤਾ ਵੱਲ ਜ਼ਰੂਰ ਧਿਆਨ ਦੇਣ। ਜੇਕਰ ਉਹਨਾਂ ਨੂੰ ਕੋਈ ਮਿਲਾਵਟ ਬਾਰੇ ਸ਼ੱਕ ਪੈਂਦਾ ਹੈ ਤਾਂ ਤੁਰੰਤ ਫੂਡ ਸੇਫਟੀ ਟੀਮ ਜਾਂ ਸਿੱਧਾ ਸਿਹਤ ਵਿਭਾਗ ਦੇ ਧਿਆਨ ਵਿੱਚ ਲਿਆਉਣ। ਉਨ੍ਹਾਂ ਦੁਕਾਨਦਾਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਮੁਨਾਫ਼ੇ ਲਈ ਆਮ ਲੋਕਾਂ ਦੀ ਸਿਹਤ ਨਾਲ ਖਿਲਵਾੜ ਨਾ ਕਰਨ।

# 12 ਘੰਟੇ ਦੀ ਦਿਹਾੜੀ ਵਾਲਾ ਨੋਟੀਫਿਕੇਸ਼ਨ ਤੁਰੰਤ ਕੀਤਾ ਜਾਵੇ ਰੱਦ : ਰਜਵਿੰਦਰ ਰਾਣਾ



ਮਾਨਸਾ (ਆਤਮਾ ਸਿੰਘ ਪਮਾਰ)-ਮਾਨ ਸਰਕਾਰ ਵਲੋਂ ਮਜ਼ਦੂਰਾਂ ਦੀ ਦਿਹਾੜੀ ਅੱਠ ਘੰਟੇ ਤੋਂ ਵਧਾ ਕੇ 12 ਘੰਟੇ ਕਰਨ ਦੇ ਜਾਰੀ ਨੋਟੀਫਿਕੇਸ਼ਨ ਦੇ ਵਿਰੋਧ ਵਿਚ ਸਥਾਨਕ ਬਾਬਾ ਬੂਝਾ ਸਿੰਘ ਭਵਨ ਮਾਨਸਾ ਤੋਂ ਡੀ ਸੀ ਦਫਤਰ ਮਾਨਸਾ ਤੱਕ ਰੋਸ ਮਾਰਚ ਕੀਤਾ ਗਿਆ। ਇਸ ਸਮੇਂ ਲਿਬਰੇਸ਼ਨ ਦੇ ਪੰਜਾਬ ਇੰਚਾਰਜ ਪਰਸ਼ੋਤਮ ਸ਼ਰਮਾ, ਪਾਰਟੀ ਕੇਂਦਰੀ ਕਮੇਟੀ ਮੈਂਬਰ ਰਾਜਵਿੰਦਰ ਸਿੰਘ ਰਾਣਾ, ਜ਼ਿਲ੍ਹਾ ਸਕਤੱਰ ਗੁਰਮੀਤ ਨੰਦਗੜ੍ਹ ਨੇ ਕਿਹਾ ਕਿ ਕੁਝ ਸਮਾਂ ਪਹਿਲਾਂ ਮੋਦੀ ਸਰਕਾਰ ਨੇ 12 ਘੰਟੇ ਦੀ ਦਿਹਾੜੀ ਦਾ ਕਨੂੰਨ ਬਣਾਇਆ ਸੀ ਜਿਸ ਦੀ ਆੜ ਹੇਠ ਭਗਵੰਤ ਮਾਨ ਸਰਕਾਰ ਨੇ ਸਨਅਤਕਾਰਾਂ ਨੂੰ ਖੁਸ਼ ਕਰਨ ਲਈ 20 ਸਤੰਬਰ ਨੂੰ 12 ਘੰਟੇ ਦੀ ਦਿਹਾੜੀ ਦਾ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਹੈ ਜੋ ਸਰਾਸਰ 137 ਸਾਲ ਪਹਿਲਾਂ ਮਈ 1886 ਵਿੱਚ ਅਮਰੀਕਾ ਦੇ ਸਹਿਰ ਸ਼ਿਕਾਗੋ ਵਿੱਚ ਮਜ਼ਦੂਰਾਂ ਨੇ ਕੁਰਬਾਨੀਆਂ ਦੇ ਕੇ 8 ਘੰਟੇ ਦੀ ਦਿਹਾੜੀ ਦੀ ਜਿੱਤ ਨੂੰ ਪੁੱਠਾ ਗੇੜਾ ਦੇਣ ਦੇ ਬਰਾਬਰ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਇਹ ਨੋਟੀਫਿਕੇਸ਼ਨ ਜਾਰੀ ਕਰਕੇ ਸਾਬਤ ਕਰ ਦਿੱਤਾ ਹੈ ਕਿ ਮਾਨ ਸਰਕਾਰ ਆਮ ਲੋਕਾਂ ਦੀ ਸਰਕਾਰ ਦੀ ਬਜਾਏ ਸਨਅਤਕਾਰਾਂ ਅਤੇ ਧਨਾਢਾਂ ਦੀ ਸਰਕਾਰ ਹੈ। ਪੰਜਾਬ ਦੇ ਮਜ਼ਦੂਰ ਕਿਸੇ ਵੀ ਕੀਮਤ ਤੇ ਇਸ ਨੋਟੀਫਿਕੇਸ਼ਨ ਨੂੰ ਮਨਜ਼ੂਰ ਨਹੀਂ ਕਰਨਗੇ ਅਤੇ ਇਸ ਨੋਟੀਫਿਕੇਸ਼ਨ ਦੀ ਵਾਪਸੀ ਤਕ ਸੰਘਰਸ਼ ਜਾਰੀ ਰਹੇਗਾ। ਧਰਨੇ ਵਿੱਚ ਇਜ਼ਰਾਈਲ ਦੁਆਰਾ ਫਲੀਸਤੀਨੀਆਂ ਦੀ ਨਸਲਕੁਸ਼ੀ ਬੰਦ ਕਰਨ ਦਾ ਮਤਾ ਵੀ ਪਾਸ ਕੀਤਾ ਗਿਆ। ਇਸ ਮੌਕੇ ਰੂਸੀ ਅਕਤੂਬਰ ਇਨਕਲਾਬ ਦੀ ਵਰ੍ਹੇਗੰਢ ਦੀ ਖੁਸ਼ੀ ਜ਼ਾਹਰ ਕਰਦਿਆਂ ਭਾਰਤ ਵਿਚ ਇਨਕਲਾਬ ਦੀ ਜੰਗ ਤੇਜ਼ ਕਰਨ ਦਾ ਅਹਿਦ ਲਿਆ ਗਿਆ, ਧਰਨੇ ਤੋਂ ਬਾਅਦ ਮਜ਼ਦੂਰ ਵਿਰੋਧੀ ਨੋਟੀਫਿਕੇਸ਼ਨ ਵਾਪਸ ਲੈਣ ਲਈ ਕਿਰਤ ਇਨਫੋਰਸਮੈਂਟ ਅਫਸਰ ਬਟਾਲਾ ਨੂੰ ਮੁੱਖ ਮੰਤਰੀ ਪੰਜਾਬ ਦੇ ਨਾਂਅ ਮੰਗ ਪੱਤਰ ਦਿੱਤਾ ਗਿਆ। ਇਸ ਸਮੇਂ ਇਨਕਲਾਬੀ ਨੌਜਵਾਨ ਸਭਾ ਦੇ ਆਗੂ ਵਿੰਦਰ ਅਲਖ, ਰਾਜਦੀਪ ਗਹਿਲੇ, ਮਜ਼ਦੂਰ ਮੁਕਤੀ ਮੋਰਚਾ ਦੇ ਬਿੰਦਰ ਕੌਰ ਉੱਡਤ, ਕ੍ਰਿਸ਼ਨਾ ਕੌਰ, ਗਗਨਦੀਪ ਸਿੰਘ, ਲਿਬਰੇਸ਼ਨ ਦੇ ਸਹਿਰ ਸਕੱਤਰ ਸੁਰਿੰਦਰ ਸ਼ਰਮਾ, ਧਰਮਪਾਲ ਨੀਟਾ ਭੀਖੀ ਜੀਤ ਬੋਹਾ ਛਾਜੂ ਦਿਆਲਪੁਰਾ, ਤਰਸੇਮ ਸਿੰਘ ਬਹਾਦਰਪੁਰ, ਗੁਰਸੇਵਕ ਮਾਨ, ਮੁਖਤਿਆਰ ਕੁਲੈਹਿਰੀ, ਅੰਗਰੇਜ਼ ਘਰਾਂਗਣਾ, ਗੁਰਪਿਆਰ ਗੇਹਲੇ, ਸੁਖਜੀਤ ਰਾਮਾਨੰਦੀ ਆਦਿ ਵੀ ਹਾਜ਼ਰ ਸਨ।

# ਮਜ਼ਦੂਰ ਯੂਨੀਅਨ ਨੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਮੋਦੀ ਹਕੂਮਤ ਦੀ ਫੂਕੀ ਅਰਥੀ



ਜਗਰਾਉਂ (ਅਮਿਤ ਖੰਨਾ)- ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਅਤੇ ਗੱਲਾ ਮਜਦੂਰ ਯੂਨੀਅਨ ਵਲੋਂ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਅਨਾਜ ਮੰਡੀ 'ਚ ਮੋਦੀ ਹਕੂਮਤ ਦੀ ਅਰਥੀ ਫੂਕੀ ਗਈ। ਇੰਦਰਜੀਤ ਸਿੰਘ ਧਾਲੀਵਾਲ ਜ਼ਿਲ੍ਹਾ ਸਕੱਤਰ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਅਤੇ ਰਾਜਪਾਲ ਬਾਬਾ ਮਜ਼ਦੂਰ ਆਗੂ ਦੀ ਅਗਵਾਈ 'ਚ ਕਿਸਾਨਾਂ ਮਜ਼ਦੂਰਾਂ ਨੇ ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ ਨਿਊਜ਼ ਕਲਿੱਕ ਵੈਬ ਪੋਰਟਲ ਦੇ ਪੱਤਰਕਾਰਾਂ 'ਤੇ ਦੇਸ਼ਧ੍ਰੋਹ ਦੇ ਝੂਠੇ ਪਰਚੇ ਦਰਜ ਕਰਨ ਖਿਲਾਫ ਇਹ ਰੋਸ ਪ੍ਰਗਟਾਵਾ ਕਰਦਿਆਂ ਹੈਰਾਨੀ ਜ਼ਾਹਰ ਕੀਤੀ ਕਿ ਦੁਨੀਆ 'ਚ ਅਪਣੇ ਆਪ ਨੂੰ ਜਮਹੂਰੀਅਤ ਦਾ ਅਲੰਬਰਦਾਰ ਕਹਾਉਣ ਵਾਲਾ ਭਾਰਤ ਹਰ ਵਿਰੋਧੀ ਆਵਾਜ਼ ਨੂੰ ਕੁਚਲਣ ਦੇ ਰਾਹ ਤੁਰਿਆ ਹੋਇਆ ਹੈ। ਉਨਾਂ ਕਿਹਾ ਕਿ ਇਸ ਮਾਮਲੇ 'ਚ ਦਰਜ ਐਫ ਆਈ ਆਰ 'ਚ ਕਿਸਾਨ ਅੰਦੋਲਨ ਨੂੰ ਦੇਸ਼ ਵਿਰੋਧੀ ਅੰਦੋਲਨ ਕਰਾਰ ਦਿੰਦਿਆਂ ਬਦਨਾਮ ਕਰਨ ਦੀ ਅਸਫਲ ਕੋਸ਼ਿਸ਼ ਕੀਤੀ ਗਈ ਹੈ। ਇਸ ਐਫ ਆਈ ਆਰ 'ਚ ਨਾਗਰਿਕਤਾ ਸੋਧ ਵਿਰੋਧੀ ਕਾਨੂੰਨ ਖਿਲਾਫ ਸ਼ਾਹੀਨ ਬਾਗ ਅੰਦੋਲਨ ਵਿਰੁੱਧ ਵੀ ਜ਼ਹਿਰ ਉਗਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਲੋਕਪੱਖੀ ਬੁੱਧੀਜੀਵੀਆਂ ਅਤੇ ਪੱਤਰਕਾਰਾਂ ਨੂੰ ਝੂਠੇ ਦੋਸ਼ਾਂ ਤਹਿਤ ਪੰਜ ਪੰਜ ਸਾਲ ਤੋਂ ਜੇਲ੍ਹਾਂ 'ਚ ਡੱਕਿਆ ਹੋਇਆ ਹੈ। ਇਸ ਤੋਂ ਪਹਿਲਾਂ ਮਣੀਪੁਰ ਦੇ ਹਾਲਾਤ ਜਾਣਨ ਗਏ ਐਡੀਟਰ ਗਿਲਡਜ਼ ਦੇ ਸਤਿਕਾਰਤ ਪੱਤਰਕਾਰਾਂ 'ਤੇ ਵੀ ਝੂਠੀ ਐਫ ਆਈ ਆਰ ਦਰਜ ਕਰਕੇ ਮੋਦੀ ਹਕੂਮਤ ਨੇ ਨਵਾਂ ਰਿਕਾਰਡ ਕਾਇਮ ਕੀਤਾ ਸੀ। ਉਨਾਂ ਦੇਸ਼ਦ੍ਰੋਹ ਦਾ ਝੂਠਾ ਪਰਚਾ ਰੱਦ ਕਰਨ ਅਤੇ ਗ੍ਰਿਫਤਾਰ ਪੱਤਰਕਾਰ ਬਿਨਾਂ ਸ਼ਰਤ ਰਿਹਾ ਕਰਨ ਦੀ ਜ਼ੋਰਦਾਰ ਮੰਗ ਕੀਤੀ ਹੈ।

# ਮਨਾਲ ਦਾ ਕਿਸਾਨ ਹਰਜਿੰਦਰ ਸਿੰਘ ਸੁਪਰ ਸੀਡਰ ਨਾਲ ਕਰ ਰਿਹਾ ਕਣਕ ਦੀ ਸਿੱਧੀ ਬਿਜਾਈ



ਬਰਨਾਲਾ (ਰਾਜਿੰਦਰ ਬਰਾੜ)-ਜ਼ਿਲ੍ਹਾ ਬਰਨਾਲਾ ਦੇ ਅਗਾਂਹਵਧੂ ਕਿਸਾਨ ਖੇਤੀਬਾੜੀ ਵਿਭਾਗ ਦੀ ਸਹਾਇਤਾ ਨਾਲ ਸਬਸਿਡੀ ਉੱਤੇ ਲਈਆਂ ਗਈਆਂ ਮਸ਼ੀਨਾਂ ਦੀ ਵਰਤੋਂ ਕਰਕੇ ਜਿੱਥੇ ਖੇਤਾਂ 'ਚ ਪਰਾਲੀ ਨੂੰ ਬਿਨਾਂ ਅੱਗ ਲਗਾਏ ਸਾਂਭ ਰਹੇ ਹਨ ਉੱਥੇ ਨਾਲ ਹੀ ਕਣਕ ਦੀ ਸਿੱਧੀ ਬਿਜਾਈ ਕਰ ਰਹੇ ਹਨ। ਡਿਪਟੀ ਕਮਿਸ਼ਨਰ ਬਰਨਾਲਾ ਪੂਨਮਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਬਰਨਾਲਾ 'ਚ ਪਰਾਲੀ ਪ੍ਰਬੰਧਾਂ ਦੇ ਖੇਤਰ 'ਚ ਆਪਣਾ ਯੋਗਦਾਨ ਪਾਉਂਦਿਆਂ, ਕਿਸਾਨਾਂ ਵੱਲੋਂ ਹੈਪੀ ਸੀਡਰ, ਸੁਪਰ ਸੀਡਰ ਅਤੇ ਸਰਫੇਸ ਸੀਡਰ ਦੀ ਵਰਤੋਂ ਕਰਕੇ ਕਣਕ ਦੀ ਸਿੱਧੀ ਬਿਜਾਈ ਝੋਨੇ ਦੀ ਪਰਾਲੀ 'ਚ ਕੀਤੀ ਜਾ ਰਹੀ ਹੈ। ਇਸ ਨਾਲ ਨਾ ਸਿਰਫ ਮਿੱਟੀ ਦੇ ਪੋਸ਼ਕ ਤੱਤਾਂ 'ਚ ਵਾਧਾ ਹੁੰਦਾ ਹੈ ਬਲਕਿ ਨਾਲ ਹੀ ਪਰਾਲੀ ਨੂੰ ਅੱਗ ਨਾ ਲਗਾਉਣ ਨਾਲ ਵਾਤਾਵਰਣ ਸੁਰੱਖਿਅਤ ਰਹਿੰਦਾ ਹੈ। ਉਨ੍ਹਾਂ ਪਿੰਡ ਮਨਾਲ ਦੇ ਅਗਾਂਹਵਧੂ ਕਿਸਾਨ ਹਰਜਿੰਦਰ ਸਿੰਘ ਦੀ ਸ਼ਲਾਘਾ ਕੀਤੀ ਜੋ ਝੋਨੇ ਦੀ ਪਰਾਲੀ ਨੂੰ ਬਿਨਾਂ ਅੱਗ ਲਗਾਏ ਖੇਤਾਂ ਵਿੱਚ ਵਾਹ ਕੇ ਉਸ ਦਾ ਪ੍ਰਬੰਧਨ ਕਰ ਰਿਹਾ ਹੈ। ਮੁੱਖ ਖੇਤੀਬਾੜੀ ਅਫ਼ਸਰ ਡਾ. ਜਗਦੀਸ਼ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਬਰਨਾਲਾ 'ਚ ਕੁੱਲ 2674 ਸੁਪਰ ਸੀਡਰ ਹਨ ਜਿਨ੍ਹਾਂ ਦੀ ਮਦਦ ਰਾਹੀਂ ਕਿਸਾਨਾਂ ਵੱਲੋਂ ਕਣਕ ਦੀ ਸਿੱਧੀ ਬਿਜਾਈ ਕੀਤੀ ਜਾ ਰਹੀ ਹੈ। ਆਪਣਾ ਤਜਰਬਾ ਸਾਂਝਾ ਕਰਦਿਆਂ ਕਿਸਾਨ ਹਰਜਿੰਦਰ ਸਿੰਘ ਨੇ ਦੱਸਿਆ ਕਿ ਉਹ ਪਿਛਲੇ 5 ਸਾਲਾਂ ਤੋਂ ਆਪਣੇ 20 ਏਕੜ ਦੀ ਖੇਤਾਂ 'ਚ ਪਰਾਲੀ ਨੂੰ ਬਿਨਾਂ ਅੱਗ ਲਗਾਏ ਸਾਂਭ ਰਿਹਾ ਹੈ। ਉਨ੍ਹਾਂ ਦੱਸਿਆ ਕਿ ਝੋਨੇ ਦੀ ਵਾਢੀ ਦੇ ਨਾਲ ਸੁਪਰ ਸੀਡਰ ਰਾਹੀਂ ਬਿਜਾਈ ਕੀਤੀ ਜਾਂਦੀ ਹੈ ਜਿਸ ਨਾਲ ਸਮੇਂ ਦੀ ਬੱਚਤ ਹੁੰਦੀ ਹੈ । ਪਿਛਲੇ 5 ਸਾਲਾਂ ਤੋਂ ਉਹ ਇਹ ਤਕਨੀਕ ਅਪਣਾ ਕੇ ਖੇਤੀ ਕਰ ਰਿਹਾ ਹੈ ਅਤੇ ਉਸ ਨੂੰ ਚੰਗਾ ਝਾੜ ਮਿਲਦਾ ਹੈ। ਹਰਜਿੰਦਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ।

# ਦੇਸ਼ ਦੇ ਭਵਿੱਖ ਨੂੰ ਸੜਕਾਂ 'ਤੇ ਨਹੀਂ ਰੁਲਣ ਦਿੱਤਾ ਜਾਵੇਗਾ : ਸ਼ੌਕਤ ਅਹਿਮਦ ਪਰੇ

ਬਠਿੰਡਾ, ਸੰਗਤ ਮੰਡੀ, (ਰਾਜਦੀਪ ਜੋਸ਼ੀ)-ਦੇਸ਼ ਦੇ ਭਵਿੱਖ ਨੂੰ ਸੜਕਾਂ 'ਤੇ ਨਹੀਂ ਰੁਲਣ ਦਿੱਤਾ ਜਾਵੇਗਾ। ਬੱਚਿਆਂ ਨੂੰ ਸਿੱਖਿਆ ਨਾਲ ਜੋੜ ਕੇ ਉਨ੍ਹਾਂ ਦੇ ਭਵਿੱਖ ਨੂੰ ਸੁਨਹਿਰੀ ਬਣਾਇਆ ਜਾਵੇਗਾ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਅੱਜ ਇੱਥੇ ਸਥਾਨਕ ਰੋਜ਼ ਗਾਰਡਨ ਵਿਖੇ ਝੁੱਗੀ-ਝੌਂਪੜੀਆਂ, ਸਲੱਮ ਖੇਤਰ, ਬਿਨਾਂ ਘਰ ਤੋਂ ਰਹਿ ਰਹੇ ਗ਼ਰੀਬ ਬੱਚਿਆਂ ਦੀ ਮੁਫ਼ਤ ਪੜ੍ਹਾਈ ਲਈ ਖੋਲ੍ਹੇ ਗਏ ਬੈਂਬੋ ਸਕੂਲ ਦਾ ਉਦਘਾਟਨ ਕਰਨ ਮੌਕੇ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਵਲੋਂ ਖਾਸ ਤੌਰ 'ਤੇ ਬੱਚਿਆਂ ਨਾਲ ਭੁੰਜੇ ਬੈਠ ਕੇ ਉਨ੍ਹਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਪੜ੍ਹਾਈ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਇਨ੍ਹਾਂ ਬੱਚਿਆਂ ਦੇ ਮਾਪਿਆਂ ਨਾਲ ਵੀ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਇੱਥੇ ਸਕੂਲ ਭੇਜਣ ਅਤੇ ਥੋੜ੍ਹੇ ਲਾਲਚ ਲਈ ਇਨ੍ਹਾਂ ਤੋਂ ਕੰਮ ਨਾ ਕਰਵਾਉਣ ਤੇ ਨਾ ਹੀ ਭੀਖ ਮੰਗਵਾਉਣ ਸਗੋਂ ਇਨ੍ਹਾਂ ਨੂੰ ਸਿੱਖਿਆ ਨਾਲ ਜੋੜ ਕੇ ਉਨ੍ਹਾਂ ਦੇ ਭਵਿੱਖ ਨੂੰ ਉਜਵਲ ਕਰਨ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਹੋਰ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਜ਼ਿਲ੍ਹਾ ਸਿੱਖਿਆ ਕਮੇਟੀ ਵਲੋਂ ਜ਼ਿਲ੍ਹਾ ਰੈਡ ਕਰਾਸ, ਅੱਪੂ ਸੋਸਾਇਟੀ ਤੇ ਐਚਐਮਈਐਲ ਰਿਫਾਇਨਰੀ ਦੇ ਸਹਿਯੋਗ ਨਾਲ ਚਲਾਏ ਜਾਣ ਵਾਲੇ ਇਸ ਸਕੂਲ 'ਚ 45 ਦੇ ਕਰੀਬ ਬੱਚਿਆਂ ਦੀ ਸ਼ਨਾਖਤ ਉਪਰੰਤ ਉਨ੍ਹਾਂ ਦਾ ਦਾਖਲਾ ਕੀਤਾ ਗਿਆ ਹੈ, ਜਿਨ੍ਹਾਂ ਨੂੰ ਇੱਕ ਮਾਹਰ ਅਧਿਆਪਕ ਤੇ ਤਿੰਨ ਇੰਟਰਨਰਸ਼ਿਪ ਵਿਦਿਆਰਥੀਆਂ ਵਲੋਂ ਸਵੇਰੇ 10 ਵਜੇ ਤੋਂ ਲੈ ਕੇ ਦੁਪਿਹਰ 2 ਵਜੇ ਤੱਕ ਮੁਫ਼ਤ ਪੜ੍ਹਾਇਆ ਜਾਵੇਗਾ। ਇਸ ਤੋਂ ਇਲਾਵਾ ਬੱਚਿਆਂ ਨੂੰ ਲੋੜੀਂਦੀ ਸਟੇਸ਼ਨਰੀ ਵੀ ਮੁਹੱਈਆ ਕਰਵਾਈ ਜਾਵੇਗੀ। ਇਸ ਮੌਕੇ ਸਕੱਤਰ ਰੈੱਡ ਕਰਾਸ ਦਰਸ਼ਨ ਕੁਮਾਰ, ਜ਼ਿਲ੍ਹਾ ਵਿਕਾਸ ਫੈਲੋ ਅਫ਼ਸਰ ਵਿਜੈ ਕੁਮਾਰ ਤੋਂ ਸਟਾਫ਼, ਬੱਚੇ ਤੇ ਉਨ੍ਹਾਂ ਦੇ ਮਾਪੇ ਆਦਿ ਹਾਜ਼ਰ ਸਨ।

# ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ ਦੌਰਾਨ ਲਟਕਦੀਆਂ ਮੰਗਾਂ 'ਤੇ ਹੋਈ ਚਰਚਾ



ਮਾਨਸਾ (ਪਮਾਰ)-ਦੀ ਮਾਨਸਾ ਪੈਨਸ਼ਨਰਜ਼ ਇੰਪਲਾਈਜ਼ ਵੈਲਫੇਅਰ ਐਸੋਸੀਏਸ਼ਨ ਮਾਨਸਾ ਦੀ ਮਹੀਨਾਵਾਰ ਮੀਟਿੰਗ ਸਥਾਨਕ ਪੈਨਸ਼ਨ ਭਵਨ ਵਿਖੇ ਸੱਤਪਾਲ ਭੈਣੀ ਪ੍ਰਧਾਨ ਅਤੇ ਜਨਰਲ ਸਕੱਤਰ ਜਗਦੀਸ਼ ਰਾਏ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸਾਥੀ ਜਸਵੀਰ ਢੰਡ, ਮੱਖਣ ਸਿੰਘ ਉੱਡਤ, ਪ੍ਰਿਥੀ ਸਿੰਘ ਮਾਨ ਅਤੇ ਸ਼ਮਿੰਦਰ ਸਿੰਘ ਸਿੱਧੂ ਵਲੋਂ ਇਜ਼ਰਾਈਲ ਵਲੋਂ ਇਜ਼ਰਾਇਲੀ ਲੋਕਾਂ ਉੱਤੇ ਹੀਰੋਸ਼ੀਮਾ ਅਤੇ ਨਾਗਾਸਾਕੀ ਵਾਂਗ ਸੁੱਟੇ ਜਾ ਰਹੇ ਬੰਬਾਂ ਦੀ ਨਿਖੇਧੀ ਕਰਦਿਆਂ ਪੀੜਤ ਲੋਕਾਂ ਦੇ ਹੱਕ ਵਿੱਚ ਸਰਬ ਸੰਮਤੀ ਨਾਲ ਮਤਾ ਪਾਸ ਕਰਵਾਇਆ ਗਿਆ। ਸਾਥੀਆਂ ਨੇ ਆਪਣੇ ਸੰਬੋਧਨ ਵਿਚ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਦੇ 7 ਲੱਖ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਇੱਕ ਜਨਵਰੀ 2016 ਤੋਂ 30 ਜੂਨ 2021 ਤੱਕ ਦੇ 6ਵੇਂ ਪੇਅ ਕਮਿਸ਼ਨ ਦੇ ਬਕਾਏ, ਮਹਿੰਗਾਈ ਭੱਤੇ ਦੀਆਂ 12% ਕਿਸ਼ਤਾਂ ਤੋਂ ਇਲਾਵਾ ਸਾਰੇ ਵਿਭਾਗਾਂ ਵਿੱਚ ਕੰਟਰੈਕਟ ਆਊਟ ਸੋਰਸਿੰਗ ਉੱਕਾ ਪੁੱਕਾ ਤੇ ਇਨਲਿਸਟਮੈਂਟ 'ਤੇ ਕੰਮ ਕਰਦੇ ਵਰਕਰਾਂ ਨੂੰ ਬਿਨਾਂ ਸ਼ਰਤ ਪੱਕਾ ਕੀਤਾ ਜਾਵੇ। ਸਾਰੇ ਵਿਭਾਗਾਂ ਵਿੱਚ ਖਾਲੀ ਪਈਆਂ ਲੱਖਾਂ ਅਸਾਮੀਆਂ 'ਤੇ ਰੈਗੂਲਰ ਸਕੇਲ ਰਾਹੀਂ ਭਰਤੀ ਕੀਤੀ ਜਾਵੇ। ਲੱਖਾ ਸਿੰਘ ਸਹਾਰਨਾ, ਅਜੈਬ ਅਲੀਸ਼ੇਰ, ਸਿਕੰਦਰ ਘਰਾਂਗਣਾ, ਲਖਣ ਲਾਲ ਅਤੇ ਮੇਜਰ ਸਿੰਘ ਦਰੀਆਪੁਰ ਨੇ ਮੰਗ ਕੀਤੀ ਕਿ ਪੈਨਸ਼ਨਰਾਂ ਦੀ 2.59 ਦੇ ਗੁਣਾਂਕ ਨਾਲ ਪੈਨਸਨ ਫਿਕਸ ਕੀਤੀ ਜਾਵੇ, 01-01-2016 ਤੋਂ ਬਾਅਦ 7 ਲੱਖ ਮੁਲਾਜ਼ਮਾਂ ਪੈਨਸ਼ਨਰਾਂ ਦੇ ਬਣਦੇ ਸਾਰੇ ਬਕਾਏ ਯਕਮੁਸ਼ਤ ਦਿੱਤੇ ਜਾਣ। ਮਿਤੀ 01-01-2004 ਤੋਂ ਬਾਅਦ ਭਰਤੀ ਸਰਕਾਰੀ ਅਰਧ ਸਰਕਾਰੀ, ਸੁਸਾਇਟੀਆਂ, ਸੰਮਤੀਆਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਦੇ ਮੁਲਾਜ਼ਮਾਂ ਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ। ਜੁਲਾਈ 2020 ਤੋਂ ਬਾਅਦ ਭਰਤੀ ਮੁਲਾਜ਼ਮਾਂ ਤੇ ਕੇਂਦਰੀ ਸਕੇਲ ਦੀ ਥਾਂ ਪੰਜਾਬ ਦੇ ਪੇਅ ਸਕੇਲ ਦਿੱਤੇ ਜਾਣ। ਨਵੀਂ ਸਿੱਖਿਆ ਨੀਤੀ 2020 ਰੱਦ ਕੀਤੀ ਜਾਵੇ। ਇਸ ਸਮੇਂ ਸੁਰਜੀਤ ਸਿੰਘ ਖਿਆਲਾ, ਮੇਜਰ ਸਿੰਘ ਵਾਲੀਆ, ਹੰਸਰਾਜ ਅਤੇ ਇੰਦਰ ਸਿੰਘ ਬੁਰਜ ਹਰੀ ਨੇ ਵੀ ਗੱਲਬਾਤ ਸਾਂਝੀ ਕੀਤੀ। ਇਸ ਤੋਂ ਬਾਅਦ ਪੈਨਸ਼ਨਰਾਂ ਦਾ ਵਫਦ ਡਿਪਟੀ ਕਮਿਸ਼ਨਰ ਮਾਨਸਾ ਨੂੰ ਭਵਨ ਵਿੱਚ ਲਾਇਬ੍ਰੇਰੀ ਬਣਵਾਉਣ ਲਈ ਮਿਲਿਆ। ਡਿਪਟੀ ਕਮਿਸ਼ਨਰ ਵੱਲੋਂ ਮੰਗ ਦੀ ਪੂਰਤੀ ਲਈ ਆਗੂਆਂ ਨੂੰ ਭਰੋਸਾ ਦਿੱਤਾ ਗਿਆ।

# ਆਈ ਟੀ ਆਰ ਤੇ ਈ-ਫਾਈਲਿੰਗ ਤਹਿਤ ਦੋ ਰੋਜ਼ਾ ਵਰਕਸ਼ਾਪ



ਬਠਿੰਡਾ, ਸੰਗਤ ਮੰਡੀ (ਰਾਜਦੀਪ ਜੋਸ਼ੀ)-ਸਥਾਨਕ ਐੱਸ.ਐੱਸ.ਡੀ. ਗਰਲਜ਼ ਕਾਲਜ ਦੇ ਪ੍ਰਿੰਸੀਪਲ ਡਾ. ਨੀਰੂ ਗਰਗ ਦੀ ਯੋਗ ਅਗਵਾਈ ਹੇਠ 'ਆਈ.ਟੀ.ਆਰ. ਤੇ ਈ-ਫਾਈਲਿੰਗ' 'ਤੇ ਦੋ ਰੋਜ਼ਾ ਵਰਕਸਾਪ ਦਾ ਆਯੋਜਨ ਕੀਤਾ ਗਿਆ। ਇਹ ਵਰਕਸ਼ਾਪ ਆਈ ਸੀ ਏ ਐਜੂਕੇਸ਼ਨ ਸਕਿੱਲ ਤੇ ਐਸ. ਐਸ. ਡੀ. ਗਰਲਜ਼ ਕਾਲਜ ਵਿਚਕਾਰ ਹੋਏ ਐਮ ਓ ਯੂ ਅਧੀਨ ਹੋਈ। ਇਸ ਵਰਕਸ਼ਾਪ ਮੌਕੇ ਆਈ ਸੀ ਏ ਬਠਿੰਡਾ ਤੋਂ ਮੋਨੂੰ ਜਿੰਦਲ (ਸੈਂਟਰ ਮੈਨੇਜਰ) ਤੇ ਨੀਰੂ ਜਿੰਦਲ (ਫੈਕਲਟੀ) ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਵਰਕਸ਼ਾਪ ਮੌਕੇ ਕਾਮਰਸ ਦੀਆਂ ਵੱਖ-ਵੱਖ ਜਮਾਤਾਂ ਦੇ 84 ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਮੋਨੂੰ ਜਿੰਦਲ ਤੇ ਨੀਰੂ ਜਿੰਦਲ ਨੇ ਆਈ.ਟੀ.ਆਰ. ਫਾਈਲ ਕਰਨ ਦੀ ਲੋੜ, ਆਈ.ਟੀ.ਆਰ ਫਾਰਮਾਂ ਦੀਆਂ ਕਿਸਮਾਂ ਅਤੇ ਇਨਕਮ ਟੈਕਸ ਵਿਭਾਗ ਦੇ ਪੋਰਟਲ 'ਤੇ ਰਜਿਸਟਰ ਕਰਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਕਾਲਜ ਪ੍ਰਧਾਨ ਐਡਵੋਕੇਟ ਸੰਜੇ ਗੋਇਲ, ਜਨਰਲ ਸਕੱਤਰ ਵਿਕਾਸ ਗਰਗ ਅਤੇ ਕਾਲਜ ਪ੍ਰਿੰਸੀਪਲ ਡਾ. ਨੀਰੂ ਗਰਗ ਨੇ ਵਰਕਸ਼ਾਪ ਇੰਚਾਰਜ ਡਾ.ਆਸ਼ਾ ਸਿੰਗਲਾ, ਡਾ. ਅੰਜੂ ਗਰਗ ਅਤੇ ਰਸਮੀ ਤਿਵਾੜੀ ਦੇ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਭਵਿੱਖ ਵਿੱਚ ਅਜਿਹੀਆਂ ਗਤੀਵਿਧੀਆਂ ਕਰਵਾਉਂਦੇ ਰਹਿਣ ਲਈ ਪ੍ਰੇਰਿਤ ਕੀਤਾ।

# ਪੈਨਸ਼ਨਰਜ਼ ਮਹਾਂ ਸੰਘ ਇਕਾਈ ਮਾਛੀਵਾੜਾ ਦੀ ਮੀਟਿੰਗ



ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)- ਪੰਜਾਬ ਰਾਜ ਪੈਨਸ਼ਨਰਜ਼ ਮਹਾਂਸੰਘ ਇਕਾਈ ਮਾਛੀਵਾੜਾ ਦੀ ਮਾਸਿਕ ਇਕੱਤਰਤਾ ਰਾਮ ਸਿੰਘ ਕਾਲੜਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ 'ਚ ਤਰਲੋਚਨ ਸਿੰਘ, ਗੁਰਮੀਤ ਸਿੰਘ, ਬਖਸ਼ੀ ਰਾਮ ਤੇ ਹੋਰ ਬੁਲਾਰਿਆਂ ਨੇ ਸਰਕਾਰ ਵੱਲੋਂ ਪੈਨਸ਼ਨਰਜ਼ ਨੂੰ ਡੀ.ਏ. ਦੀਆਂ ਤਿੰਨ ਕਿਸ਼ਤਾਂ ਦੇਣ, ਯਕਮੁਸ਼ਤ ਬਕਾਏ ਬਾਰੇ, 2.59 ਗੁਣਾਂਕ ਨਾਲ ਪੈਨਸ਼ਨ ਸੋਧਣ ਆਦਿ ਮੰਨੀਆਂ ਮੰਗਾਂ ਬਾਰੇ ਕੈਬਨਿਟ ਮੀਟਿੰਗ ਵਿਚ ਫੈਸਲਾ ਨਾ ਲੈਣ ਦੀ ਘੋਰ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਮੁਲਾਜ਼ਮ ਤੇ ਪੈਨਸ਼ਨਰ ਕਾਲੀ ਦੀਵਾਲੀ ਮਨਾਉਣ ਲਈ ਮਜਬੂਰ ਹੋਣਗੇ ਤੇ ਸਰਕਾਰ ਦਾ ਪਿੱਟ ਸਿਆਪਾ ਕਰਨਗੇ। ਡਾ.ਬਲਬੀਰ ਸਿੰਘ ਨੇ ਜਥੇਬੰਦੀ ਦੀ ਮੈਂਬਰਸ਼ਿਪ ਲਈ ਅਤੇ ਜਥੇਬੰਦੀ ਦੇ ਕਾਰਜਾਂ ਦੀ ਸ਼ਲਾਘਾ ਕੀਤੀ ਉੱਥੇ ਉਨ੍ਹਾਂ ਨੇ ਜਲਦੀ ਹੀ ਪੈਨਸ਼ਨਰਜ਼, ਸੀਨੀਅਰ ਸਿਟੀਜ਼ਨ ਲਈ ਸਿਹਤ ਚੈੱਕਅਪ ਲਈ ਵਿਸ਼ੇਸ਼ ਕੈਂਪ ਲਾਉਣ ਦਾ ਵੀ ਐਲਾਨ ਕੀਤਾ। ਇਸ ਮੌਕੇ ਡਾ. ਜਸਦੇਵ ਸਿੰਘ ਨੇ ਟੀਮ ਸਮੇਤ ਪੈਨਸ਼ਨਰਜ਼ ਨੂੰ ਡੇਂਗੂ, ਚਿਕਨਗੁਨੀਆ, ਮੌਸਮੀ ਬਿਮਾਰੀਆਂ ਅਤੇ ਸੰਤੁਲਿਤ ਭੋਜਨ ਬਾਰੇ ਜਾਗਰੂਕ ਕੀਤਾ। ਇਸ ਮੌਕੇ ਗੁਰਦਿਆਲ ਸਿੰਘ, ਨਾਹਰ ਸਿੰਘ, ਗੁਰਮੀਤ ਸਿੰਘ, ਨੱਥੂ ਰਾਮ, ਮਿਹਰ ਸਿੰਘ, ਭਾਰਤ ਭੂਸ਼ਣ, ਸੁਰਜੀਤ ਸਿੰਘ ਰਾਜ ਕੁਮਾਰ, ਜੋਗਾ ਸਿੰਘ, ਸੁੱਚਾ ਸਿੰਘ ਤਾਰਾ ਸਿੰਘ, ਰਵਿੰਦਰ ਸਿੰਘ, ਲੇਖ ਰਾਜ, ਸੋਹਣ ਲਾਲ, ਧਰਮਪਾਲ, ਗੁਰਜੀਤ ਸਿੰਘ, ਰਾਮ ਕਿਸ਼ਨ, ਕਰਨੈਲ ਸਿੰਘ,ਅਵਤਾਰ ਸਿੰਘ, ਹਰੀ ਰਾਮ, ਸਤਵੰਤ ਸਿੰਘ, ਮਨਮੋਹਨ ਸਿੰਘ ਵੀ ਮੌਜੂਦ ਸਨ।

# ਲੁਧਿਆਣਾ 'ਚ ਮਨਾਈ ਅਕਤੂਬਰ ਇਨਕਲਾਬ ਦੀ ਵਰ੍ਹੇਗੰਢ



ਲੁਧਿਆਣਾ (ਐਮ ਐਸ ਭਾਟੀਆ)-ਰੂਸ ਅੰਦਰ ਅਕਤੂਬਰ ਵਿੱਚ 1917 'ਚ ਹੋਏ ਇਨਕਲਾਬ ਜਿਸ ਨੇ ਦੁਨੀਆ ਭਰ ਦੇ ਕਿਰਤੀ ਕਿਸਾਨਾਂ ਨੂੰ ਆਪਣੀ ਜ਼ਿੰਦਗੀ ਮਨੁੱਖਾਂ ਵਾਂਗ ਜਿਊਣ ਦਾ ਤਰੀਕਾ ਦੱਸਿਆ। ਜਿਸ ਇਨਕਲਾਬ ਨੇ ਗੁਲਾਮੀ ਦੀ ਪੀੜਾ ਝੱਲ ਰਹੇ ਦੇਸ਼ਾਂ ਨੂੰ ਅਜ਼ਾਦੀ ਦਿਵਾਉਣ ਵਿੱਚ ਮੋਢੀ ਰੋਲ ਅਦਾ ਕੀਤਾ, ਉਸ ਇਨਕਲਾਬ ਦੀ ਵਰ੍ਹੇਗੰਢ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵੱਲੋਂ ਅੱਜ ਪਾਰਟੀ ਦੇ ਲੁਧਿਆਣਾ 'ਚ ਸਥਿਤ ਦਫਤਰ ਵਿੱਚ ਵਿਸ਼ੇਸ਼ ਮੀਟਿੰਗ ਕਰਕੇ ਮਨਾਈ। ਅੱਜ ਦੀ ਮੀਟਿੰਗ ਦੀ ਪ੍ਰਧਾਨਗੀ ਬਲਰਾਜ ਸਿੰਘ ਕੋਟਉਮਰਾ, ਚਮਨ ਲਾਲ ਲੁਧਿਆਣਾ ਅਤੇ ਡਾ. ਜਸਵਿੰਦਰ ਸਿੰਘ ਕਾਲਖ ਨੇ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਆਰ ਐਮ ਪੀ ਆਈ ਦੇ ਜ਼ਿਲ੍ਹਾ ਪ੍ਰਧਾਨ ਰਘਵੀਰ ਸਿੰਘ ਬੈਨੀਪਾਲ, ਜ਼ਿਲ੍ਹਾ ਸਕੱਤਰ ਜਗਤਾਰ ਸਿੰਘ ਚਕੋਹੀ, ਜਗਦੀਸ਼ ਚੰਦ ਅਤੇ ਗੁਰਮੇਲ ਸਿੰਘ ਰੂਮੀ ਨੇ ਆਖਿਆ ਕਿ ਅਕਤੂਬਰ ਇਨਕਲਾਬ ਦੀ ਬਹੁਤ ਵੱਡੀ ਮਹੱਤਤਾ ਹੈ। ਜਿਸ ਨੇ ਦੁਨੀਆ ਭਰ ਵਿੱਚ ਕਿਰਤੀ ਕਿਸਾਨਾਂ ਦੇ ਜੀਵਨ ਨੂੰ ਉੱਚਾ ਚੁੱਕਣ ਅਤੇ ਲੁਟੇਰੇ ਸਾਮਰਾਜੀ ਦੇਸ਼ਾਂ ਦੀ ਗੁਲਾਮੀ ਦਾ ਜੂਲਾ ਲਾਹ ਸੁੱਟਣ ਵਿੱਚ ਆਪਣਾ ਯੋਗਦਾਨ ਪਾਇਆ। ਰੂਸ ਵਿੱਚ ਜਿੰਨਾ ਚਿਰ ਇਸ ਇਨਕਲਾਬ ਦੇ ਧਾਰਨੀ ਪ੍ਰਬੰਧ ਦਾ ਕੰਟਰੋਲ ਰਿਹਾ, ਉੱਨਾ ਚਿਰ ਸਾਮਰਾਜੀ ਦੇਸ਼ਾਂ ਖਾਸ ਤੌਰ 'ਤੇ ਅਮਰੀਕਨ ਸਾਮਰਾਜ ਨੂੰ ਮੂੰਹ ਦੀ ਖਾਣੀ ਪਈ। ਉਨ੍ਹਾਂ ਕਿਹਾ ਕਿ ਅੱਜ ਵੀ ਦੁਨੀਆ ਭਰ ਵਿੱਚ ਸ਼ਾਂਤੀ ਅਤੇ ਇੱਕ ਮਨੁੱਖ ਦੀ ਦੂਜੇ ਮਨੁੱਖ ਹੱਥੋਂ ਲੁੱਟ ਰੋਕਣ ਲਈ ਸਮਾਜਵਾਦੀ ਪ੍ਰਬੰਧ ਦੀ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਸਮਾਜਵਾਦੀ ਪ੍ਰਬੰਧ ਕਾਰਲ ਮਾਰਕਸ ਨੇ ਇਜਾਦ ਕੀਤਾ ਅਤੇ ਕਾਮਰੇਡ ਵੀ ਆਈ ਲੈਨਿਨ ਨੇ ਇਸ ਨੂੰ ਰੂਸ ਵਿਚ ਲਾਗੂ ਕਰਕੇ ਅਕਤੂਬਰ ਇਨਕਲਾਬ ਨੂੰ ਸਿਰੇ ਚਾੜ੍ਹਿਆ। ਉਨ੍ਹਾਂ ਕਿਹਾ ਕਿ ਫਲਸਤੀਨ ਖਿਲਾਫ ਛੇੜੀ ਗਈ ਨਹੱਕੀ ਤੇ ਅਸਾਵੀਂ ਜੰਗ ਤੁਰੰਤ ਬੰਦ ਹੋਏ। ਦੁਨੀਆ ਭਰ ਵਿੱਚ ਸ਼ਾਂਤੀ ਦਾ ਮਾਹੌਲ ਸਥਾਪਿਤ ਹੋਣ ਦੀ ਕਾਮਨਾ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਰਜੀਤ ਸਿੰਘ ਸ਼ਹਿਜਾਦ, ਅਜੀਤ ਰਾਮ, ਡਾ. ਕੇਸਰ ਸਿੰਘ ਧਾਂਦਰਾ, ਬਲਰਾਮ ਸਿੰਘ, ਤਿਲਕ ਰਾਜ, ਮੁਖਵਿੰਦਰ ਸਿੰਘ ਹਾਜ਼ਰ ਸਨ

# ਵਿਦਿਆਰਥੀ ਹੈਪੀਨੈੱਸ ਕੈਰੀਅਰ ਸੈਮੀਨਾਰ ਦਾ ਬਣੇ ਹਿੱਸਾ



ਜਗਰਾਉਂ (ਅਮਿਤ ਖੰਨਾ)-ਬਲੌਜ਼ਮਜ਼ ਕਾਨਵੈਂਟ ਸਕੂਲ ਦੇ ਵਿਦਿਆਰਥੀ ਬੀਤੇ ਦਿਨੀਂ ਸਿਟੀ ਯੂਨੀਵਰਸਿਟੀ ਵਿਖੇ ਹੈਪੀਨੈਸ ਕਰੀਅਰ ਦੇ ਇੱਕ ਰੱਖੇ ਪ੍ਰੋਗਰਾਮ ਦਾ ਹਿੱਸਾ ਬਣੇ। ਜਿਸ ਵਿੱਚ ਉਨ੍ਹਾਂ ਨੂੰ ਮਿ. ਵਰਮਾ ਵੱਲੋਂ ਵਿਦਿਆਰਥੀਆਂ ਦੇ ਆਪਣੇ ਭਵਿੱਖ ਲਈ ਸੋਚੇ ਹੋਏ ਸੁਪਨਿਆਂ ਨੂੰ ਸਾਕਾਰ ਕਰਨ ਦੇ ਸੌਖੇ ਤਰੀਕੇ ਸਮਝਾਏ। ਉਨ੍ਹਾਂ ਨੂੰ ਛੋਟੀਆਂ ਛੋਟੀਆਂ ਖੇਡਾਂ ਰਾਹੀਂ ਸਮਝਾਇਆ ਕਿ ਅਸੀਂ ਜ਼ਿੰਦਗੀ ਵਿੱਚ ਬੁਲੰਦ ਉਚਾਈਆਂ 'ਤੇ ਕਿਵੇਂ ਪਹੁੰਚ ਸਕਦੇ ਹਾਂ। ਇਸ ਮੌਕੇ ਸਕੂਲ ਪ੍ਰਿੰ. ਡਾ. ਅਮਰਜੀਤ ਕੌਰ ਨਾਜ ਨੇ ਦੱਸਿਆ ਕਿ ਅੱਜ ਦੇ ਸਮੇਂ ਵਿੱਚ ਵਿਦਿਆਰਥੀਆਂ ਲਈ ਆਪਣਾ ਭਵਿੱਖ ਬਣਾਉਣ ਦੇ ਰਾਹ ਲੱਭਣੇ ਸਭ ਤੋਂ ਔਖਾ ਟੀਚਾ ਹੋ ਰਿਹਾ ਹੈ। ਅਜਿਹੇ ਸੈਮੀਨਾਰਾਂ ਉੱਤੇ ਵਿਦਿਆਰਥੀ ਆਪਣੇ ਜੀਵਨ ਨੂੰ ਚੰਗੇਰਾ ਦੇਖਣ ਲਈ ਚੋਖਾ ਗਿਆਨ ਹਾਸਲ ਕਰਦੇ ਹਨ। ਵਿਦਿਆਰਥੀਆਂ ਦੇ ਵਿਕਾਸ ਲਈ ਅਸੀਂ ਅਜਿਹੇ ਸੈਮੀਨਾਰ ਸਕੂਲ ਅੰਦਰ ਵੀ ਕਰਵਾਉਂਦੇ ਰਹਿੰਦੇ ਹਾਂ। ਇਸ ਮੌਕੇ ਸਕੂਲ ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ ਨੇ ਵੀ ਕਿਹਾ ਕਿ ਸਮਾਂ ਤੇਜ਼ੀ ਨਾਲ ਚੱਲ ਰਿਹਾ ਹੈ। ਵਿਦਿਆਰਥੀ ਵਰਗ ਇਸ ਨੂੰ ਫੜਨਾ ਸਿੱਖ ਲਵੇ ਤਾਂ ਭਵਿੱਖ ਸੌਖਾ ਬਣ ਜਾਵੇਗਾ।

# ਡੇਂਗੂ ਦੇ ਕਹਿਰ ਨੇ ਸ਼ਹਿਰ ਵਾਸੀਆਂ ਨੂੰ ਦਬੋਚਿਆ



ਮਲੋਟ, (ਗੁਰਮੀਤ ਸਿੰਘ ਮੱਕੜ)-ਸਿਹਤ ਵਿਭਾਗ ਵਲੋਂ ਡੇਂਗੂ ਦੀ ਰੋਕਥਾਮ ਲਈ ਆਪਣੇ ਪੱਧਰ 'ਤੇ ਵੱਡੇ-ਵੱਡੇ ਯਤਨ ਕੀਤੇ ਜਾ ਰਹੇ ਹਨ। ਇਸ ਦੇ ਬਾਵਜੂਦ ਵੀ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਨਾਲ-ਨਾਲ ਇਕੱਲੇ ਮਲੋਟ ਵਿਚ ਹੀ ਅੱਜ ਡੇਂਗੂ ਦੇ 23 ਮਾਮਲੇ ਸਾਹਮਣੇ ਆਏ ਹਨ, ਜਿਨ੍ਹਾਂ ਵਿਚੋਂ 12 ਇਕੱਲੇ ਗੁਰੂ ਰਵਿਦਾਸ ਨਗਰ ਦੇ ਹਨ, ਬੇਸ਼ੱਕ ਪੂਰੇ ਸ਼ਹਿਰ ਦੇ ਨਾਲ-ਨਾਲ ਇਸ ਮੁਹੱਲੇ ਵਿਚ ਸਿਹਤ ਵਿਭਾਗ ਦੀ ਟੀਮ ਵਲੋਂ ਲੋਕਾਂ ਨੂੰ ਸਫਾਈ ਰੱਖਣ ਅਤੇ ਇਸ ਦੇ ਬਚਾਅ ਲਈ ਜਾਗਰੂਕ ਕੀਤਾ ਜਾ ਰਿਹਾ ਹੈ, ਪ੍ਰੰਤੂ ਲਗਾਤਾਰ ਮਾਮਲੇ ਵਧਣ ਨਾਲ ਚਿੰਤਾ ਦਾ ਵਿਸ਼ਾ ਹੈ।

ਬੇਸ਼ੱਕ ਇਹ ਅੰਕੜਾ ਸਿਰਫ ਸਰਕਾਰੀ ਹਸਪਤਾਲ ਦਾ ਹੀ ਹੈ, ਪ੍ਰੰਤੂ ਜੋ ਪ੍ਰਾਈਵੇਟ ਇਲਾਜ ਕਰਵਾ ਰਹੇ ਹਨ ਹੋ ਸਕਦਾ ਉਹ ਵੱਧ ਹੋਵੇ। ਡੇਂਗੂ ਦੇ ਬਚਾਅ ਵਾਲੀ ਟੀਮ ਨੇ ਦੱਸਿਆ ਕਿ ਉਨ੍ਹਾਂ ਵਲੋਂ ਲੋਕਾਂ ਨੂੰ ਇਸ ਦੇ ਬਚਾਅ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਮੁਹੱਲਾ ਵਾਸੀਆ ਦਾ ਕਹਿਣਾ ਹੈ ਕਿ ਉਨ੍ਹਾਂ ਦੇ ਮੁਹੱਲੇ ਵਿਚ ਸਫਾਈ ਦਾ ਬਹੁਤ ਬੁਰਾ ਹਾਲ ਹੈ ਅਤੇ ਗਲੀਆਂ ਵਿਚ ਸੀਵਰੇਜ ਦਾ ਪਾਣੀ ਖੜ੍ਹਾ ਰਹਿੰਦਾ ਹੈ ਜੋ ਕਈ ਹੋਰ ਬਿਮਾਰੀਆਂ ਨੂੰ ਸੱਦਾ ਦੇ ਰਿਹਾ ਹੈ। ਦੂਜੇ ਪਾਸੇ ਨਗਰ ਕੌਂਸਲ ਦੇ ਅਧਿਕਾਰੀ ਕਾਰਜਸਾਧਕ ਅਫਸਰ ਜਗਸੀਰ ਸਿੰਘ ਨੇ ਮੰਨਿਆ ਕਿ ਸੀਵਰੇਜ ਦੀ ਸਮੱਸਿਆ ਹੈ, ਉਹ ਬੰਦ ਹੋਣ ਕਰਕੇ ਗਲੀਆਂ ਵਿਚ ਪਾਣੀ ਜਮ੍ਹਾਂ ਹੋ ਜਾਂਦਾ ਹੈ, ਪ੍ਰੰਤੂ ਉਹ ਆਪਣੀਆਂ ਟੀਮਾਂ ਲਗਾ ਕੇ ਸਮੇਂ-ਸਮੇਂ ਸਿਰ ਕੂੜਾ ਚੁਕਵਾਉਂਦੇ ਰਹਿੰਦੇ ਹਨ ਅਤੇ ਫੋਗਿੰਗ ਕਰਵਾਈ ਜਾਂਦੀ ਹੈ।

# ਕਿਰਤੀ ਕਾਲਜ 'ਚ ਪਰਾਲੀ ਸਾੜਨ ਤੋਂ ਰੋਕਣ ਸੰਬੰਧੀ ਜਾਗਰੂਕਤਾ ਸੈਮੀਨਾਰ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਸਰਕਾਰੀ ਕਿਰਤੀ ਕਾਲਜ ਨਿਆਲ ਪਾਤੜਾਂ ਦੇ ਐਨ ਐਸ ਐਸ ਵਿਭਾਗ ਅਤੇ ਰੈੱਡ ਰਿਬਨ ਕਲੱਬ ਵਲੋਂ ਪ੍ਰਿੰਸੀਪਲ ਪ੍ਰੋਫੈਸਰ ਅਮਰਜੀਤ ਸਿੰਘ ਦੀ ਯੋਗ ਅਗਵਾਈ ਵਿੱਚ 'ਮਿਸ਼ਨ ਤੰਦਰੁਸਤ ਪੰਜਾਬ' ਤਹਿਤ ਖੇਤੀਬਾੜੀ ਵਿਭਾਗ ਪਟਿਆਲਾ ਦੇ ਸਹਿਯੋਗ ਨਾਲ ਪਰਾਲੀ ਨਾ ਸਾੜਨ ਸੰਬੰਧੀ ਮੁਹਿੰਮ ਚੱਲ ਰਹੀ ਹੈ। ਜਿਸ ਤਹਿਤ ਕਾਲਜ ਕੈਂਪਸ ਵਿੱਚ ਪਰਾਲੀ ਸਾੜਨ ਦੇ ਬਦਲਵੇਂ ਪ੍ਰਬੰਧਾਂ ਸੰਬਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਦੌਰਾਨ ਡਾ. ਅਮਨਪ੍ਰੀਤ ਸਿੰਘ ਅਤੇ ਡਾ. ਜੁਪਿੰਦਰ ਸਿੰਘ ਰਿਸੋਰਸ ਪਰਸਨ ਦੇ ਤੌਰ 'ਤੇ ਪਹੁੰਚੇ ਅਤੇ ਉਨ੍ਹਾਂ ਨੇ ਵਲੰਟੀਅਰਜ਼ ਅਤੇ ਬਾਕੀ ਵਿਦਿਆਰਥੀਆਂ ਨੂੰ ਪਰਾਲੀ ਸਾੜਨ ਦੀ ਥਾਂ ਉਸ ਦਾ ਬਦਲਵਾਂ ਪ੍ਰਬੰਧ ਕਰਨ ਦੇ ਤਰੀਕੇ ਦੱਸੇ ਅਤੇ ਇਲਾਕੇ ਵਿੱਚ ਉਪਲੱਬਧ ਮਸ਼ੀਨਰੀ ਬੁੱਕ ਕਰਨ ਲਈ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਆਨਲਾਈਨ ਬੁਕਿੰਗ ਸੁਵਿਧਾ ਬਾਰੇ ਜਾਣੂ ਕਰਵਾਉਂਦੇ ਹੋਏ ਮਿਸ਼ਨ ਪੂਰਾ ਕਰਨ ਲਈ ਵਲੰਟੀਅਰਜ਼ ਦੀਆਂ ਦਸ ਟੀਮਾਂ ਬਣਾਇਆਂ ਗਈਆਂ ਹਨ। ਟੀਮਾਂ ਦੇ ਆਗੂਆਂ ਨੇ ਆਪਣੀ ਆਪਣੀ ਰਿਪੋਰਟ ਦਿੰਦੇ ਹੋਏ ਕਿਸਾਨਾਂ ਵਲੋਂ ਪੁੱਛੇ ਜਾਂਦੇ ਸਵਾਲ ਅਤੇ ਉਨ੍ਹਾਂ ਦੇ ਢੁਕਵੇਂ ਜਵਾਬ ਡਿਸਕਸ ਕੀਤੇ। ਕਾਲਜ ਦੇ ਐਨ ਐਸ ਐਸ ਪ੍ਰੋਗਰਾਮ ਅਫਸਰ ਪ੍ਰੋ. ਰਮਨਜੀਤ ਕੌਰ, ਪ੍ਰੋ. ਮਨਿੰਦਰ ਸਿੰਘ ਅਤੇ ਡਾ. ਬਲਕਾਰ ਸਿੰਘ ਜੋ ਕਿ ਇਸ ਮੁਹਿੰਮ ਤਹਿਤ ਵਲੰਟੀਅਰਜ਼ ਦੀ ਅਗਵਾਈ ਕਰ ਰਹੇ ਹਨ, ਨੇ ਦੱਸਿਆ ਕਿ ਕਾਲਜ ਦਾ ਐਨ ਐਸ ਐਸ ਵਿਭਾਗ ਪਰਾਲੀ ਸਾੜਨ ਦੀ ਰਵਾਇਤ ਨੂੰ ਜੜ੍ਹ ਤੋਂ ਖਤਮ ਕਰਨ ਲਈ ਯਤਨਸ਼ੀਲ ਅਤੇ ਵਚਨਬੱਧ ਹੈ

# ਧਨਵੰਤਰੀ ਜਯੰਤੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ



ਬਰਨਾਲਾ (ਰਾਜਿੰਦਰ ਬਰਾੜ)-ਜ਼ਿਲ੍ਹਾ ਵੈਦ ਮੰਡਲ ਬਰਨਾਲਾ ਵੱਲੋਂ ਭਗਵਾਨ ਧਨਵੰਤਰੀ ਦੀ ਜਯੰਤੀ ਸਥਾਨਕ ਗੋਬਿੰਦ ਬਾਂਸਲ ਚੈਰੀਟੇਬਲ ਟਰੱਸਟ ਵਿਖੇ ਪ੍ਰਧਾਨ ਕੌਰ ਚੰਦ ਸ਼ਰਮਾ ਅਤੇ ਡਾ. ਰਾਹੁਲ ਰੁਪਾਲ, ਜਨਰਲ ਸਕੱਤਰ ਵੈਦ ਚਰਨ ਸਿੰਘ ਦੀ ਅਗਵਾਈ ਵਿਚ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਗਈ ਜਿੱਥੇ ਜ਼ਿਲ੍ਹੇ ਭਰ 'ਚੋਂ ਵੈਦ ਸਾਹਿਬਾਨ ਨੇ ਸਮਾਗਮ ਵਿੱਚ ਸ਼ਾਮਲ ਹੋ ਕੇ ਭਗਵਾਨ ਧਨਵੰਤਰੀ ਨੂੰ ਸ਼ਰਧਾ ਸੁਮਨ ਭੇਟ ਕਰ ਧਨਵੰਤਰੀ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਪ੍ਰਧਾਨ ਕੌਰ ਚੰਦ ਸ਼ਰਮਾ ਨੇ ਕਿਹਾ ਕਿ ਸਾਨੂੰ ਇੱਕਜੁੱਟ ਹੋ ਕੇ ਆਯੁਰਵੇਦ ਦੇ ਪ੍ਰਚਾਰ ਤੇ ਪ੍ਰਸਾਰ ਲਈ ਕੰਮ ਕਰਨਾ ਹੋਵੇਗਾ ਤਾਂ ਜੋ ਲੁਪਤ ਹੋ ਰਹੀ ਆਯੁਰਵੇਦ ਪ੍ਰਨਾਲੀ ਨੂੰ ਬਚਾਇਆ ਜਾ ਸਕੇ ਨਾਲ ਹੀ ਸਰਕਾਰਾਂ ਦੇ ਵੀ ਧਿਆਨ ਵਿੱਚ ਲਿਆਂਦਾ ਜਾ ਸਕੇ। ਡਾਕਟਰ ਰਾਹੁਲ ਰੁਪਾਲ ਨੇ ਜਯੰਤੀ ਮੌਕੇ ਸਮੂਹ ਵੈਦ ਸਾਹਿਬਾਨ ਨੂੰ ਵਧਾਈ ਦਿੱਤੀ। ਵੈਦ ਸਰੂਪ ਚੰਦ ਹਰੀਗੜ੍ਹ ਅਤੇ ਵੈਦ ਲਖਵੀਰ ਸਿੰਘ ਬਾਗੜੀਆਂ ਨੇ ਕਵਿਤਾ ਰਾਹੀਂ ਗੁਣ ਗਾਏ ਅਤੇ ਵੈਦ ਜਰਨੈਲ ਸਿੰਘ ਨੇ ਵੀ ਅਵਾਮ ਨੂੰ ਸਭ ਤੋਂ ਪ੍ਰਾਚੀਨ ਅਤੇ ਨੁਕਸਾਨ ਰਹਿਤ ਆਯੁਰਵੇਦ ਪ੍ਰਨਾਲੀ ਨੂੰ ਆਪਣੇ ਜੀਵਨ 'ਚ ਸ਼ਾਮਲ ਕਰਨ 'ਤੇ ਜ਼ੋਰ ਦਿੱਤਾ। ਵੈਦ ਮਨਜੀਤ ਸਿੰਘ ਤਲਵੰਡੀ ਸਾਬੋ, ਵੈਦ ਗੁਲਜ਼ਾਰ ਸਿੰਘ ਨੇ ਆਪਣੇ ਵਿਚਾਰ ਸਾਂਝੇ ਕੀਤੇ। ਸਮਾਗਮ ਦੀ ਸ਼ੁਰੂਆਤ ਵੈਦ ਸਵਾਮੀ ਸਹਿਜ ਪ੍ਰਕਾਸ਼ ਵੱਲੋਂ ਭਗਵਾਨ ਧਨਵੰਤਰੀ ਜੀ ਪੂਜਨ ਅਤੇ ਆਰਤੀ ਨਾਲ ਕਰਵਾਈ ਗਈ। ਮੰਚ ਸੰਚਾਲਨ ਵੈਦ ਰਾਜਿੰਦਰ ਸਿੰਘ ਬਰਾੜ ਵੱਲੋਂ ਨਿਭਾਇਆ ਗਿਆ ਅਤੇ ਮਸਹੂਰ ਆਯੁਰਵੇਦ ਦਵਾਈਆਂ ਬਣਾਉਣ ਵਾਲੀ ਕੰਪਨੀ ਸ੍ਰੀ ਮੋਹਤਾ ਰਸਾਇਣ ਸਾਲਾ ਬੀਕਾਨੇਰ ਵੱਲੋਂ ਮੁਫਤ ਦਵਾਈਆਂ ਦੀ ਸਟਾਲ ਵੀ ਲਗਾਈ ਗਈ। ਸਮਾਗਮ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਿਆ। ਇਸ ਮੌਕੇ ਇੰਦਰਪਾਲ ਸਿੰਘ ਰੁਪਾਲ, ਵੈਦ ਗਤਿੰਦਰ ਸਿੰਘ, ਵੈਦ ਲਖਵਿੰਦਰ ਸਿੰਘ, ਵੈਦ ਵਿਨੋਦ ਕੁਮਾਰ ਤਪਾ, ਓਮ ਪ੍ਰਕਾਸ਼, ਪਿਆਰੇ ਲਾਲ ਸੇਰੋਂ ਵਾਲੇ ਫਰਮ ਤੋਂ ਦੀਪਕ ਕੁਮਾਰ ਪਿਆਰੇ ਲਾਲ ਰਾਜੀਵ ਕੁਮਾਰ ਫਰਮ ਤੋਂ ਰਘੂਨਾਥ ਪਿਆਰੇ ਲਾਲ ਸੰਜੀਵ ਕੁਮਾਰ ਫਰਮ ਤੋਂ ਗੋਪੀ ਚੰਦ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵੈਦ ਸਾਹਿਬਾਨ ਹਾਜ਼ਰ ਸਨ।

# ਆਮ ਆਦਮੀ ਪਾਰਟੀ ਲੋਕਾਂ ਦੀ ਆਪਣੀ ਪਾਰਟੀ : ਐਡਵੋਕੇਟ ਹੈਪੀ ਗਰਗ



ਧੂਰੀ, (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਦੇਸ਼ ਦੇ ਵੱਖ ਵੱਖ ਹਿੱਸਿਆਂ ਵਿੱਚ ਹੋਣ ਜਾ ਰਹੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਜਿੱਤ ਦਾ ਦਾਅਵਾ ਕਰਦਿਆਂ ਆਮ ਆਦਮੀ ਪਾਰਟੀ ਦੇ ਬਲਾਕ ਧੂਰੀ ਦੇ ਪ੍ਰਧਾਨ ਐਡਵੋਕੇਟ ਹੈਪੀ ਗਰਗ ਨੇ ਕਿਹਾ ਕਿ ਆਮ ਆਦਮੀ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ। ਇੱਥੇ ਆਮ ਲੋਕਾਂ ਨੂੰ ਵਿਧਾਇਕ, ਮੰਤਰੀ ਅਤੇ ਮੁੱਖ ਮੰਤਰੀ ਬਣਨ ਦਾ ਮੌਕਾ ਮਿਲਦਾ ਹੈ। ਜਦੋਂਕਿ ਹੋਰਨਾਂ ਪਾਰਟੀਆਂ ਵਿੱਚ ਵੱਡੇ ਆਗੂਆਂ ਦੇ ਰਿਸ਼ਤੇਦਾਰਾਂ ਨੂੰ ਹੀ ਟਿਕਟਾਂ ਮਿਲਦੀਆਂ ਹਨ। ਉਨ੍ਹਾਂ ਕਿਹਾ ਕਿ ਅਸੀਂ ਇਰਾਦਿਆਂ ਦੇ ਸਾਫ-ਸੁਥਰੇ ਲੋਕ ਹਾਂ। ਅਸੀਂ ਪੈਸਾ ਕਮਾਉਣ ਲਈ ਰਾਜਨੀਤੀ ਵਿੱਚ ਨਹੀਂ ਆਏ ਹਾਂ। ਜਦੋਂ ਕਿ ਉਹ ਲੋਕ ਸੱਤਾ ਵਿੱਚ ਸਿਰਫ ਪੈਸਾ ਕਮਾਉਣ ਲਈ ਆਉਂਦੇ ਹਨ। ਆਮ ਆਦਮੀ ਪਾਰਟੀ ਦੀ ਤਰਜੀਹ ਸਿਰਫ ਲੋਕ ਸੇਵਾ ਹੈ।

ਅਸੀਂ ਇੱਥੇ ਪੈਸਾ ਕਮਾਉਣ ਨਹੀਂ ਸਗੋਂ ਲੋਕਾਂ ਨੂੰ ਸ਼ਸ਼ਕਤ ਬਣਾਉਣ ਲਈ ਆਏ ਹਾਂ। ਉਨ੍ਹਾਂ ਕਿਹਾ ਕਿ ਸਿਆਸੀ ਪਾਰਟੀਆਂ ਜਾਣਬੁੱਝ ਕੇ ਸਾਨੂੰ ਗਰੀਬ ਰੱਖਦੀਆਂ ਹਨ ਅਤੇ ਸਾਡੇ ਬੱਚਿਆਂ ਨੂੰ ਪੜ੍ਹਾਈ ਨਹੀਂ ਕਰਨ ਦਿੰਦੀਆਂ। ਉਨ੍ਹਾਂ ਕਿਹਾ ਕਿ ਹਰਿਆਣਾ 'ਚ ਪ੍ਰਦੂਸ਼ਣ ਖਤਰਨਾਕ ਪੱਧਰ 'ਤੇ ਪਹੁੰਚ ਗਿਆ ਹੈ ਅਤੇ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਆਪਣੇ ਸੂਬੇ ਨੂੰ ਪ੍ਰਦੂਸ਼ਣ ਮੁਕਤ ਬਣਾਉਣ ਦੀ ਬਜਾਏ ਰਾਜਨੀਤੀ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਭਾਜਪਾ ਨੂੰ ਰਾਜਨੀਤੀ ਕਰਨ ਦੀ ਬਜਾਏ ਹਰਿਆਣਾ ਵਿੱਚ ਪ੍ਰਦੂਸਣ ਨੂੰ ਕੰਟਰੋਲ ਕਰਨ ਵੱਲ ਧਿਆਨ ਦੇਣਾ ਚਾਹੀਦਾ ਹੈ।

# ਰਾਸ਼ਟਰੀ ਕੈਂਸਰ ਦਿਵਸ 'ਤੇ ਕੈਂਸਰ ਸੰਬੰਧੀ ਜਾਗਰੂਕ ਕੀਤਾ



ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ) - ਸਿਵਲ ਸਰਜਨ ਲੁਧਿਆਣਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਜਸਦੇਵ ਸਿੰਘ ਦੀ ਅਗਵਾਈ ਵਿਚ ਸੀ ਐੱਚ ਸੀ ਮਾਛੀਵਾੜਾ ਸਾਹਿਬ ਅਤੇ ਅਧੀਨ ਆਉਂਦੇ ਵੱਖ-ਵੱਖ ਸਿਹਤ ਕੇਂਦਰਾਂ ਵਿਚ ਰਾਸ਼ਟਰੀ ਕੈਂਸਰ ਦਿਵਸ ਸਬੰਧੀ ਜਾਗਰੂਕਤਾ ਦਿੱਤੀ ਗਈ। ਐੱਸ.ਐੱਮ.ਓ. ਡਾ. ਜਸਦੇਵ ਸਿੰਘ ਨੇ ਕਿਹਾ ਕਿ ਛਾਤੀ ਵਿਚ ਗਿਲਟੀ, ਲਗਾਤਾਰ ਖੰਘ ਅਤੇ ਆਵਾਜ਼ 'ਚ ਭਾਰੀਪਣ, ਮਹਾਵਾਰੀ ਵਿਚ ਜ਼ਿਆਦਾ ਖੂਨ ਆਉਣਾ ਅਤੇ ਮਹਾਵਾਰੀ ਤੋਂ ਬਿਨਾਂ ਖੂਨ ਆਉਣਾ, ਨਾ ਠੀਕ ਹੋਣ ਵਾਲੇ ਮੂੰਹ ਦੇ ਛਾਲੇ ਕੈਂਸਰ ਦੇ ਮੁੱਖ ਲੱਛਣ ਹਨ। ਅਜਿਹੇ ਲੱਛਣ ਹੋਣ 'ਤੇ ਛੇਤੀ ਤੋਂ ਛੇਤੀ ਡਾਕਟਰੀ ਜਾਂਚ ਕਰਵਾਉਣੀ ਚਾਹੀਦੀ ਹੈ। ਬਲਾਕ ਐਜੂਕੇਟਰ ਪਰਦੀਪ ਸਿੰਘ ਨੇ ਕਿਹਾ ਕਿ ਸਾਨੂੰ ਕੈਂਸਰ ਤੋਂ ਬਚਾਅ ਲਈ ਤੰਬਾਕੂ, ਸ਼ਰਾਬ, ਬੀੜੀ ਅਤੇ ਹੋਰ ਕਿਸੇ ਵੀ ਪ੍ਰਕਾਰ ਦੇ ਨਸ਼ੇ ਦੀ ਵਰਤੋਂ ਨਹੀਂ ਕਰਨੀ ਚਾਹੀਦੀ, ਫਸਲਾਂ ਉੱਤੇ ਕੀਟਨਾਸ਼ਕਾਂ ਦੀ ਘੱਟ ਵਰਤੋਂ ਕਰਨੀ ਚਾਹੀਦੀ ਹੈ, ਘੱਟ ਚਰਬੀ ਵਾਲੇ ਭੋਜਨ ਦੀ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਪੰਜਾਬ ਰਾਜ ਦੇ ਵਸਨੀਕਾਂ ਲਈ 1.50 ਲੱਖ ਰੁਪਏ ਤੱਕ ਦੀ ਮੁੱਖ ਮੰਤਰੀ ਕੈਂਸਰ ਰਾਹਤ ਕੋਸ਼ ਸਹਾਇਤਾ ਸਕੀਮ ਵੀ ਚੱਲ ਰਹੀ ਹੈ। ਇਸ ਮੌਕੇ ਸਰਬਜੀਤ ਸਿੰਘ, ਮਨਿੰਦਰ ਸਿੰਘ, ਵਿਕਰਮਜੀਤ ਸਿੰਘ ਅਤੇ ਗਿਆਨ ਸਿੰਘ ਤੋਂ ਇਲਾਵਾ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

# ਰਾਜਪਾਲ ਮਾਮਲੇ 'ਤੇ ਸੁਪਰੀਮ ਕੋਰਟ ਦਾ ਫੈਸਲਾ ਲੋਕਤੰਤਰ ਦੀ ਜਿੱਤ : ਚੱਠਾ



ਧੂਰੀ, (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਆਮ ਆਦਮੀ ਪਾਰਟੀ (ਆਪ) ਪੰਜਾਬ ਨੇ ਪੰਜਾਬ ਸਰਕਾਰ-ਰਾਜਪਾਲ ਵਿਵਾਦ ਵਿੱਚ ਸੁਪਰੀਮ ਕੋਰਟ ਵੱਲੋਂ ਸਰਕਾਰ ਦੇ ਹੱਕ ਵਿੱਚ ਦਿੱਤੇ ਫੈਸਲੇ ਲਈ ਸੁਪਰੀਮ ਕੋਰਟ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਫੈਸਲਾ ਪੰਜਾਬ ਦੇ ਲੋਕਾਂ ਅਤੇ ਲੋਕਤੰਤਰ ਦੀ ਜਿੱਤ ਹੈ। ਆਮ ਆਦਮੀ ਪਾਰਟੀ ਦੇ ਟਰੇਡ ਵਿੰਗ ਦੇ ਸੂਬਾਈ ਆਗੂ ਸਤਿੰਦਰ ਸਿੰਘ ਚੱਠਾ ਨੇ ਕੇਂਦਰ ਦੀ ਭਾਜਪਾ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਭਾਰਤ ਦਾ ਸੰਵਿਧਾਨ ਸੂਬੇ 'ਤੇ ਰਾਜ ਕਰਨ ਦਾ ਅਧਿਕਾਰ ਲੋਕਾਂ ਵੱਲੋਂ ਚੁਣੇ ਗਏ ਨੁਮਾਇੰਦਿਆਂ ਨੂੰ ਦਿੰਦਾ ਹੈ, ਪਰ ਬਦਕਿਸਮਤੀ ਨਾਲ ਮੋਦੀ ਸਰਕਾਰ ਲਗਾਤਾਰ ਆਪਣੇ ਰਾਜਪਾਲ ਦੇ ਜ਼ਰੀਏ ਵਿਰੋਧੀ ਸ਼ਾਸਿਤ ਰਾਜਾਂ ਨੂੰ ਕੰਟਰੋਲ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਨੇ ਰਾਜਪਾਲ ਤੋਂ ਸਿਆਸੀ ਦਖਲਅੰਦਾਜ਼ੀ ਕਰਵਾ ਕੇ ਰਾਜਪਾਲ ਦੇ ਅਹੁਦੇ ਦੀ ਸ਼ਾਨ ਨੂੰ ਠੇਸ ਪਹੁੰਚਾਈ ਹੈ। ਇਸ ਪੂਰੀ ਘਟਨਾ ਨੇ ਪੰਜਾਬ ਵਿੱਚ ਰਾਜਪਾਲ ਦੇ ਅਹੁਦੇ ਦੀ ਮਰਿਆਦਾ ਨੂੰ ਵੀ ਠੇਸ ਪਹੁੰਚਾਈ ਹੈ। ਉਨ੍ਹਾਂ ਕਿਹਾ ਕਿ ਸੰਵਿਧਾਨ ਵਿੱਚ ਸਪੱਸ਼ਟ ਲਿਖਿਆ ਹੋਇਆ ਹੈ ਕਿ ਰਾਜਪਾਲ ਮੰਤਰੀ ਮੰਡਲ ਦੀ ਸਲਾਹ ਅਨੁਸਾਰ ਕੰਮ ਕਰਨ ਲਈ ਪਾਬੰਦ ਹੈ। ਇਸ ਲਈ ਚੁਣੀ ਹੋਈ ਸਰਕਾਰ ਦੀ ਭੂਮਿਕਾ ਮਹੱਤਵਪੂਰਨ ਹੈ। ਉਨ੍ਹਾਂ ਵਿਰੋਧੀ ਧਿਰ 'ਤੇ ਵੀ ਨਿਸ਼ਾਨਾ ਸਾਧਿਆ ਅਤੇ ਰਾਜਪਾਲ ਦਾ ਸਮਰਥਨ ਕਰਨ ਲਈ ਵਿਰੋਧੀ ਨੇਤਾਵਾਂ ਦੀ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਸਾਰਿਆਂ ਨੂੰ ਰਾਜਪਾਲ ਦਾ ਸਾਥ ਦੇਣ ਲਈ ਪੰਜਾਬ ਦੇ ਲੋਕਾਂ ਤੋਂ ਮੁਆਫੀ ਮੰਗਣੀ ਚਾਹੀਦੀ ਹੈ।

# ਗੁੰਬਰ ਭਰਾਵਾਂ ਵੱਲੋਂ ਮੁਕਤਸਰ 'ਚ ਕੇਸਰ ਦੀ ਖੇਤੀ ਦਾ ਸਫਲ ਤਜਰਬਾ

## ਠੰਡਕ ਤੇ ਰੌਸ਼ਨੀ ਦੇ ਕੰਟਰੋਲ ਨਾਲ ਕੀਤੀ ਖੇਤੀ



ਮੁਕਤਸਰ ਵਿਖੇ ਕੇਸਰ ਦੇ ਫੁੱਲਾਂ ਵਿਚਕਾਰ ਖੜੇ ਰਘੂ ਗੁੰਬਰ। (ਫੋਟੋ: ਪ੍ਰੀਤ)

ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ)-ਮੁਕਤਸਰ ਦੇ ਰਹਿਣ ਵਾਲੇ ਰਘੂ ਗੁੰਬਰ ਤੇ ਸੋਮੀਲ ਗੁੰਬਰ ਨੇ ਆਪਣੇ ਘਰ ਵਿੱਚ ਹੀ ਕੇਸਰ ਦੀ ਖੇਤੀ ਦਾ ਸਫਲ ਤਜਰਬਾ ਕੀਤਾ ਹੈ। ਉਨ੍ਹਾਂ ਦੇ ਯਤਨ ਨੂੰ ਕਰੀਬ ਸੌ ਦਿਨਾਂ ਬਾਅਦ ਬੂਰ ਪੈਣਾ ਸ਼ੁਰੂ ਹੋ ਗਿਆ ਹੈ। ਹੁਣ ਉਹ ਹੋਰ ਨੌਜਵਾਨਾਂ ਨੂੰ ਵੀ ਇਸ ਕਿੱਤੇ ਵੱਲ ਉਤਸ਼ਾਹਤ ਕਰਨਾ ਚਾਹੁੰਦੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁੰਬਰ ਭਰਾਵਾਂ ਨੇ ਦੱਸਿਆ ਕਿ ਇਸ ਵਾਸਤੇ ਉਨ੍ਹਾਂ ਕਾਫੀ ਖੋਜ ਪੜਤਾਲ ਕਰਕੇ ਆਪਣੇ ਘਰ ਵਿੱਚ ਹੀ ਇਕ ਵਿਸ਼ੇਸ਼ ਵਾਤਾਅਨੁਕੂਲ ਕਮਰਾ ਤਿਆਰ ਕੀਤਾ ਹੈ। ਇਸ ਕਮਰੇ ਨੂੰ ਚਿੱਲਰ ਨਾਲ ਠੰਡਾ ਕੀਤਾ ਜਾਂਦਾ ਹੈ। ਇਸ ਕਮਰੇ ਵਿੱਚ ਲੱਕੜ ਦੀਆਂ ਟਰੇਆਂ 'ਚ ਕੇਸਰ ਦੀਆਂ ਗੰਡੀਆਂ (ਬੀਜ) ਰੱਖੀਆਂ। ਇਨ੍ਹਾਂ ਲਈ ਕਰੀਬ ਸੌ ਦਿਨ ਤੱਕ ਢੁੱਕਵੀਂ ਠੰਡਕ ਤੇ ਰੌਸ਼ਨੀ ਨਾਲ ਮਸਨੂਈ ਵਾਤਾਵਰਣ ਤਿਆਰ ਕੀਤਾ ਗਿਆ। ਹੁਣ ਕੇਸਰੀ ਰੰਗ ਦੇ ਫੁੱਲ ਖਿੜਨੇ ਸ਼ੁਰੂ ਹੋ ਗਏ ਹਨ। ਇਨ੍ਹਾਂ ਫੁੱਲਾਂ ਵਿਚਕਾਰ ਖੜੇ ਰਘੂ ਗੁੰਬਰ ਨੇ ਦੱਸਿਆ ਕਿ ਇਸ ਸਾਰੇ ਪ੍ਰਾਜੈਕਟ ਉਪਰ ਕਰੀਬ 5 ਲੱਖ ਰੁਪਏ ਦਾ ਖਰਚਾ ਆਇਆ ਹੈ। ਕੇਸਰ ਦੇ ਫੁੱਲ ਤੋੜ ਕੇ ਉਨ੍ਹਾਂ ਵਿੱਚੋਂ ਮਕਰੰਦ ਕੱਢਿਆ ਜਾਂਦਾ ਹੈ, ਜੋ ਕਿ ਬੇਸ਼ਕੀਮਤੀ ਦਵਾਈਆਂ 'ਚ ਵਰਤਿਆ ਜਾਂਦਾ ਹੈ। ਸ਼ੁੱਧ ਕੇਸਰ ਦੀ ਇਸ ਵੇਲੇ ਕੀਮਤ 6 ਲੱਖ ਰੁਪਏ ਪ੍ਰਤੀ ਕਿੱਲੋ ਹੈ। ਉਨ੍ਹਾਂ ਦੱਸਿਆ ਕਿ ਹੁਣ ਜਲਦੀ ਹੀ ਬਕਸਿਆਂ ਦੀ ਗਿਣਤੀ ਵਧਾ ਕੇ ਵੱਧ ਗਿਣਤੀ 'ਚ ਕੇਸਰ ਪੈਦਾ ਕਰਨਗੇ। ਮੁਕਤਸਰ ਖੇਤਰ 'ਚ ਹੋਏ ਇਸ ਪਹਿਲੇ ਤਜਰਬੇ ਤੋਂ ਉਤਸ਼ਾਹਤ ਹੋ ਕੇ ਉਨ੍ਹਾਂ ਨੇ ਪੰਜਾਬ ਸਰਕਾਰ ਪਾਸੋਂ ਕੇਸਰ ਖੇਤੀ ਲਈ ਸਬਸਿਡੀ ਤੇ ਹੋਰ ਸਹੂਲਤਾਂ ਦੀ ਮੰਗ ਕੀਤੀ ਹੈ।

# ਅੱਖਾਂ ਦੇ ਮੁਫ਼ਤ ਕੈਂਪ 'ਚ 830 ਮਰੀਜ਼ਾਂ ਦੀ ਕੀਤੀ ਜਾਂਚ, 71 ਮਰੀਜ਼ਾਂ ਦੇ ਪਾਏ ਲੈਂਜ਼



ਬਰੇਟਾ (ਗੀਤਵਾਲ)- ਸਥਾਨਕ ਮਿਲਖਾ ਸਿੰਘ ਚੈਰੀਟੇਬਲ ਟਰੱਸਟ ਦੇ ਸੰਚਾਲਕ ਐਡਵੋਕੇਟ ਪਰਮਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ ਹੇਠ ਪਰਵਾਰ ਵੱਲੋਂ ਆਪਣੇ ਮਾਤਾ ਗੁਰਦੇਵ ਕੌਰ ਅਤੇ ਪਿਤਾ ਮਿਲਖਾ ਸਿੰਘ ਦੀ ਯਾਦ ਵਿੱਚ ਅੱਖਾਂ ਦਾ 33ਵਾਂ ਮੁਫ਼ਤ ਕੈਂਪ ਮਾਤਾ ਗੁਰਦੇਵ ਕੌਰ ਬੀ ਐਡ ਕਾਲਜ (ਲੜਕੀਆਂ) ਵਿਖੇ ਅੱਖਾਂ ਦੇ ਮਾਹਰ ਡਾ. ਸੁਸ਼ਾਂਕ ਸੂਦ ਦੀ ਅਗਵਾਈ ਵਿੱਚ ਸਮੇਤ ਟੀਮ ਲਗਾਇਆ ਗਿਆ। ਜਿਸ ਵਿੱਚ 830 ਮਰੀਜ਼ਾਂ ਦੀ ਜਾਂਚ ਕਰਨ ਉਪਰੰਤ ਜ਼ਰੂਰਤ ਅਨੁਸਾਰ ਮੁਫਤ ਦਵਾਈਆਂ ਵੀ ਦਿੱਤੀਆਂ ਗਈਆਂ ਅਤੇ 71 ਮਰੀਜ਼ ਲੈਂਜ਼ ਪਾਉਣ ਲਈ ਚੁਣੇ ਗਏ। ਇਸ ਮੌਕੇ ਐਡਵੋਕੇਟ ਪਰਮਿੰਦਰ ਸਿੰਘ ਕਟੌਦੀਆ ਨੇ ਕਿਹਾ ਕਿ ਇਸ ਟਰੱਸਟ ਦੁਆਰਾ ਜ਼ਰੂਰਤਮੰਦਾਂ ਦੀ ਸੇਵਾ ਪ੍ਰਤੀ ਇਹ 33 ਵਾਂ ਮੁਫ਼ਤ ਕੈਂਪ ਲਗਾਇਆ ਗਿਆ ਜੋ ਕਿ ਪ੍ਰਮਾਤਮਾ ਦੀ ਕ੍ਰਿਪਾ ਸਦਕਾ ਸੰਪੂਰਨ ਹੋ ਗਿਆ।

ਉਨ੍ਹਾਂ ਕਿਹਾ ਕਿ ਹਰ ਸਾਲ ਇਸੇ ਤਰ੍ਹਾਂ ਸੇਵਾ ਨਿਭਾਈ ਜਾ ਰਹੀ ਹੈ ਅਤੇ ਜ਼ਰੂਰਤਮੰਦ ਮਰੀਜ਼ਾਂ ਨੂੰ ਸਹਾਇਤਾ ਮਿਲ ਜਾਂਦੀ ਹੈ। ਇਸ ਸਬੰਧੀ ਜਾਂਚ ਲਈ ਪਹੁੰਚੇ ਬਜੁਰਗਾਂ ਨੇ ਦੱਸਿਆ ਕਿ ਜਿਨ੍ਹਾਂ ਦਾ ਇਸ ਦੁਨੀਆ ਵਿੱਚ ਕੋਈ ਸਹਾਰਾ ਨਹੀਂ ਅਤੇ ਕਈਆਂ ਦੇ ਸਹਾਰੇ ਹੋਣ ਦੇ ਬਾਵਜੂਦ ਅਣਦੇਖੀ ਦਾ ਸ਼ਿਕਾਰ ਹੋਇਆਂ ਨੂੰ ਇਸ ਕੈਂਪ ਵਿੱਚ ਬਹੁਤ ਵੱਡੀ ਰਾਹਤ ਮਿਲਦੀ ਹੈ। ਇਸ ਮੌਕੇ ਡਾ ਸੁਸ਼ਾਂਕ ਸੂਦ ਅਤੇ ਉਨ੍ਹਾਂ ਦੀ ਟੀਮ ਵੱਲੋਂ ਆਏ ਹੋਏ ਲੋਕਾਂ ਨੂੰ ਅੱਖਾਂ ਦੀ ਸਾਂਭ ਸੰਭਾਲ ਲਈ ਜਾਗਰੂਕ ਵੀ ਕੀਤਾ ਗਿਆ।

# ਡੀ ਏ ਵੀ ਕਾਲਜ 'ਚ ਟ੍ਰੇਜ਼ਰ ਮੁਕਾਬਲਾ



ਮਲੋਟ, (ਗੁਰਮੀਤ ਸਿੰਘ ਮੱਕੜ)-ਸਥਾਨਕ ਡੀ.ਏ.ਵੀ ਕਾਲਜ ਦੇ ਬੱਡੀ ਗਰੁੱਪ ਵਲੋਂ ਕਾਰਜਕਾਰੀ ਪ੍ਰਿੰਸੀਪਲ ਸ਼ੁਭਾਸ਼ ਗੁਪਤਾ ਦੀ ਯੋਗ ਅਗਵਾਈ ਹੇਠ ਮੈਡਮ ਰਿਪੂ ਭਟੇਜਾ ਮੁਖੀ, ਅੰਗਰੇਜ਼ੀ ਵਿਭਾਗ ਅਤੇ ਸੁਮਿਤ ਸਿੰਘ, ਅੰਗਰੇਜ਼ੀ ਦੇ ਸਹਾਇਕ ਪ੍ਰੋਫ਼ੈਸਰ ਦੇ ਸਹਿਯੋਗ ਨਾਲ ਟਰੈਸ਼ ਟੂ ਟਰੇਜ਼ਰ ਮੁਕਾਬਲਾ ਕਰਵਾਇਆ ਗਿਆ, ਜਿਸ ਵਿਚ 8 ਟੀਮਾਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਉਨ੍ਹਾਂ ਨੇ ਵੱਖ-ਵੱਖ ਉਪਯੋਗੀ ਅਤੇ ਆਕਰਸ਼ਕ ਚੀਜ਼ਾਂ ਬਣਾਈਆਂ। ਮੈਡਮ ਇਕਬਾਲ ਕੌਰ, ਮੈਡਮ ਨੀਲਮ ਭਾਰਦਵਾਜ ਅਤੇ ਡਾ. ਮੁਕਤਾ ਮੁਟਨੇਜਾ ਨੇ ਮੁਕਾਬਲੇ ਦਾ ਫੈਸਲਾ ਕੀਤਾ। ਇਸ ਮੁਕਾਬਲੇ 'ਚ ਟੀਮ ਚਿਰਾਗ ਨੇ ਪਹਿਲਾ ਸਥਾਨ, ਸਵੀਟ ਸਵੀਟਸ ਟੀਮ ਨੇ ਦੂਜਾ ਸਥਾਨ ਅਤੇ ਟੀਮ ਫਾਈਰ ਵਰਕਸ ਅਤੇ ਟੀਮ ਸ਼ੇਅ ਬੋਬਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਡੀਨ ਅਕਾਦਮਿਕ ਸੁਦੇਸ਼ ਗਰੋਵਰ ਨੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਆਪਣੀ ਪ੍ਰਤਿਭਾ ਨੂੰ ਨਿਖਾਰਨ ਲਈ ਅਜਿਹੀਆਂ ਗਤੀਵਿਧੀਆਂ ਵਿਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਦੀਪਕ ਅਗਰਵਾਲ, ਭੁਪਿੰਦਰ ਕੌਰ, ਕੋਮਲ ਜੱਗਾ, ਅਪਨੀਤ, ਨਵਲੀਨ, ਮੈਡਮ ਵੰਦਨਾ, ਦੀਪਾਲੀ ਅਤੇ ਮੈਡਮ ਕੋਮਲ ਗੱਖੜ ਵੀ ਹਾਜ਼ਰ ਸਨ।

9-Nov-PAGE- 8 qxd.qxd 11/8/2023 9:33 PM Page 1



# ਆਰ ਐੱਮ ਪੀ ਆਈ ਤੇ ਸੀ ਪੀ ਆਈ ਨੇ ਯੁੱਗ-ਪਲਟਾਊ ਅਕਤੂਬਰ ਇਨਕਲਾਬ ਦਿਵਸ ਮਨਾਇਆ



**ਬਹਿਰਾਮ (ਅਵਤਾਰ ਕਲੇਰ)** ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਅਤੇ ਭਾਰਤੀ ਕਮਿਊਨਿਸਟ ਪਾਰਟੀ ਵਲੋਂ ਇਜਰਾਈਲ ਵਲੋਂ ਵਿੱਢੀ ਗਈ ਨਿਹੱਕੀ, ਅਸਾਵੀਂ ਜੰਗ ਵਿੱਚ ਮਾਰੇ ਗਏ ਨਿਰਦੋਸ਼ ਫਲਸਤੀਨੀਆਂ ਨੂੰ ਸਮਰਪਿਤ 7 ਨਵੰਬਰ ਦਾ ਯੁੱਗ ਪਲਟਾਊ ਅਕਤੂਬਰ ਇਨਕਲਾਬ ਦਿਵਸ ਸ਼ਹੀਦ ਕਾਮਰੇਡ ਮਲਕੀਤ ਚੰਦ ਮੇਹਲੀ ਭਵਨ ਵਿਖੇ ਹਰਪਾਲ ਸਿੰਘ ਜਗਤਪੁਰ ਅਤੇ ਜਸਵਿੰਦਰ ਸਿੰਘ ਭੰਗਲ ਦੀ ਪ੍ਰਧਾਨਗੀ ਹੇਠ ਮਨਾਇਆ ਗਿਆ।

ਇਸ ਮੌਕੇ ਦੇਸ਼ ਦੇ ਸੰਵਿਧਾਨ ਅਤੇ ਲੋਕਤੰਤਰ ਨੂੰ ਬਚਾਉਣ ਲਈ ਕਿਰਤੀ ਵਰਗ ਨੂੰ ਸੱਦਾ ਦਿੰਦਿਆਂ ਕੁਲਦੀਪ ਸਿੰਘ ਦੌੜਕਾ ਨੇ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਮੌਜੂਦਾ ਕੇਂਦਰ ਸਰਕਾਰ ਸੰਵਿਧਾਨ ਅਤੇ ਲੋਕਤੰਤਰ ਨੂੰ ਕੁਚਲਦੀ ਹੋਈ ਫਾਸ਼ੀਵਾਦੀ ਪ੍ਰਬੰਧ ਸਥਾਪਿਤ ਕਰ ਰਹੀ ਹੈ। ਜੋ ਦਲਿਤਾਂ, ਔਰਤਾਂ ਅਤੇ ਘੱਟ ਗਿਣਤੀਆਂ ਨੂੰ ਨਿਸ਼ਾਨਾ ਬਣਾ ਕੇ ਦੇਸ਼ ਦੇ ਲੋਕਾਂ ਨੂੰ ਧਰਮਾਂ, ਜਾਤਾਂ, ਫਿਰਕਿਆਂ ਵਿੱਚ ਵੰਡ ਕੇ ਦੰਗਿਆਂ ਦੇ ਹਾਲਾਤ ਪੈਦਾ ਕਰਕੇ ਰਾਜ ਸਤਾ 'ਤੇ ਕਾਬਜ ਰਹਿਣਾ ਚਾਹੁੰਦੀ ਹੈ। ਭ੍ਰਿਸ਼ਟਾਚਾਰ ਖਤਮ ਕਰਨ, ਕਾਲਾ ਧੰਨ ਵਾਪਸ ਲਿਆਉਣ, 15-15 ਲੱਖ ਹਰ ਨਾਗਰਿਕ ਦੇ ਖਾਤੇ ਵਿੱਚ ਪਾਉਣ, ਹਰ ਸਾਲ 2 ਕਰੋੜ ਨੌਕਰੀਆਂ ਦੇਣ ਦੇ ਨਾਂਅ 'ਤੇ ਸੱਤਾ ਵਿੱਚ ਆਈ ਮੋਦੀ ਸਰਕਾਰ ਨੇ ਲੋਕਾਂ ਨੂੰ ਸੇਵਾਵਾਂ ਦੇਣ ਅਤੇ ਨਵੀਂ ਪੀੜ੍ਹੀ ਨੂੰ ਰੁਜਗਾਰ ਦੇਣ ਵਾਲੇ ਅਦਾਰੇ ਜੋ ਦੇਸ਼ ਲਈ ਮੁਨਾਫਾ ਕਮਾ ਰਹੇ ਸਨ, ਉਨ੍ਹਾਂ ਅਦਾਰਿਆਂ ਨੂੰ ਆਪਣੇ ਕਾਰਪੋਰੇਟ ਮਿੱਤਰਾਂ ਨੂੰ ਕੌਡੀਆਂ ਦੇ ਭਾਅ ਸੰਭਾਲ ਕੇ ਸਰਕਾਰੀ ਬੈਂਕਾਂ ਤੋਂ ਕਰਜੇ ਦੇ ਕੇ 25 ਲੱਖ ਕਰੋੜ ਰੁਪਏ ਦੇ ਕਰਜ਼ਿਆਂ 'ਤੇ ਲੀਕ ਮਾਰ ਦਿੱਤੀ ਹੈ। ਇਸ ਫਾਸ਼ੀਵਾਦੀ ਪ੍ਰਬੰਧ ਵਿਰੁੱਧ ਆਵਾਜ ਉਠਾਉਣ ਵਾਲੇ ਬੁੱਧੀਜੀਵੀਆਂ ਅਤੇ ਵਿਰੋਧੀਆਂ ਨੂੰ ਈ ਡੀ, ਸੀ ਬੀ ਆਈ ਅਤੇ ਹੋਰ ਜਾਂਚ ਏਜੰਸੀਆਂ ਰਾਹੀਂ ਡਰਾਇਆ ਧਮਕਾਇਆ ਜਾ ਰਿਹਾ ਹੈ ਅਤੇ ਦੇਸ਼ ਧ੍ਰੋਹ ਦੇ ਮੁਕੱਦਮੇ ਦਰਜ ਕਰਕੇ ਜੇਲ੍ਹਾਂ ਅੰਦਰ ਸੁਟਿਆ ਜਾ ਰਿਹਾ ਹੈ। ਇਲੈਕਟ੍ਰਾਨਿਕ ਮੀਡੀਆ ਅਤੇ ਪ੍ਰਿੰਟ ਮੀਡੀਆ ਤੇ ਕਬਜੇ ਬਾਅਦ ਸੋਸ਼ਲ ਮੀਡੀਆ 'ਤੇ ਦਿਖਾਈ ਜਾ ਰਹੀ ਸਚਾਈ ਨੂੰ ਬਰਦਾਸ਼ਤ ਨਾ ਕਰਦਿਆਂ ਨਿਊਜ ਕਲਿੱਕ ਚੈਨਲ ਦੇ ਮਾਲਕ ਅਤੇ ਪੱਤਰਕਾਰਾਂ 'ਤੇ ਰਾਤ ਨੂੰ ਹਮਲਾ ਕਰਕੇ ਦੇਸ਼ ਧ੍ਰੋਹ ਦੇ ਮੁਕੱਦਮੇ ਦਰਜ ਕੀਤੇ ਗਏ ਹਨ। ਉਨ੍ਹਾਂ ਦੇਸ਼ ਨੂੰ ਕਾਰਪੋਰੇਟਾਂ ਦੇ ਹੱਥਾਂ ਵਿੱਚ ਸੌਂਪਣ ਵਾਲੀ ਫਾਸ਼ੀਵਾਦੀ ਭਾਜਪਾ ਨੂੰ ਹਰਾਉਣ ਲਈ ਗੈਰ ਭਾਜਪਾ ਪਾਰਟੀਆਂ ਦੇ ਗਠਜੋੜ ਇੰਡੀਆ ਨੂੰ ਜਿਤਾਉਣ ਅਤੇ ਸਾਂਝੀਵਾਲਤਾ ਵਾਲਾ ਸਮਾਜ ਸਿਰਜਣ ਲਈ ਹਰ ਨਾਗਰਿਕ ਤੱਕ ਪਹੁੰਚ ਕਰਨ ਲਈ ਕਿਰਤੀ ਵਰਗ ਨੂੰ ਸੱਦਾ ਦਿੱਤਾ ਗਿਆ।

ਕਾਮਰੇਡ ਮੁਕੰਦ ਲਾਲ ਨੇ ਕਿਹਾ ਕਿ ਕਿਰਤੀ ਵਰਗ ਵਲੋਂ 1917 ਦਾ ਇਨਕਲਾਬ ਦੁਨੀਆ ਦੀ ਅਨੋਖੀ ਘਟਨਾ ਸੀ, ਜਿਸ ਨੇ ਦੁਨੀਆਂ ਭਰ ਦੇ ਕਿਰਤੀਆਂ ਨੂੰ ਸਮਾਜਵਾਦੀ ਵਿਚਾਰਧਾਰਾ ਅਪਨਾਉਣ ਲਈ ਉਤਸ਼ਾਹਿਤ ਕੀਤਾ। ਜਿਸ ਨਾਲ ਕਿਰਤੀਆਂ ਦੀ ਜ਼ਿੰਦਗੀ ਵਿੱਚ ਆਸ ਦੀ ਨਵੀਂ ਕਿਰਨ ਪੈਦਾ ਹੋਈ। ਉਨ੍ਹਾਂ ਦੇਸ਼ ਵਿੱਚ 44 ਕਿਰਤ ਕਾਨੂੰਨਾਂ ਦੀ ਜਗ੍ਹਾ 4 ਕੋਡ ਬਣਾ ਕੇ ਅਤੇ ਮਜਦੂਰਾਂ ਦੀ ਦਿਹਾੜੀ 8 ਤੋਂ 12 ਘੰਟੇ ਕਰਨ ਦੀ ਨਿਖੇਧੀ ਕਰਦਿਆਂ ਕੇਂਦਰ ਅਤੇ ਰਾਜ ਸਰਕਾਰ ਨੂੰ ਮਜਦੂਰ ਵਿਰੋਧੀ ਕਰਾਰ ਦਿੰਦਿਆਂ ਇਸ ਨੂੰ ਵਾਪਸ ਲੈਣ ਦੀ ਮੰਗ ਕੀਤੀ।।

# ਅਰਜਨਵਾਲ ਵਿਖੇ ਨੌਵਾਂ ਕੀਰਤਨ ਦਰਬਾਰ ਤੇ ਢਾਡੀ ਦਰਬਾਰ ਕਰਵਾਇਆ



**ਆਦਮਪੁਰ (ਪਰਮਜੀਤ ਸਿੰਘ)**- ਧੰਨ- ਧੰਨ ਬਾਬਾ ਦੀਪ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨੌਂਵਾ ਮਹਾਨ ਮਹਾਨ ਕੀਰਤਨ ਅਤੇ ਢਾਡੀ ਦਰਬਾਰ ਸਮਾਗਮ ਦੌਰਾਨ ਰਾਤ ਦੇ ਦੀਵਾਨ ਪਿੰਡ ਅਰਜਨਵਾਲ ਵਿਖੇ ਸਜਾਏ ਗਏ। ਜਿਸ ਵਿੱਚ ਇਲਾਕੇ ਨਿਵਾਸੀਆ ਸੰਗਤਾਂ ਨੇ ਬੜੀ ਸ਼ਰਧਾ ਭਾਵਨਾ ਨਾਲ ਹਾਜਰੀ ਭਰੀ । ਇਸ ਕੀਰਤਨ ਦਰਬਾਰ ਵਿੱਚ ਪੰਥ ਪ੍ਰਸਿੱਧ ਰਾਗੀ - ਢਾਡੀ 'ਤੇ ਸੰਤ ਮਹਾਪੁਰਸ਼ ਜਿਨ੍ਹਾਂ ਵਿੱਚ ਸੰਤ ਤਲਵਿੰਦਰ ਸਿੰਘ ਪ੍ਰਮੇਸ਼ਵਰ , ਸਈਅਦ ਫਕੀਰ ਬੀਬੀ ਸ਼ਰੀਫਾ, ਭਾਈ ਗੁਰਦੇਵ ਸਿੰਘ ਬਾਬਾ ਬਕਾਲਾ, ਭਾਈ ਕੇਵਲ ਸਿੰਘ ਮਹਿਤਾ, ਭਾਈ ਸੁੱਖਵਿੰਦਰ ਸਿੰਘ ਹਜ਼ੂਰ ਸਾਹਿਬ ਵਾਲੇ, ਭਾਈ ਸੁਰਿੰਦਰ ਸਿੰਘ ਹਜ਼ੂਰੀ ਰਾਗੀ ਦਰਬਾਰ ਸਾਹਿਬ ਗਿਆਨੀ, ਤਰਸੇਮ ਸਿੰਘ ਮੋਰਾਂਵਾਲੀ, ਢਾਡੀ ਗਿਆਨੀ ਜਗਜੀਵਨ ਸਿੰਘ ਅਰਜਨਵਾਲ, ਭਾਈ ਪਰਮਪ੍ਰੀਤ ਸਿੰਘ, ਗੁਰਨਾਮ ਸਿੰਘ ਗੁੰਬੀ ਦੇ ਜੱਥਿਆਂ ਵੱਲੋਂ ਸੰਗਤਾਂ ਨੂੰ ਗੁਰਬਾਣੀ ਗੁਰਮਤਿ ਵਿਚਾਰਾ ਅਤੇ ਕੀਰਤਨ ਰਾਹੀ ਨਿਹਾਲ ਕੀਤਾ। ਸਮਾਗਮ 'ਚ ਹਲਕਾ ਵਿਧਾਇਕ ਪਵਨ ਕੁਮਾਰ ਟੀਨੂੰ ਆਦਮਪੁਰ 'ਤੇ ਸਾਬਕਾ ਵਿਧਾਇਕ ਵੱਲੋਂ ਸਮਾਗਮ ਵਿੱਚ ਹਾਜਰੀ ਲਗਾਈ । ਸਮੂਹ ਪਬੰਧਕ ਕਮੇਟੀ ਮੈਬਰ ਅਰਜਨਵਾਲ ਨੇ ਸਹਿਯੋਗੀ ਸੱਜਣਾਂ ਐਨ.ਆਰ.ਆਈ ਵੀਰਾਂ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਪ੍ਰਧਾਨ ਬਚਿੱਤਰ ਸਿੰਘ, ਅਮਰਜੀਤ ਸਿੰਘ ਸਾਬਕਾ ਸਰਪੰਚ, ਕੁਲਵਿੰਦਰ ਸਿੰਘ ਟੋਨੀ ਸੁਖਵੀਰ ਸਿੰਘ ਨੰਬੜਦਾਰ, ਗੁਰਨਾਮ ਸਿੰਘ, ਸਤਨਾਮ ਸਿੰਘ ਸਮੇਤ ਪ੍ਰਬੰਧਕ ਕਮੇਟੀ ਮੈਂਬਰ ਸਮੂਹ ਸਹਿਯੋਗੀ ਸੱਜਣ ਤੇ ਪਿੰਡ ਵਾਸੀ ਹਾਜਰ ਹੋਏ।

# ਲੜਕਿਆਂ ਦਾ ਬੈਡਮਿੰਟਨ ਟੂਰਨਾਮੈਂਟ ਸ਼ੁਰੂ



**ਨਵਾਂ ਸ਼ਹਿਰ(ਮਨੋਜ ਲਾਡੀ)**ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ 67ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਤਹਿਤ ਬੈਡਮਿੰਟਨ ਉਮਰ ਵਰਗ 14 ਸਾਲ ਲੜਕੇ ਅਤੇ ਲੜਕੀਆਂ ਦਾ ਟੂਰਨਾਮੈਂਟ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ) ਜਰਨੈਲ ਸਿੰਘ ਦੀ ਅਗਵਾਈ ਵਿੱਚ ਨਵਾਂਸ਼ਹਿਰ ਵਿਖੇ ਚੱਲ ਰਿਹਾ ਹੈ। ਹੁਣ ਲੜਕਿਆਂ ਦੇ ਮੁਕਾਬਲੇ ਸ਼ੁਰੂ ਹੋਏ। ਇਹ

ਸ਼ੁਰੂਆਤ ਹਲਕਾ ਇੰਚਾਰਜ ਨਵਾਂਸ਼ਹਿਰ ਲਲਿਤ ਮੋਹਨ ਪਾਠਕ ਬੱਲੂ ਨੇ ਕੀਤੀ। ਉਨ੍ਹਾਂ ਕਿਹਾ ਕਿ ਖੇਡ ਨੂੰ ਖੇਡ ਦੀ ਭਾਵਨਾ ਨਾਲ ਖੇਡਣਾ ਚਾਹੀਦਾ ਹੈ ਅਤੇ ਖੇਡ ਦੀ ਭਾਵਨਾ ਨਾਲ ਖੇਡਣ ਵਾਲੇ ਬੱਚੇ ਹਮੇਸ਼ਾ ਰਾਸ਼ਟਰ ਦਾ ਨਾਂਅ ਉੱਚਾ ਕਰਦੇ ਹਨ। ਇਸ ਰਾਜ ਪੱਧਰੀ ਬੈਡਮਿੰਟਨ 14 ਸਾਲ ਲੜਕਿਆਂ ਦੇ ਟੂਰਨਾਮੈਂਟ ਵਿੱਚ 23 ਜ਼ਿਲ੍ਹਿਆਂ ਦੇ ਬੱਚੇ ਭਾਗ ਲੈ ਰਹੇ ਹਨ ਜਿਨ੍ਹਾਂ ਦਾ ਰਹਿਣ ਸਹਿਣ ਖਾਣੇ ਦਾ ਪ੍ਰਬੰਧ ਜਿਲਾ ਟੂਰਨਾਮੈਂਟ ਕਮੇਟੀ ਵੱਲੋਂ ਕੀਤਾ ਗਿਆ ਹੈ ।

ਇਸ ਮੌਕੇ ਜ਼ਿਲ੍ਹਾ ਕੋਆਰਡੀਨੇਟਰ ਦਵਿੰਦਰ ਕੌਰ, ਜ਼ਿਲ੍ਹਾ ਜਨਰਲ ਸਕੱਤਰ ਅਮਰਜੀਤ ਖਟਕੜ, ਡੀ ਐਮ ਸਪੋਰਟਸ ਜਸਬੀਰ ਸਿੰਘ, ਜ਼ਿਲ੍ਹਾ ਪ੍ਰਧਾਨ ਮਹਿਲਾ ਵਿੰਗ ਰਾਜਦੀਪ ਸ਼ਰਮਾ, ਗਗਨ ਅਗਨੀਹੋਤਰੀ ਚੇਅਰਮੈਨ ਮਾਰਕੀਟ ਕਮੇਟੀ, ਨਿਰਮਲ ਨਵਾਂ ਗਰਾਂ, ਪ੍ਰਿੰਸੀਪਲ ਦੇਵ ਰਾਜ ਕਟਾਰੀਆ, ਮੁੱਖ ਅਧਿਆਪਕ ਲਖਵੀਰ ਸਿੰਘ, ਰਮੇਸ ਚੰਦਰ ਸਾਬਕਾ ਏ.ਈ.ਓ, ਲੈਕਚਰਾਰ ਸੰਦੀਪ ਕੁਮਾਰੀ, ਲੈਕਚਰਾਰ ਸਰਬਜੀਤ ਕੌਰ,ਕੁਲਵਿੰਦਰ ਖੈਰ, ਨਰਿੰਦਰ ਕੌਰ, ਕਰਮਜੀਤ ਕੌਰ ਬਛੌੜੀ, ਕਿਰਨ ਬਾਲਾ ਡੀ ਪੀ ਈਨਵਾਂ ਪਿੰਡ ਟੱਪਰੀਆ, ਨਵਦੀਪ ਸਿੰਘ ਸਹਾਇਕ ਸਕੱਤਰ, ਸੰਜੀਵ ਕੁਮਾਰ, ਰਣਜੋਧ ਸਿੰਘ ,ਦੇਸਰਾਜ ,ਅਮਨਦੀਪ, ਅਮਨਦੀਪ ਕੌਰ ,ਗੁਰਪ੍ਰੀਤ ਸਿੰਘ ਭੱਦੀ, ਜਸਬੀਰ ਕੌਰ ਪੁਸ਼ਪਿੰਦਰ ਕੌਰ ਸਿਮਰਨਜੀਤ ਕੌਰ , ,ਰਜਿੰਦਰ ਗਿੱਲ, ਕੁਲਜਿੰਦਰ ਸਿੰਘ, ਰਣਜੋਤ ਸਿੰਘ ,ਸਚਨ ਸ਼ਰਮਾ ,ਕੁਲਵੀਰ ਲੜੋਆ ,ਸੁਰਿੰਦਰ ਕੁਮਾਰ, ਰੇਖਾ ਰਾਣੀ, ਰਮੇਸ਼ ਕੁਮਾਰ ਪੀਟੀਆਈ ਮੈਸ ਇੰਚਾਰਜ, , ਜਗਸੀਰ ਸਿੰਘ, ਰਕੇਸ਼ ਕੁਮਾਰ ਨਰੇਸ ਕੁਮਾਰ ,ਹਰਜਿੰਦਰ ਸਿੰਘ ਆਦਿ ਸਮੇਤ ਸਮੂਹ ਡੀ.ਪੀ.ਈ ਅਤੇ ਪੀ.ਟੀ.ਆਈ ਅਤੇ ਹੋਰ ਹਾਜਰ ਸਨ।

## ਸਾਲਾਨਾ ਜੋੜ ਮੇਲਾ 13 ਨੂੰ

**ਬਲਾਚੌਰ, (ਸੁਭਾਸ਼ ਭਾਟੀਆ)** ਨਜਦੀਕੀ ਪਿੰਡ ਬੇਹਰੜੀ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮੂਮ ਗੋਤਰ ਦੇ ਸਮੂਹ ਪਰਵਾਰਾਂ ਵੱਲੋਂ ਸਾਲਾਨਾ ਜੋੜ ਮੇਲਾ ਦੀਵਾਲੀ ਤੋਂ ਦੂਜੇ ਦਿਨ 13 ਨਵੰਬਰ ਸੋਮਵਾਰ ਨੂੰ ਸ਼ਰਧਾ ਪੂਰਵਕ ਕਰਵਾਇਆ ਜਾ ਰਿਹਾ ਹੈ। ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਦਿਨ ਸਤੀ ਮਾਤਾ ਦੇ ਦਰਬਾਰ 'ਤੇ ਵਿਧੀ ਪੂਰਵਕ ਹਵਨ ਪੂਜਾ ਕਰਨ ਤੋਂ ਬਾਅਦ ਚੁੰਨਰੀ ਤੇ ਝੰਡਾ ਚੜ੍ਹਾਉਣ ਦੀ ਰਸਮ ਨਿਭਾਈ ਜਾਵੇਗੀ ਅਤੇ ਚਿਰਾਗ ਕੀਤੇ ਜਾਣਗੇ। ਇਸ ਮੌਕੇ ਮਾਤਾ ਦੇ ਭੰਡਾਰੇ ਸੰਗਤਾਂ ਲਈ ਅਤੁੱਟ ਵਰਤਾਏ ਜਾਣਗੇ।

## ਨਾਂਅ ਪੱਟੀਆਂ, ਮੀਲ ਪੱਥਰ ਤੇ ਸਾਈਨ ਬੋਰਡ ਦੇ ਉਪਰਲੇ ਪਾਸੇ ਪੰਜਾਬੀ ਭਾਸ਼ਾ ਵਰਤੀ ਜਾਵੇ-ਡੀ ਸੀ

ਜਲੰਧਰ:-(ਸ਼ੈਲੀ ਐਲਬਰਟ)ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਹੁਕਮ ਜਾਰੀ ਕੀਤੇ ਹਨ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਜਲੰਧਰ ਵਿੱਚ ਸਥਿਤ ਸਮੂਹ ਸਰਕਾਰੀ/ਅਰਧ ਸਰਕਾਰੀ ਦਫ਼ਤਰਾਂ /ਵਿਭਾਗਾਂ/ ਅਦਾਰਿਆਂ/ ਸੰਸਥਾਵਾਂ/ ਵਿੱਦਿਅਕ ਅਦਾਰਿਆਂ/ ਬੋਰਡਾਂ/ਨਿਗਮਾਂ/ਵਿੱਦਿਅਕ ਸੰਸਥਾਵਾਂ/ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਅਤੇ ਵਪਾਰਿਕ ਅਦਾਰਿਆਂ/ਸੁਸਾਇਟੀ ਐਕਟ/ ਫੈਕਟਰੀ ਐਕਟ ਤਹਿਤ ਰਜਿਸਟਰਡ ਵਪਾਰਿਕ ਅਦਾਰਿਆਂ ਆਦਿ ਦੇ ਨਾਂਅ ਅਤੇ ਸੜਕਾਂ ਦੇ ਨਾਂਅ/ਨਾਂਅ ਪੱਟੀਆਂ/ਮੀਲ ਪੱਥਰ/ਸਾਈਨ ਬੋਰਡਾਂ ਦੇ ਉਪਰਲੇ ਪਾਸੇ ਪੰਜਾਬੀ ਭਾਸ਼ਾ (ਗੁਰਮੁੱਖੀ ਲਿੱਪੀ) ਵਿੱਚ ਲਿਖਿਆ ਜਾਣਾ ਜਰੂਰੀ ਹੈ। ਨਾਲ ਹੀ ਉਨਾਂ ਕਿਹਾ ਕਿ ਸਮੂਹ ਵਿਭਾਗਾਂ ਦੇ ਮੁਖੀ ਰੋਜਾਨਾ ਦੇ ਕੰਮਕਾਜ ਨੂੰ ਪੰਜਾਬੀ ਵਿੱਚ ਕੀਤਾ ਜਾਣਾ ਯਕੀਨੀ ਬਣਾਉਣਗੇ ।

## ਕੋਈ ਵੀ ਬੱਚਾ ਨਿਯਮਤ ਟੀਕਿਆਂ ਤੋਂ ਵਾਂਝਾ ਨਾ ਰਹੇ ਡਾ. ਸੋਨੀਆ

**ਨਵਾਂਸ਼ਹਿਰ (ਮਨੋਜ ਲਾਡੀ)**ਸਿਵਲ ਸਰਜਨ ਡਾ. ਜਸਪ੍ਰੀਤ ਕੌਰ ਦੇ ਨਿਰਦੇਸ਼ਾਂ ਤਹਿਤ ਸੀਨੀਅਰ ਮੈਡੀਕਲ ਅਫ਼ਸਰ ਡਾ. ਗੀਤਾਂਜਲੀ ਸਿੰਘ ਤੇ ਡਾ. ਸੋਨੀਆ ਦੀ ਯੋਗ ਰਹਿਨੁਮਾਈ ਹੇਠ ਸਿਹਤ ਵਿਭਾਗ ਗੁਣਵੱਤਾਪੂਰਨ ਜੱਚਾ-ਬੱਚਾ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਯਤਨਸ਼ੀਲ ਹੈ। ਇਸੇ ਕੜੀ ਤਹਿਤ ਕਮਿਊਨਿਟੀ ਸਿਹਤ ਕੇਂਦਰ, ਰਾਹੋਂ ਵਿਖੇ ਮਮਤਾ ਦਿਵਸ ਮੌਕੇ ਵੱਖ-ਵੱਖ ਬਿਮਾਰੀਆਂ ਤੋਂ ਬਚਾਅ ਲਈ ਬੱਚਿਆਂ ਤੇ ਗਰਭਵਤੀ ਔਰਤਾਂ ਦਾ ਟੀਕਾਕਰਨ ਕੀਤਾ ਗਿਆ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸੋਨੀਆ ਨੇ ਏਐਨਐਮਜ਼ ਨੂੰ ਬੱਚਿਆਂ ਤੇ ਗਰਭਵਤੀ ਔਰਤਾਂ ਦੇ ਟੀਕਾਕਰਨ ਸਮੇਂ ਜ਼ਰੂਰੀ ਸਾਵਧਾਨੀਆਂ ਵਰਤਣ ਦੀ ਹਦਾਇਤ ਕੀਤੀ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਕੋਈ ਵੀ ਬੱਚਾ ਨਿਯਮਤ ਟੀਕਾਕਰਨ ਪ੍ਰੋਗਰਾਮ ਅਧੀਨ ਦਿੱਤੇ ਜਾਣ ਵਾਲੇ ਟੀਕਿਆਂ ਤੋਂ ਵਾਂਝਾ ਨਾ ਰਹੇ।



# ਸਿੱਧੂ ਨੇ ਫਾਇਰ ਸੇਫਟੀ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ



**ਮੋਹਾਲੀ (ਗੁਰਜੀਤ ਬਿੱਲਾ)**- ਤਿਉਹਾਰਾਂ ਦੌਰਾਨ ਕਿਸੇ ਵੀ ਤਰ੍ਹਾਂ ਦੀ ਅੱਗ ਲੱਗਣ ਦੀ ਘਟਨਾ ਹੋਣ ਦੀ ਸੂਰਤ ਵਿਚ ਅੱਗ ਬੁਝਾਊ ਅਮਲੇ ਦਾ ਘੱਟੋ-ਘੱਟ ਸਮੇਂ ਵਿਚ ਘਟਨਾ ਸਥਾਨ ਉਤੇ ਪਹੁੰਚਣ ਨੂੰ ਯਕੀਨੀ ਬਣਾਉਣ ਸਥਾਨਕ ਨਗਰ ਨਿਗਮ ਦੇ ਮੇਅਰ ਅਮਰਜੀਤ ਸਿੱਧੂ ਨੇ ਮੁਹਾਲੀ ਫਾਇਰ ਸਟੇਸ਼ਨ ਦਾ ਦੌਰਾ ਕਰਕੇ ਅੱਗ ਬੁਝਾਊ ਪ੍ਰਬੰਧਾਂ ਅਤੇ ਤਿਆਰੀਆਂ ਦਾ ਜਾਇਜ਼ਾ ਲਿਆ।

ਫਾਇਰ ਸਟੇਸ਼ਨ ਮੋਹਾਲੀ ਵਿਖੇ ਆਪਣੀ ਫੇਰੀ ਦੌਰਾਨ, ਮੇਅਰ ਸਿੱਧੂ ਨੇ ਸਾਰੇ ਪ੍ਰਬੰਧਾਂ ਅਤੇ ਸਹੂਲਤਾਂ ਦਾ ਬਾਰੀਕੀ ਨਾਲ ਨਿਰੀਖਣ ਕੀਤਾ ਅਤੇ ਕਿਸੇ ਅਣਸੁਖਾਵੀਂ ਸਥਿਤੀ ਵਿੱਚ ਤੁਰੰਤ ਅਤੇ ਪ੍ਰਭਾਵੀ ਕਦਮ ਚੁੱਕਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

ਮੇਅਰ ਸਿੱਧੂ ਨੇ ਤਿਉਹਾਰਾਂ ਦੇ ਇਸ ਸੀਜਨ ਦੌਰਾਨ ਚੌਕਸੀ ਅਤੇ ਤਿਆਰੀ ਵਧਾਉਣ ਦੀ ਲੋੜ 'ਤੇ ਜੋਰ ਦਿੱਤਾ। ਉਨ੍ਹਾਂ ਨੇ ਫਾਇਰ ਸਟੇਸ਼ਨ ਦੇ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਇੱਕ ਪਲ ਦੇ ਨੋਟਿਸ 'ਤੇ ਪੂਰੇ ਸ਼ਹਿਰ ਵਿੱਚ ਸਹਾਇਤਾ ਪ੍ਰਦਾਨ ਕਰਨ ਲਈ ਤਿਆਰ ਰਹਿਣ। ਮੇਅਰ ਨੇ ਹਦਾਇਤ ਕੀਤੀ ਕਿ ਸਾਰੇ ਸਟੇਸ਼ਨ ਫਾਇਰ ਅਫਸਰ ਆਪਣੇ-ਆਪਣੇ ਖੇਤਰ ਦੇ ਅਧਿਕਾਰ ਖੇਤਰ ਅਧੀਨ ਆਉਂਦੇ ਬਾਜਾਰਾਂ, ਪਟਾਕੇ ਵੇਚਣ ਵਾਲੀਆਂ ਥਾਵਾਂ ਅਤੇ ਅੱਗ ਲੱਗਣ ਦੀਆਂ ਸੰਭਾਵਨਵਾਂ ਵਾਲੇ ਖੇਤਰਾਂ ਦੀ ਲਗਾਤਾਰ ਨਿਗਰਾਨੀ ਕਰਨ ਨੂੰ ਯਕੀਨੀ ਬਣਾਉਣ ਤਾਂ ਜੋ ਲੋਕ ਹਿੱਤ ਵਿੱਚ ਕਿਸੇ ਵੀ ਦੁਰਘਟਨਾ ਤੋਂ ਬਚਣ ਲਈ ਅੱਗ ਬੁਝਾਉਣ ਅਤੇ ਜੀਵਨ ਸੁਰੱਖਿਆ ਦੇ ਉਪਾਵਾਂ ਨੂੰ ਸਹੀ ਢੰਗ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਇਆ ਜਾ ਸਕੇ।

ਮੇਅਰ ਅਮਰਜੀਤ ਸਿੱਧੂ ਨੇ ਕਿਹਾ, "ਅਸੀਂ ਇਹ ਯਕੀਨੀ ਬਣਾਉਣਾ ਚਾਹੁੰਦੇ ਹਾਂ ਕਿ ਦੀਵਾਲੀ ਦੇ ਜਸ਼ਨਾਂ ਦੌਰਾਨ ਸਾਡਾ ਸਹਿਰ ਸਾਰੇ ਵਸਨੀਕਾਂ ਅਤੇ ਸੈਲਾਨੀਆਂ ਲਈ ਸੁਰੱਖਿਅਤ ਰਹੇ। ਫਾਇਰ ਸਟੇਸ਼ਨ 'ਤੇ ਸਾਡੀ ਸਮਰਪਿਤ ਟੀਮ ਕਿਸੇ ਵੀ ਐਮਰਜੈਂਸੀ ਨਾਲ ਤੁਰੰਤ ਨਜਿਠਣ ਲਈ ਪੂਰੀ ਤਰ੍ਹਾਂ ਤਿਆਰ ਹੈ।"

ਮੇਅਰ ਸਿੱਧੂ ਦੇ ਦੌਰੇ ਮੌਕੇ ਸੀਨੀਅਰ ਡਿਪਟੀ ਮੇਅਰ ਅਮਰੀਕ ਸਿੰਘ ਸੋਮਲ ਸਮੇਤ ਫਾਇਰ ਫਾਈਟਰਜ ਅਤੇ ਹੋਰ ਸੀਨੀਅਰ ਅਧਿਕਾਰੀ ਹਾਜਰ ਸਨ।

## ਦੋ ਮੋਟਰਸਾਇਕਲਾਂ ਤੇ ਇੱਕ ਐਕਟਿਵਾ ਸਮੇਤ ਚੋਰ ਗ੍ਰਿਫਤਾਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਸੰਜੀਵਨ ਕੁਮਾਰ ਮੁੱਖ ਅਫਸਰ ਥਾਣਾ ਸਿਟੀ ਹੁਸ਼ਿਆਰਪੁਰ ਦੀ ਟੀਮ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ ਜਦੋਂ ਐਸ.ਆਈ. ਰਾਕੇਸ਼ ਸਮੇਤ ਸਾਥੀ ਕਰਮਚਾਰੀਆ ਨੇ ਨਿਖਲ ਕੁਮਾਰ ਉਰਫ ਨਿੱਕੂ ਪੁੱਤਰ ਸੋਮ ਪ੍ਰਕਾਸ਼ ਵਾਸੀ ਬਿਛੋਹੀ ਥਾਣਾ ਚੱਬੇਵਾਲ ਨੂੰ ਗ੍ਰਿਫਤਾਰ ਕਰ ਕੇ ਉਸ ਪਾਸੋਂ ਚੋਰੀ ਸ਼ੁਦਾ 01 ਐਕਟੀਵਾ ਅਤੇ 02 ਮੋਟਰਸਾਈਕਲ ਬ੍ਰਾਮਦ ਕੀਤੇ।

# ਡੇਂਗੂ ਤੋਂ ਬਚਾਅ ਲਈ ਨਗਰ ਕੌਂਸਲ ਤੇ ਸਿਹਤ ਵਿਭਾਗ ਵੱਲੋਂ ਸਾਂਝੇ ਤੌਰ 'ਤੇ ਗਤੀਵਿਧੀਆਂ



**ਮੋਰਿੰਡਾ (ਜੈਜੀ ਸਰਦਾਰ)** ਡਾ.ਪਰਮਿੰਦਰਜੀਤਸਿੰਘ ਸੀਨੀਅਰ ਮੈਡੀਕਲ ਅਫਸਰ ਮੋਰਿੰਡਾ, ਰਜਨੀਸ਼ ਸੂਦ ਕਾਰਜ ਸਾਧਕ ਅਫਸਰ ਨਗਰ ਕੌਂਸਲ ਮੋਰਿੰਡਾ ਦੇ ਹੁਕਮਾਂ ਅਨੁਸਾਰ ਰਾਮਸਰਨ ਸਿੰਘ ਐਸ ਆਈ ਸਿਹਤ ਵਿਭਾਗ, ਜਸਵਿੰਦਰ ਸਿੰਘ, ਵਰਿੰਦਰ ਸਿੰਘ ਸੈਨਟਰੀ ਇੰਸਪੈਕਟਰ ਨਗਰ ਕੌਂਸਲ ਮੋਰਿੰਡਾ ਦੀ ਦੇਖ ਰੇਖ ਹੇਠ ਸਰਹਿੰਦ ਰੋਡ ਮੋਰਿੰਡਾ ਵਿਖੇ ਡੇਂਗੂ ਸੰਬਧੀ ਸਾਂਝੇ ਤੌਰ 'ਤੇ ਗਤੀਵਿਧੀਆਂ ਕੀਤੀਆਂ ਗਈਆਂ। ਇਸ ਮੌਕੇ 'ਤੇ ਸਿਹਤ ਵਿਭਾਗ ਤੇ ਨਗਰ ਕੌਂਸਲ ਦੇ ਅਧਿਕਾਰੀਆਂ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਿਤੇ ਵੀ ਖੜੇ ਪਾਣੀ ਨਾ ਖੜਾ ਹੋਣ ਦਿੱਤਾ ਜਾਵੇ,ਚਾਹੇ ਉਹ ਘਰ, ਆਲਾ ਦੁਆਲਾ,ਕੂਲਰ,ਫਰਿੱਜ, ਗਮਲੇ ਟੁੱਟੇ ਬਰਤਨ ਆਦਿ ਕੋਈ ਵੀ ਹੋ ਸਕਦਾ ਹੈ, ਜਿਸ 'ਤੇ ਮੱਛਰ ਦਾ ਲਾਰਵਾ ਪੈਦਾ ਹੋ ਜਾਂਦਾ ਹੈ। ਇਸ ਮੌਕੇ ਤੇ ਸਰਹਿੰਦ ਰੋਡ ਮੋਰਿੰਡਾ ਤੇ ਕੁਆੜ ਦੀਆਂ ਦੁਕਾਨਾਂ 'ਤੇ ਲਾਰਵਾ ਸਬੰਧੀ ਚੈਕਿੰਗ ਕੀਤੀ ਗਈ ਤੇ ਜਿਨ੍ਹਾਂ ਥਾਂਵਾਂ ਤੋਂ ਲਾਰਵਾ ਮਿਲਿਆ ਉਹਨਾਂ ਦੇ ਨਗਰ ਕੌਂਸਲ ਮੋਰਿੰਡਾ ਵੱਲੋਂ ਚਲਾਨ ਕੀਤੇ ਗਏ। ਇਸ ਮੌਕੇ 'ਤੇ ਮਲਟੀਪਰਪਜ ਹੈਲਥ ਵਰਕਰ ਗੁਰਬਿੰਦਰ ਸਿੰਘ, ਨਰਿੰਦਰਪਾਲ ਸਿੰਘ ਸਿਹਤ ਵਿਭਾਗ, ਜਸਪ੍ਰੀਤ ਸਿੰਘ, ਗੁਰਲਾਲ ਸਿੰਘ ਨਗਰ ਕੌਂਸਲ ਮੋਰਿੰਡਾ ਤੋਂ ਇਲਾਵਾ ਦੋਵਾਂ ਵਿਭਾਗਾਂ ਦੇ ਹੋਰ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

# ਬਾਬਾ ਸ੍ਰੀ ਚੰਦ ਜੀ ਉਦਾਸੀਨ ਦਾ 529ਵਾਂ ਜਨਮ ਦਿਹਾੜਾ ਮਨਾਇਆ



**ਐੱਸ. ਏ. ਐੱਸ. ਨਗਰ (ਗੁਰਜੀਤ ਬਿੱਲਾ )** : ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਾਹਿਬਜਾਦੇ ਬਾਬਾ ਸ੍ਰੀ ਚੰਦ ਜੀ ਉਦਾਸੀਨ ਦਾ 529ਵਾਂ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ। ਜਨਮ ਦਿਹਾੜੇ ਦੀ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ । ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਧਾਰਮਿਕ ਸਮਾਗਮ ਵਿੱਚ ਭਾਈ ਸੁਰਜੀਤ ਸਿੰਘ ਦੇ ਕਵੀਸ਼ਰੀ ਜੱਥੇ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਾਹਿਬਜਾਦੇ ਬਾਬਾ ਸ੍ਰੀ ਚੰਦ ਜੀ ਉਦਾਸੀਨ ਦਾ ਪੂਰਾ ਜੀਵਨ ਬ੍ਰਿਤਾਂਤ ਸੰਗਤਾਂ ਨੂੰ ਕਵੀਸ਼ਰੀ ਵਾਰਾਂ ਵਿੱਚ ਵਿਸਥਾਰ ਸਹਿਤ ਸਰਵਣ ਕਰਾਇਆ। ਭਾਈ ਹਰਮਨਜੀਤ ਸਿੰਘ ਦੇ ਜੱਥੇ ਨੇ ਆਪਣੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ । ਇਸ ਤੋਂ ਇਲਾਵਾ ਭਾਈ ਗੁਰਵਿੰਦਰ ਸਿੰਘ, ਭਾਈ ਗੁਰਦੀਪ ਸਿੰਘ, ਸ਼ੇਰ ਏ ਪੰਜਾਬ ਕਵੀਸ਼ਰੀ ਜੱਥਾ, ਭਾਈ ਅਮਰਜੀਤ ਸਿੰਘ , ਭਗੜਾਨੇ ਵਾਲਿਆਂ ਦਾ ਕਵੀਸ਼ਰੀ ਜੱਥਾ, ਭਾਈ ਸ਼ਾਹਬਾਜ ਸਿੰਘ ਭਾਈ ਹਰੇਕਮਜੋਤ ਸਿੰਘ, ਬੀਬੀ ਕਰਮਪ੍ਰੀਤ ਕੌਰ, ਅਕਾਲ ਕਵੀਸ਼ਰੀ ਜੱਥਾ ਹਰਜੱਸ ਕੀਰਤਨੀ ਜੱਥਾ ਭਾਈ ਸੰਦੀਪ ਸਿੰਘ ਜੀ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਇੰਦਰਜੀਤ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਜਸਵੰਤ ਸਿੰਘ, ਭਾਈ ਸੁਖਵਿੰਦਰ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ । ਸਾਰੇ ਜਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ । ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦਾ ਮੁਆਇਨਾ ਕੀਤਾ ਗਿਆ ਅਤੇ ਦਵਾਈ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਤੀ ਗਈ। ਹਜ਼ਾਰਾਂ ਸੰਗਤਾਂ ਨੇ ਇਸ ਅਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਗੁਰੂ ਕਾ ਲੰਗਰ ਸਾਰਾ ਦਿਨ ਅਤੁੱਟ ਵਰਤਾਇਆ ਗਿਆ ।

## ਸਵੈ-ਸਹਾਇਤਾ ਸਮੂਹਾਂ ਨੂੰ ਉਤਸ਼ਾਹਤ ਕਰਨ ਲਈ ਸਟਾਲ ਲਗਾਇਆ

**ਐਸ.ਏ.ਐਸ.ਨਗਰ, (ਕ੍ਰਿਸ਼ਨ ਗਰਗ )** ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ), ਐਸ.ਏ.ਐਸ. ਨਗਰ ਸ਼੍ਰੀਮਤੀ ਸੋਨਮ ਚੌਧਰੀ, ਪੀ.ਸੀ.ਐਸ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਡੀ.ਸੀ. ਦਫਤਰ ਵਿੱਖੇ ਪੀ.ਐਸ.ਆਰ.ਐਲ.ਐਮ. ਸਕੀਮ ਅਧੀਨ ਬਣੇ ਸਵੈ-ਸਹਾਇਤਾ ਸਮੂਹਾਂ ਦੁਆਰਾ ਹੱਥੀ ਬਣਾਏ ਸਮਾਨ ਜਿਵੇਂ ਕਿ ਬਿਸਕੁਟ, ਪਿੰਨੀਆਂ, ਮਿਠਿਆਈ, ਫੁਲਕਾਰੀ, ਦੀਵੇ ਅਤੇ ਸਜਾਵਟ ਦਾ ਸਮਾਨ ਦੀ ਵਿਕਰੀ ਲਈ ਸਟਾਲ ਦਾ ਉਦਘਾਟਨ ਕੀਤਾ ਗਿਆ। ਦੀਵਾਲੀ ਦੇ ਤਿਉਹਾਰ ਨੂੰ ਮੁੱਖ ਰੱਖਦੇ ਹੋਏ ਡੀ. ਸੀ. ਸ਼੍ਰੀਮਤੀ ਆਸ਼ਿਕਾ ਜੈਨ ਦੀ ਅਗਵਾਈ ਹੇਠ ਸਵੈ-ਸਹਾਇਤਾ ਸਮੂਹਾਂ ਨੂੰ ਪ੍ਰਮੋਟ ਕਰਨ ਲਈ ਅਤੇ ਆਪਣਾ ਜੀਵਨ ਪੱਧਰ ਉੱਪਰ ਚੁੱਕਣ ਦਾ ਮੌਕਾ ਉਪਲਬਧ ਕਰਵਾਉਣ ਦੇ ਯਤਨਾਂ ਤਹਿਤ ਵਿਸ਼ੇਸ ਉਪਰਾਲਾ ਕੀਤਾ ਗਿਆ।

ਇਸ ਮੌਕੇ 'ਤੇ ਪੀ.ਐਸ.ਆਰ.ਐਲ.ਐਮ. ਸਕੀਮ ਦੇ ਅਧਿਕਾਰੀ ਵਿਕਾਸ ਸਿੰਗਲਾ ਜ਼ਿਲ੍ਹਾ ਪ੍ਰੋਗਰਾਮ ਮੈਨੇਜਰ, ਸ਼੍ਰੀਮਤੀ ਰਿਸ਼ਵਪ੍ਰੀਤ ਕੌਰ, ਸ਼੍ਰੀਮਤੀ ਮਨਦੀਪ ਕੌਰ, ਗੌਰਵ ਅਰੋੜਾ, ਜੁਗਵਿੰਦਰ ਸਿੰਘ, ਸ਼੍ਰੀਮਤੀ ਰੁਪਿੰਦਰ ਕੌਰ, ਸ਼੍ਰੀਮਤੀ ਸੋਮਾ ਦੇਵੀ, ਸ਼੍ਰੀਮਤੀ ਸੰਤੋਸ਼ ਕੁਮਾਰੀ, ਸ਼੍ਰੀਮਤੀ ਰਾਧਿਕਾ, ਸ਼੍ਰੀਮਤੀ ਗੁਰਜੀਤ ਕੌਰ, ਸ਼੍ਰੀਮਤੀ ਮਨਦੀਪ ਕੌਰ, ਸੰਦੀਪ ਕੁਮਾਰ, ਸਤਵਿੰਦਰ ਸਿੰਘ, ਸੁਮੀਤ ਧਵਨ ਅਤੇ ਨਿੱਜੀ ਸਹਾਇਕ ਕਵਲਜੀਤ ਸਿੰਘ ਮੌਜੂਦ ਰਹੇ।

## ਮਿਠਾਈ ਦੀ ਦੁਕਾਨ 'ਤੇ ਇੱਕ ਸਾਲ 'ਚ ਤਿੰਨ ਵਾਰ ਸਿਹਤ ਵਿਭਾਗ ਦੀ ਟੀਮ ਵੱਲੋਂ ਛਾਪਾਮਾਰੀ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )** ਨੂਰਮਹਿਲ ਦੇ ਕੌਂਸਲਰ ਤੇ ਮੈਂਹਨ ਸਵੀਟ ਸ਼ੌਪ ਦੀ ਦੁਕਾਨ ਦੇ ਮਾਲਿਕ ਅਨਿਲ ਕੁਮਾਰ ਮੈਂਹਨ ਉਰਫ ਪੱਪੀ ਕੌਂਸਲਰ ਨੇ ਪੱਤਰਕਾਰਾਂ ਨੂੰ ਦੱਸਿਆ ਹੈ ਕਿ ਜਿਸ ਦਿਨ ਤੋਂ ਆਮ ਆਦਮੀ ਪਾਰਟੀ ਸਰਕਾਰ ਸੱਤਾ ਵਿਚ ਆਈ ਹੈ ਸਾਡੀ ਮਿਠਾਈ ਦੀ ਦੁਕਾਨ 'ਤੇ ਸਿਹਤ ਵਿਭਾਗ ਦੀ ਟੀਮ ਵੱਲੋਂ ਇੱਕ ਸਾਲ ਦੇ ਵਿਚ ਤਿੰਨ ਵਾਰੀ ਨਿਸ਼ਾਨਾ ਬਣਾਇਆ ਗਿਆ ਹੈ। ਮੈਂਹਨ ਨੇ ਅੱਗੇ ਦੱਸਿਆ ਹੈ ਕਿ ਨੂਰਮਹਿਲ ਸ਼ਹਿਰ ਦੇ ਅੰਦਰ ਲਗ ਭਗ 40 ਦੁਕਾਨਾਂ ਮਿਠਾਈ ਦੀਆਂ ਦੁਕਾਨਾਂ ਹਨ। ਹੋਰ ਕਿਸੇ ਵੀ ਦੁਕਾਨ 'ਤੇ ਛਾਪਾਮਾਰੀ ਨਹੀਂ ਕੀਤੀ ਜਾਂਦੀ ਜਾਂ ਉਨ੍ਹਾਂ ਨੂੰ ਸਿਹਤ ਵਿਭਾਗ ਦਾ ਕੋਈ ਮੁਲਾਜ਼ਮ ਬਾਕੀ ਦੁਕਾਨਾਂ ਵਾਲਿਆਂ ਨੂੰ ਫੋਨ ਕਰਕੇ ਦੱਸ ਦਿੰਦੇ ਹਨ। ਜਦੋਂ ਸਿਹਤ ਵਿਭਾਗ ਦੀ ਛਾਪਾ ਮਾਰੀ ਦੀ ਭਿਣਕ ਲਗਦੀ ਹੈ ਤਾਂ ਬਾਕੀ ਮਿਠਾਈ ਵਾਲੇ ਦੁਕਾਨਾਂ ਬੰਦ ਕਰਕੇ ਭੱਜ ਜਾਂਦੇ ਹਨ। ਸਾਡੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿਹਤ ਵਿਭਾਗ ਦੇ ਮੰਤਰੀ ਪਾਸੋਂ ਮੰਗ ਕਰਕੇ ਬਾਕੀ ਦੁਕਾਨਾਂ ਦੀ ਵੀ ਜਾਂਚ ਕੀਤੀ ਜਾਵੇ। ਜਦੋਂ ਵੀ ਸਾਡੀ ਮਿਠਾਈ ਦਾ ਸੈਂਪਲ ਭਰਿਆ ਜਾਂਦਾ ਹੈ ਤਾਂ ਬਿਲਕੁੱਲ ਸਹੀ ਪਾਇਆ ਜਾਂਦਾ ਹੈ। ਸਾਡੇ ਕੋਲ ਸਿਹਤ ਵਿਭਾਗ ਦੇ ਸਰਟੀਫਿਕੇਟ ਜਾਰੀ ਕੀਤੇ ਸਾਡੇ ਕੋਲ ਪਰੂਫ ਹਨ। ਜ਼ਿਕਰਯੋਗ ਹੈ ਕਿ ਨੂਰਮਹਿਲ ਦੇ ਅੰਦਰ ਬਿਨਾਂ ਲਾਇਸੈਂਸ ਫਾਸਟਫੂਡ ਦੀਆਂ ਦੁਕਾਨਾਂ ,ੜਕਾਂ ਤੇ ਖੋਲ੍ਹ ਕੇ ਬੈਠੇ ਹਨ। ਇਨ੍ਹਾਂ ਦੀ ਉੱਚੀ ਪੱਧਰੀ ਜਾਂਚ ਕੀਤੀ ਜਾਵੇ। ਇਨ੍ਹਾਂ ਦੇ ਸੈਂਪਲ ਭਰੇ ਜਾਣ ਇਹ ਲੋਕ ਕਿਸ ਤਰਾਂ ਪੀਜ਼ਾ , ਬਰਗਰ , ਨਿਊਡਲ ਅਤੇ ਨਕਲੀ ਪਨੀਰ ਆਦਿ ਸਮਾਨ ਤਿਆਰ ਕਰਕੇ ਲੋਕਾਂ ਦੀ ਸ਼ਿਹਤ ਨਾਲ ਖਿਲਵਾੜ ਕੀਤਾ ਜਾਂਦਾ ਹੈ। ਜਿਵੇਂ ਕਿ ਹੁਣ ਦਿਵਾਲੀ ਦਾ ਤਿਉਹਾਰ ਨੂੰ ਲੈ ਕੇ ਲੋਕਾਂ ਨੇ ਆਪਣੀਆਂ ਦੁਕਾਨਾਂ ਦੇ ਉੱਪਰ ਮਸ਼ੀਨਾਂ ਲਗਾਕੇ ਮਿਠਾਈਆਂ ਤਿਆਰ ਕੀਤੀਆਂ ਜਾਂਦੀਆਂ ਹਨ। ਅੱਜ ਤੋਂ 30-35 ਸਾਲ ਪਹਿਲਾਂ ਹਲਵਾਈਆਂ ਵੱਲੋਂ ਹੱਥ ਨਾਲ ਬਣਾਕੇ ਮਿਠਾਈਆਂ ਤਿਆਰ ਕੀਤੀਆਂ ਜਾਂਦੀਆਂ ਸਨ ਉਨ੍ਹਾਂ ਦਾ ਖਾਣ ਦਾ ਮਜ਼ਾ ਅਲੱਗ ਹੁੰਦਾ ਸੀ। ਹੁਣ ਤਾਂ ਮਿੱਠੀ ਮਿਠਾਈ ਜ਼ਹਿਰ ਖਿਲਾਈ ਜਾਂਦੀ ਹੈ। ਲੋਕਾਂ ਦੀ ਸਿਹਤ ਖਰਾਬ ਹੋ ਰਹੀ ਹੈ।

## ਮੇਹਰ ਚੰਦ ਪੋਲੀਟੈਕਨਿਕ ਕਾਲਜ ਦੇ ਵਿਦਿਆਰਥੀਆਂ ਨੇ ਚੋਟੀ ਦੀਆਂ ਪੁਜ਼ੀਸ਼ਨਾਂ ਕੀਤੀਆਂ ਹਾਸਲ

**ਜਲੰਧਰ (ਸ਼ੈਲੀ ਅਲਬਰਟ)**—ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਰਹਿਨੁਮਾਈ ਹੇਠ ਮੇਹਰ ਚੰਦ ਪੌਲੀਟੈਕਨਿਕ ਕਾਲਜ ਦੇ ਵਦਿਆਰਥੀਆਂ ਨੇ ਜੀ. ਐਨ. ਏ ਯੂਨੀਵਰਸਿਟੀ ਦੇ ਸਮਾਰੋ (ਆਈ.ਐਸ.ਟੀ.ਈ. ਸਟੂਡੈਂਟਸ ਕਨਵੈਂਸ਼ਨ - 2023) ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੱਖ- ਵੱਖ ਪੁਜੀਸ਼ਨਾਂ 'ਤੇ ਆਪਣਾ ਕਬਜ਼ਾ ਜਮਾਇਆ । ਜਿਸ ਵਿੱਚ ਫਾਰਮੇਸੀ



ਡਿਪਾਟਮੈਂਟ ਦੇ ਭਰਤ ਅਤੇ ਵੰਸ਼ਿਕਾ ਨੂੰ ਆਈ.ਐਸ.ਟੀ.ਈ. ਬੈਸਟ ਸਟੂਡੈਂਟ ਅਵਾਰਡ - 2023 ਨਾਲ ਨਿਵਾਜਿਆ ਗਿਆ। ਈ. ਸੀ. ਈ. ਵਿਭਾਗ ਦੇ ਪ੍ਰਿੰਸ ਭਗਤ, ਮੋਹਮਦ ਰਿਆਜੁਦੀਨ, ਸ਼ਿਵਮ, ਸ਼ੁਭਮ ਅਤੇ ਆਯੂਸ਼ ਸ਼ਰਮਾ ਨੇ ਪ੍ਰੋਜੈਕਟ ਡਿਸਪਲੇ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ। ਗੁਰਸਿਮਰਨ ਸਿੰਘ ਅਤੇ ਮੋਹਿਤ ਕੁਮਾਰ ਨੇ ਕੈਡ ਕੰਪੀਟੀਸ਼ਨ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ, ਨਵਨੀਤ ਕੌਰ ਅਤੇ ਵੈਭਵ ਰਾਵਤ ਨੇ ਟੈਕਨੀਕਲ ਪ੍ਰੈਸੇਨਟੇਸ਼ਨ ਵਿੱਚ ਤੀਸਰਾ ਸਥਾਨ ਪ੍ਰਾਪਤ ਕੀਤਾ । ਇਥੇ ਇਹ ਵੀ ਦਸਣਯੋਗ ਹੈ ਕਿ ਪੂਰੇ ਸੂਬੇ ਵਿੱਚ ਵੱਖ- ਵੱਖ ਕਾਲਜਾਂ ਦੇ ਵਿਦਿਆਰਥੀ ਇੰਨਾਂ ਮੁਕਾਬਲਿਆਂ ਵਿੱਚ ਹਿੱਸਾ ਲੈਣ ਪੁੱਜੇ ਸਨ ਜਿਨ੍ਹਾਂ ਵਿਚੋਂ ਮੇਹਰ ਚੰਦ ਪੋਲੀਟੈਕਨਿਕ ਕਾਲਜ ਦੇ ਵਿਦਿਆਰਥੀਆਂ ਨੇ ਪਹਿਲੇ, ਦੂਜੇ ਅਤੇ ਤੀਜੇ ਸਥਾਨ ਹਾਸਲ ਕਰਕੇ ਕਾਲਜ ਦੇ ਨਾਂਅ ਨੂੰ ਨਵੀਆਂ ਸਿਖਰਾਂ 'ਤੇ ਪਹੁੰਚਾਇਆ ਹੈ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਡਾ. ਰਾਜੀਵ ਭਾਟੀਆ, ਮੁੱਖੀ ਸਟੂਡੈਂਟ ਚੈਪਟਰ ਅਤੇ ਸਾਰੇ ਵਿਦਿਆਰਥੀਆਂ ਨੂੰ ਇਸ ਉਪਲਭਦੀ ਲਈ ਵਧਾਈ ਦਿਤੀ ਅਤੇ ਭਵਿੱਖ ਵਿਚ ਵੀ ਇਸੇ ਹੀ ਤਰ੍ਹਾਂ ਕਾਮਯਾਬੀ ਹਾਸਿਲ ਕਰਨ ਵਾਸਤੇ ਉਤਸ਼ਾਹਿਤ ਕੀਤਾ। ਇਸ ਮੌਕੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਕਾਲਜ ਦੇ ਬਾਕੀ ਵਿਦਿਆਰਥੀਆਂ ਨੂੰ ਇਹਨਾਂ ਵਿਦਿਆਰਥੀਆਂ ਤੋਂ ਪ੍ਰੇਰਨਾ ਲੈ ਕੇ ਆਪਣਾ ਸਰਬਪੱਖੀ ਵਿਕਾਸ ਕਰਨ ਲਈ ਪ੍ਰੇਰਿਆ। ਇਸ ਮੌਕੇ ਡਾ. ਰਾਜੀਵ ਭਾਟੀਆ, (ਮੁੱਖੀ, ਸਿਵਿਲ ਵਿਭਾਗ), ਡਾ. ਸੰਜੇ ਬਾਂਸਲ (ਮੁੱਖੀ, ਫਾਰਮੇਸੀ ਡਿਪਾਟਮੈਂਟ) ਮਿਸ. ਰਿਚਾ ਅਰੋੜਾ (ਮੁੱਖੀ, ਮਕੈਨਿਕਲ ਵਿਭਾਗ), ਮਿਸ. ਮੀਨਾ ਬਾਂਸਲ (ਸੀਨੀਅਰ ਲੈਕਚਰਾਰ, ਫਾਰਮੇਸੀ ਡਿਪਾਟਮੈਂਟ) ਪਿੰਸ ਮਦਾਨ (ਮੁਖੀ, ਈ.ਸੀ.ਈ ਅਤੇ ਸੀ. ਐਸ. ਈ), ਸੁਸ਼ਾਂਤ ਸ਼ਰਮਾ (ਲੈਕਚਰਾਰ, ਮੇਕੈਨੀਕਲ ਇੰਜ.), ਮਿਸ. ਨਵਿਤਾ ਸ਼ਰਮਾ (ਲੈਕਚਰਾਰ, ਸੀ. ਐਸ. ਈ) ਅਤੇ ਮਨੀਸ਼ ਸਚਦੇਵਾ (ਲੈਕਚਰਾਰ, ਈ.ਸੀ.ਈ) ਹਾਜ਼ਰ ਸਨ।

# ਮਾਤਾ ਵੈਸ਼ਨੋ ਦੇਵੀ ਚੌਕ ਦਾ ਨਗਰ ਕੌਂਸਲ ਨੇ ਕੀਤਾ ਨਵੀਨੀਕਰਨ



**ਫਿਲੌਰ (ਨਿਰਮਲ)** ਇਥੋਂ ਦੇ ਮਾਤਾ ਵੈਸ਼ਨੋ ਦੇਵੀ ਚੌਕ ਦਾ ਨਗਰ ਕੌਂਸਲ ਵੱਲੋਂ ਨਵੀਨੀਕਰਨ ਕੀਤਾ ਗਿਆ। ਜਿਸ ਦਾ ਉਦਘਾਟਨ ਬੁੱਧਵਾਰ ਨੂੰ ਆਮ ਆਦਮੀ ਪਾਰਟੀ ਫਿਲੌਰ ਦੇ ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਫੀਤਾ ਕੱਟ ਕੇ ਕੀਤਾ। ਇਸ ਤੋਂ ਪਹਿਲਾਂ ਉਨ੍ਹਾਂ ਪੂਜਾ ਅਰਚਨਾ ਕੀਤੀ। ਉਨ੍ਹਾਂ ਕਿਹਾ ਕਿ 4 ਲੱਖ 98 ਹਜਾਰ ਰੁਪਏ ਦੀ ਲਾਗਤ ਨਾਲ ਮਾਤਾ ਵੈਸ਼ਨੋ ਦੇਵੀ ਚੌਕ ਦਾ ਨਵੀਨੀਕਰਨ ਕੀਤਾ ਗਿਆ ਹੈ। ਸੰਗਤਾਂ ਦੀ ਮੰਗ ਸੀ ਕਿ ਚੌਂਕ ਦੀ ਦਿੱਖ ਨੂੰ ਹੋਰ ਸੁੰਦਰ ਬਣਾਇਆ ਜਾਵੇ, ਜਿਸ 'ਤੇ ਅਮਲ ਕਰਦਿਆਂ ਨਗਰ ਕੌਂਸਲ ਨੇ ਇਸ ਕਾਰਜ ਨੂੰ ਨੇਪਰੇ ਚਾੜਿਆ ਹੈ। ਦਿਵਾਲੀ ਵਾਲੇ ਦਿਨ ਇਸ ਚੌਕ ਦੀ ਦਿੱਖ ਹੋਰ ਸੁੰਦਰ ਹੋਵੇਗੀ।

ਇਸ ਮੌਕੇ ਈ.ਓ.ਦੇਸ ਰਾਜ, ਪ੍ਰਮੋਦ ਕੁਮਾਰ ਵਸੰਦਰਾਏ, ਡਾਕਟਰ ਰਾਕੇਸ਼ ਸ਼ਰਮਾ, ਸੁਦੇਸ਼ ਗੁਪਤਾ,ਹਰਕਮਲ ਸਿੰਘ ਬੇਗਮਪੁਰ, ਸੁਰਿੰਦਰ ਸਿੰਘ ਬੱਛੋਵਾਲ, ਜਗਤ ਰਾਮ ਭੱਟੀ ਨਗਰ, ਨਰੇਸ਼ ਮੱਲ ਸੈਂਟਰੀ ਇੰਸਪੈਕਟਰ, ਸ਼ੰਕਰ ਸੰਧੂ ਕੌਂਸਲਰ, ਯਸ਼ਪਾਲ ਗਿੰਢਾ ਕੌਂਸਲਰ, ਸੁਰਿੰਦਰ ਕੈਂਥ ਕੌਂਸਲਰ, ਵੈਭਵ ਸ਼ਰਮਾ ਕੌਂਸਲਰ, ਪਰਮਜੀਤ ਭਾਰਤੀ ਸਾਬਕਾ ਕੌਂਸਲਰ, ਸੋਨੂੰ ਪੰਮਾ, ਸੁਰਿੰਦਰ ਡਾਬਰ, ਰਿੰਕਾ ਪਾਸੀ,ਮੁਕੇਸ਼ ਗਾਬਾ,ਨਰੇਸ਼ ਭੰਡਾਰੀ, ਅਸ਼ਵਨੀ ਭਾਪਾ, ਤਿਲਕ ਰਾਜ ਭਾਪਾ, ਅਸ਼ੋਕ ਦੱਤਾ, ਵਿਕਾਸ ਕੁਮਾਰ, ਯਾਦਵਿੰਦਰ ਗਿਆਨੀ, ਲਖਵਿੰਦਰ ਜੌਹਲ ਅਤੇ ਹੋਰ ਹਾਜਰ ਸਨ।

## 10 ਕਿਲੋ ਚੂਰਾ ਪੋਸਤ ਸਮੇਤ ਕਾਬੂ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ )** ਐਸ ਆਈ ਜਗਜੀਤ ਸਿੰਘ ਮੁੱਖ ਅਫਸਰ ਥਾਣਾ ਮੇਹਟੀਆਣਾ, ਸਤਨਾਮ ਸਿੰਘ ਸਮੇਤ ਸਾਥੀ ਕਰਮਚਾਰੀਆਂ ਨਾਲ ਗਸ਼ਤ ਦੌਰਾਨ ਪਿੰਡ ਮੁਖਲਿਆਣਾ ਤੋਂ ਪਿੰਡ ਮੋਨਾ ਕਲਾਂ ਸਾਇਡ ਨੂੰ ਜਾ ਰਹੇ ਸੀ ਤਾਂ ਮੋਨਾ ਕਲਾਂ ਮੋੜ ਮੇਨ ਰੋਡ ਫਗਵਾੜਾ -ਹੁਸ਼ਿਆਰਪੁਰ ਪੁੱਜੇ ਤਾਂ ਮੋੜ ਪਰ ਇੱਕ ਮੋਨਾ ਵਿਅਕਤੀ ਜਿਸ ਦੇ ਹੱਥ ਵਿੱਚ ਵਜਨਦਾਰ ਥੈਲਾ ਪਲਾਸਟਿਕ ਫੜਿਆ ਹੋਇਆ ਸੀ ਜੋ ਪੁਲਿਸ ਪਾਰਟੀ ਨੂੰ ਦੇਖ ਕੇ ਮੋਨਾ ਕਲਾਂ ਦੇ ਢਾਬੇ ਦੀ ਬੇਕਸਾਈਡ ਤੇ ਖੇਤਾਂ ਵੱਲ ਨੂੰ ਤੇਜ ਕਦਮੀ ਥੈਲਾ ਸੁੱਟ ਕੇ ਭੱਜਣ ਲੱਗਾ ਤਾਂ ਏ.ਐਸ.ਆਈ ਨੇ ਸ਼ੱਕ ਦੀ ਬਿਨਾਹ 'ਤੇ ਸਾਥੀ ਕਰਮਚਾਰੀਆਂ ਦੇ ਮਦਦ ਨਾਲ ਮੋਨਾ ਨੌਜਵਾਨ ਵਿਅਕਤੀ ਨੂੰ ਕਾਬੂ ਕਰਕੇ ਨਾਂਅ ਪਤਾ ਪੁੱਛਿਆ ਅਤੇ ਜਿਸ ਨੇ ਆਪਣਾ ਨਾਂਅ ਰਣਜੀਤ ਕੁਮਾਰ ਉਰਫ ਮੰਗਾ ਪੁੱਤਰ ਜੱਗਾ ਰਾਮ ਵਾਸੀ ਪਿੰਡ ਮੋਨਾ ਕਲਾਂ ਥਾਣਾ ਮੇਹਟੀਆਣਾ ਜ਼ਿਲ੍ਹਾ ਹੁਸ਼ਿਆਰਪੁਰ ਦੱਸਿਆ ਉਕਤ ਵਿਆਕਤੀ ਵੱਲੋਂ ਸੁੱਟੇ ਥੱਲੇ ਵਜਨਦਾਰ ਥੈਲੇ ਨੂੰ ਖੋਲ ਕੇ ਚੈੱਕ ਕਰਨ ਤੇ ਉਸ ਵਿੱਚੋਂ ਡੋਡੇ ਚੂਰਾ ਪੋਸਤ ਬ੍ਰਾਮਦ ਹੋਏ ਜੋ ਤੋਲਣ ਤੇ ਕੁੱਲ 10 ਕਿਲੋਗ੍ਰਾਮ ਦਾ ਵਜਨ ਹੋਇਆ

ਜਿਸ 'ਤੇ ਮੁੱਕਦਮਾ ਅਧ. 15-61-85 ਐਨ. ਡੀ. ਪੀ.ਐਸ.ਐਕਟ ਥਾਣਾ ਮੇਹਟੀਆਣਾ ਦਰਜ ਕੀਤਾ ਗਿਆ ।

## ਭੰਗਲ ਕਲਾਂ ਵਿਖੇ ਮਮਤਾ ਦਿਵਸ ਮਨਾਇਆ

**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਸਿਵਲ ਸਰਜਨ ਡਾ. ਜਸਪ੍ਰੀਤ ਕੌਰ ਦੇ ਦਿਸ਼ਾ ਨਿਰਦੇਸ਼ ਸੀਨੀਅਰ ਮੈਡੀਕਲ ਅਫਸਰ ਗਾਂ ਗੀਤਾਂਜਲੀ ਸਿੰਘ ਦੇ ਨਿਰਦੇਸ਼ ਅਨੁਸਾਰ ਬੁੱਧਵਾਰ ਨੂੰ ਪਿੰਡ ਭੰਗਲ ਕਲਾਂ ਵਿਖੇ ਮਮਤਾ ਦਿਵਸ ਮਨਾਇਆ ਗਿਆ, ਜਿਸ ਵਿਚ ਸਿਹਤ ਅਧਿਕਾਰੀ ਏ ਐਨ ਐਮ ਗੁਰਦੇਵ ਕੌਰ, ਪਰਵੀਨ ਕੌਰ ਸੀ ਐਚ ਓ ਲਖਵਿੰਦਰ ਕੌਰ ਵੱਲੋਂ ਵੱਖ-ਵੱਖ ਬਿਮਾਰੀਆਂ ਤੋਂ ਬਚਾਅ ਲਈ ਨਿੱਕੇ ਬੱਚਿਆਂ ਅਤੇ ਗਰਭਵਤੀ ਔਰਤਾਂ ਦਾ ਟੀਕਾਕਰਨ ਕੀਤਾ ਗਿਆ। ਗਰਭਵਤੀ ਮਾਵਾਂ ਦਾ ਚੈੱਕਅੱਪ ਤੇ ਬੱਚਿਆਂ ਦਾ ਟੀਕਾਕਰਨ ਕੀਤਾ ਗਿਆ ਤੇ ਲੋਕਾਂ ਨੂੰ ਸਿਹਤ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਗਈ ਜਿਵੇਂ ਕਿ ਮੁਫ਼ਤ ਜਣੇਪਾ, ਮੁਫ਼ਤ ਟੈਸਟ ਤੇ ਮੁਫਤ ਇਲਾਜ਼ ਵਾਰੇ ਡੇਂਗੂ ਮਲੇਰੀਆ ਤੇ ਨਸ਼ਿਆਂ ਤੇ ਭਰੂਣ ਹੱਤਿਆ ਬਾਰੇ ਜਾਣਕਾਰੀ ਦਿੱਤੀ। ਗਰਭਵਤੀ ਔਰਤਾਂ ਨੂੰ ਟੈਟਨੈੱਸ ਦੇ ਟੀਕੇ ਅਤੇ ਖੂਨ ਵਧਾਉਣ ਲਈ ਆਇਰਨ ਫੋਲਿਕ ਐਸਿਡ ਦੀਆਂ ਗੋਲੀਆਂ ਮੁਫ਼ਤ ਦਿੱਤੀਆਂ ਗਈਆਂ ਉਨ੍ਹਾਂ ਕਿਹਾ ਕਿ ਲੋਕਾਂ ਨੂੰ ਜਾਗਰੂਕ ਹੋਣਾ ਚਾਹੀਦਾ ਹੈ ਅਤੇ ਅਜਿਹੇ ਕੱਪੜੇ ਪਾਉਣੇ ਚਾਹੀਦੇ ਹਨ, ਜਿਨ੍ਹਾਂ ਨਾਲ ਪੂਰਾ ਸਰੀਰ ਢੱਕਿਆ ਹੋਵੇ ਤਾਂ ਜੋ ਮੱਛਰ ਨਾ ਕੱਟ ਸਕੇ। ਮੱਛਰ ਪੈਦਾ ਹੋਣ ਦੇ ਸੋਮਿਆਂ ਦਾ ਖਾਤਮਾ ਕੀਤਾ ਜਾਵੇ ।



## ਐੱਸ ਏ ਐੱਸ ਜੈਨ ਸਕੂਲ 'ਚ ਪੇਂਟਿੰਗ ਪ੍ਰਤੀਯੋਗਿਤਾ



**ਚੰਡੀਗੜ੍ਹ (ਕ੍ਰਿਸ਼ਨ ਗਰਗ)** ਐਸ.ਏ.ਐਸ.ਜੈਨ ਸੀਨੀਅਰ ਮਾਡਲ ਸਕੂਲ ਅੰਬਾਲਾ ਵਿੱਚ ਇੱਕ ਪੇਂਟਿਗ ਪ੍ਰਤੀਯੋਗਿਤਾ ਦਾ ਆਯੋਜਨ ਕਰਵਾਇਆ ਗਿਆ। ਹਿਯੂਮੈਨ ਫਾਊਂਡੇਸ਼ਨ ਨਾਲ ਜੁੜੇ ਇਹ ਸਕੂਲ "ਮਿਸ਼ਨ ਗੁੱਡ ਅਰਥ" ਲਈ ਕੰਮ ਕਰ ਰਿਹਾ ਹੈ। ਪ੍ਰਿੰਸੀਪਲ ਨੀਰੂ ਸ਼ਰਮਾ ਡੀ.ਏ.ਵੀ.ਸੋਹਨ ਲਾਲ ਸਕੂਲ ਤੇ ਸੁਨੀਲ ਅਰੋੜਾ ਨੇ ਸਕੂਲ ਦਾ ਦੌਰਾ ਕੀਤਾ। ਇਸ ਸਮੇਂ ਮਹਾਨ ਪ੍ਰਾਪਤੀਆਂ ਕਰਨ ਵਾਲੇ ਬੱਚਿਆਂ ਦਾ ਸਨਮਾਨ ਕੀਤਾ ਗਿਆ। ਸਕੂਲ ਦੀ ਪ੍ਰਿੰਸੀਪਲ ਡਾ.ਰੇਨੂ ਗਹਿਲਾਵਤ ਨੇ ਵੀ ਆਪਣੇ ਵਿਚਾਰ ਰੱਖੇ।

# ਸਥਾਨਕ ਸਰਕਾਰਾਂ ਮੰਤਰੀ ਵੱਲੋਂ ਸਮਾਰਟ ਸਿਟੀ ਦੇ ਪ੍ਰਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ



**ਸੁਲਤਾਨਪੁਰ ਲੋਧੀ: (ਬਲਵਿੰਦਰ ਸਿੰਘ ਧਾਲੀਵਾਲ ਰਾਜਵੀਰ ਸਿੰਘ)**-ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਬਲਕਾਰ ਸਿੰਘ ਅਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਸੁਲਤਾਨਪੁਰ ਲੋਧੀ ਵਿਖੇ ਸਮਾਰਟ ਸਿਟੀ ਤਹਿਤ ਚੱਲ ਰਹੇ ਵੱਖ-ਵੱਖ ਪ੍ਰਾਜੈਕਟਾਂ ਦੀ ਪ੍ਰਗਤੀ ਦਾ ਜਾਇਜਾ ਲੈਂਦਿਆਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਨ੍ਹਾਂ ਪ੍ਰਾਜੈਕਟਾਂ ਦੀ ਰਫਤਾਰ ਨੂੰ ਤੇਜ਼ ਕਰਕੇ ਜਲਦ ਤੋਂ ਜਲਦ ਨੇਪਰੇ ਚਾੜ੍ਹਿਆ ਜਾਵੇ। ਸੰਤ ਸੀਚੇਵਾਲ, ਡਿਪਟੀ ਕਮਿਸ਼ਨਰ ਕੈਪਟਨ ਕਰਨੈਲ ਸਿੰਘ, ਐਸ.ਐਸ.ਪੀ. ਵਤਸਲਾ ਗੁਪਤਾ, ਆਮ ਆਦਮੀ ਪਾਰਟੀ ਦੇ ਆਗੂ ਸੱਜਣ ਸਿੰਘ ਚੀਮਾ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮਾਰਕਿਟ ਕਮੇਟੀ ਦਫਤਰ ਵਿਖੇ ਮੀਟਿੰਗ ਦੌਰਾਨ ਕੈਬਨਿਟ ਮੰਤਰੀ ਬਲਕਾਰ ਸਿੰਘ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆ ਰਹੇ ਪ੍ਰਕਾਸ਼ ਪੁਰਬ ਨੂੰ ਲੈ ਕੇ ਲੋੜੀਂਦੀਆਂ ਤਿਆਰੀਆਂ ਅਤੇ ਸੰਗਤ ਦੀ ਸਹੂਲਤ ਲਈ ਢੁਕਵੇਂ ਪ੍ਰਬੰਧ ਯਕੀਨੀ ਬਣਾਉਣ ਦੀਆਂ ਹਦਾਇਤਾਂ ਵੀ ਦਿੱਤੀਆਂ। ਸੁਲਤਾਨਪੁਰ ਲੋਧੀ ਵਿਖੇ ਸੀ.ਸੀ.ਟੀ.ਵੀ. ਕੈਮਰੇ ਲਾਉਣ ਦੇ ਪ੍ਰਾਜੈਕਟ ਦੀ ਸਮੀਖਿਆਂ ਦੌਰਾਨ ਦੱਸਿਆ ਗਿਆ ਕਿ ਆਉਂਦੇ ਦਸੰਬਰ ਦੇ ਆਖਰੀ ਹਫਤੇ ਤੱਕ ਇਹ ਪ੍ਰਾਜੈਕਟ ਮੁਕੰਮਲ ਹੋ ਜਾਵੇਗਾ ਜੋਕਿ ਸੁਰੱਖਿਆ ਇੰਤਜਾਮ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰੇਗਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਸਬੰਧੀ ਸ਼ਹਿਰ ਅੰਦਰ ਅਤਿਆਧੁਨਿਕ ਕੰਟਰੋਲ ਰੂਮ ਜਲਦ ਸਥਾਪਤ ਕੀਤਾ ਜਾ ਰਿਹਾ ਹੈ। ਕੈਬਨਿਟ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਪਿੰਡ ਬਾਬੇ ਨਾਨਕ ਦਾ ਪ੍ਰਾਜੈਕਟ ਦੀ ਪ੍ਰਕਿਰਿਆ ਨੂੰ ਹੋਰ ਤੇਜ਼ ਕੀਤਾ ਜਾਵੇ ਅਤੇ ਇਤਿਹਾਸਕ ਗੁਰਦੁਆਰਾ ਸਾਹਿਬ ਨੂੰ ਜਾਂਦੇ ਰਾਹ ਨੂੰ ਇਕਸਾਰ ਦਿੱਖ ਦੇਣ ਲਈ ਵੀ ਵੱਖ-ਵੱਖ ਵਿਭਾਗਾਂ ਨਾਲ ਸਬੰਧਿਤ ਕੰਮਾਂ ਨੂੰ ਤਰਜ਼ੀਹ ਦੇ ਆਧਾਰ 'ਤੇ ਵਿਚਾਰ ਕੇ ਅਗਲੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਭਾਰੀ ਗਿਣਤੀ ਸੰਗਤ ਦੀ ਆਮਦ ਦੇ ਮੱਦੇਨਜ਼ਰ ਸਥਾਨਕ ਸਰਕਾਰਾਂ ਮੰਤਰੀ ਬਲਕਾਰ ਸਿੰਘ ਨੇ ਅਧਿਕਾਰੀਆਂ ਨੂੰ ਕਿਹਾ ਕਿ ਸੁਲਤਾਨਪੁਰ ਲੋਧੀ ਨੂੰ ਆਉਂਦੀਆਂ ਸੜਕਾਂ ਦੀ ਹਾਲਤ ਦਾ ਜਾਇਜ਼ਾ ਲੈ ਕੇ ਲੋੜੀਂਦੀ ਮੁਰੰਮਤ ਆਦਿ ਨੂੰ ਸਮੇਂ ਸਿਰ ਯਕੀਨੀ ਬਣਾਇਆ ਜਾਵੇ। ਉਨਾਂ ਨੇ ਸੁਲਤਾਨਪੁਰ ਲੋਧੀ ਵਿਖੇ ਬਣਨ ਵਾਲੇ ਸੀਵਰੇਜ਼ ਟਰੀਟਮੈਂਟ ਪਲਾਂਟ,ਵਾਟਰ ਸਪਲਾਈ ਅਤੇ ਸੀਵਰੇਜ਼ ਸਿਸਟਮ, ਸੋਲਰ ਪਾਵਰ ਲਈ ਬੁਨਿਆਦੀ ਢਾਂਚੇ ਦੀ ਸਥਾਪਤੀ, ਕਿਲਾ ਸਰਾਏ ਦੀ ਸਾਂਭ-ਸੰਭਾਲ ਕਾਲੀ ਵੇਂਈ ਦੇ ਕੰਢਿਆਂ ਨੂੰ ਹੋਰ ਮਜ਼ਬੂਤ ਕਰਨ, ਸ਼ਹਿਰ ਵਿਚ ਬਣਨ ਵਾਲੇ ਸਮਾਰਟ ਪਾਰਕਾਂ, ਸਮਾਰਟ ਸਕੂਲਾਂ, ਕਪੂਰਥਲਾ-ਸੁਲਤਾਨਪੁਰ ਲੋਧੀ ਸੜਕ ਵਾਇਆ ਫੱਤੂਢੀਂਗਾ ਨੂੰ ਚਾਰ ਮਾਰਗੀ ਕਰਨ, ਅੱਗ ਬੁਝਾਊ ਯੰਤਰਾਂ ਵਿਚ ਲੋੜੀਂਦਾ ਵਾਧਾ ਕਰਨ, ਆਵਾਜ਼ਾਈ ਦੇ ਸਾਧਨਾਂ ਨੂੰ ਵਧਾਉਣ ਅਤੇ ਸਮਾਰਟ ਟਰਾਂਸਪੋਰਟ ਦੀ ਵਿਵਸਥਾ, ਬਹੁਮੰਤਵੀ ਖੇਡ ਸਟੇਡੀਅਮ ਆਦਿ ਪ੍ਰਾਜੈਕਟਾਂ ਬਾਰੇ ਸਬੰਧਿਤ ਅਧਿਕਾਰੀਆਂ ਤੋਂ ਜਾਣਕਾਰੀ ਹਾਸਲ ਕੀਤੀ ਅਤੇ ਹੋਣ ਵਾਲੇ ਕੰਮਾਂ ਵਿਚ ਤੇਜ਼ੀ ਲਿਆਉਣ ਲਈ ਕਿਹਾ।

# ਚੱਕ ਹਾਜੀਪੁਰ ਦੇ ਕਬੱਡੀ ਕੱਪ ਦਾ ਪੋਸਟਰ ਰਿਲੀਜ਼



**ਮਾਹਿਲਪੁਰ/ਸਫਰੀ** - ਗੁਰਦੁਆਰਾ ਸ਼ਹੀਦਾਂ ਸਿੰਘ ਪਿੰਡ ਚੱਕ ਹਾਜੀਪੁਰ ਵਲੋਂ ਹਰ ਸਾਲ ਦੀ ਤਰ੍ਹਾਂ 16ਵਾਂ ਕੱਬਡੀ ਕੱਪ ਪਿੰਡ ਦੀ ਗਰਾਊਂਡ ਵਿੱਚ 26 ਨਵੰਬਰ ਨੂੰ ਕਰਵਾਇਆ ਜਾ ਰਿਹਾ ਹੈ । ਇਸ ਕੱਬਡੀ ਕੱਪ ਦੇ ਪੋਸਟਰ ਨੂੰ ਹਲਕਾ ਵਿਧਾਇਕ ਤੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ ਨੇ ਕਬੱਡੀ ਕੱਪ ਦੇ ਪ੍ਰਬੰਧਕਾਂ ਨਾਲ ਆਪਣੇ ਸਥਾਨਕ ਦਫਤਰ ਵਿਖੇ ਰਿਲੀਜ਼ ਕੀਤਾ । ਇਸ ਮੌਕੇ ਸੰਖੇਪ ਸਮਾਗਮ ਨੂੰ ਸੰਬੋਧਨ ਕਰਦਿਆਂ ਰੋੜੀ ਨੇ ਹਲਕੇ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਕਬੱਡੀ ਕੱਪ ਦਾ ਹਿੱਸਾ ਬਣ ਕੇ ਇਸ ਦੀ ਰੌਣਕ ਨੂੰ ਵਧਾਉਣ । ਇਸ ਮੌਕੇ ਚਰਨਜੀਤ ਸਿੰਘ ਚੰਨੀ ਓ. ਐਸ. ਡੀ. ਸੁਖਵੰਤ ਸਿੰਘ ਸਰਪੰਚ, ਮਨਦੀਪ ਸਿੰਘ ਥਾਂਦੀ, ਬਲਜੀਤ ਸਿੰਘ , ਕੁਲਵੀਰ ਸਿੰਘ ਕੰਗ, ਮਨਦੀਪ ਸਿੰਘ ਕੰਗ, ਜਤਿੰਦਰ ਸਿੰਘ , ਅਰਸ਼ ਮਾਨ , ਕੁਲਵਿੰਦਰ ਸਿੰਘ , ਮਨਪ੍ਰੀਤ ਸਿੰਘ , ਝਲਮਣ ਸਿੰਘ , ਸਰਦਾਰਾ ਸਿੰਘ , ਅਮਰਿੰਦਰ ਸਿੰਘ , ਗੁਰਦੀਪ ਸਿੰਘ , ਅਮਰੀਕ ਸਿੰਘ , ਕਰਨਵੀਰ ਸਿੰਘ , ਮਨਜਿੰਦਰ ਸਿੰਘ ਕਲੱਬ ਮੈਂਬਰ ਹਾਜਰ ਸਨ ।

## ਸਟੇਟ ਬੈਂਕ ਆਫ ਇੰਡੀਆ ਵੱਲੋਂ ਵਿਸ਼ੇਸ਼ ਗਾਹਕਾਂ ਦਾ ਸਨਮਾਨ



**ਮੇਹਟੀਆਣਾ(ਜਗਤਾਰ ਸਿੰਘ ਭੁੰਗਰਨੀ )**: ਸਟੇਟ ਬੈਂਕ ਆਫ ਇੰਡੀਆ ਮਾਲ ਰੋਡ ਹੁਸ਼ਿਆਰਪੁਰ ਵੱਲੋਂ ਦੀਵਾਲੀ ਦਾ ਤਿਓਹਾਰ ਮਨਾਉਂਦੇ ਹੋਏ, ਆਪਣੇ ਵਿਸ਼ੇਸ਼ ਗਾਹਕਾਂ ਨੂੰ ਸਨਮਾਨਿਤ ਕੀਤਾ ਗਿਆ । ਇਸ ਸਮਾਰੋਹ ਦੌਰਾਨ ਚੀਫ ਮੈਨੇਜਰ ਨਵਦੀਪ ਸਿੰਘ, ਮੈਨੇਜਰ ਦਪਿੰਦਰ ਕੌਰ, ਡਿਪਟੀ ਮੈਨੇਜਰ ਬਿਪਿਨ ਰਾਣੀ ਜਸਵਾਲ, ਅਸ਼ੋਕ ਕੁਮਾਰ, ਸੁਖਜਿੰਦਰ ਕੁਮਾਰ, ਰਣਜੀਤ ਸਿੰਘ , ਮੰਗਤ ਰਾਮ , ਮੈਡਮ ਪਲਵੀ , ਨਾਰੀਕਾ ਸ਼ਰਮਾ ਵਲੋਂ ਲਾਇਨ ਡਾਕਟਰ ਮੁਖਤਿਆਰ ਸਿੰਘ ਧਾਲੀਵਾਲ , ਸੁਖਜਿੰਦਰ ਸਿੰਘ ਸੈਣੀ , ਲਾਇਨ ਡਾਕਟਰ ਤੇਜਬੀਰ ਸਿੰਘ ਧਾਲੀਵਾਲ ਅਤੇ ਹੋਰਨਾਂ ਨੂੰ ਸਨਮਾਨ ਚਿੰਨ੍ਹ ਭੇਂਟ ਕੀਤੇ ਗਏ । ਇਸ ਸਮੇਂ ਸ਼ਾਨਦਾਰ ਚਾਹ ਪਾਰਟੀ ਆਯੋਜਿਤ ਕੀਤੀ ਗਈ ।

## ਮਨੁੱਖ ਦੇ ਅੰਦਰ ਹੀ ਅੱਲ੍ਹਾ ਦਾ ਵਾਸ ਹੈ : ਸਾਈਂ ਕਾਦਰੀ



**ਮੇਹਲੀ 8ਨਵੰਬਰ ( ਗੁਰਨਾਮ)**:—ਆਪਣੇ ਆਪ ਨੂੰ ਜਾਨਣ ਨਾਲ ਹੀ ਅੰਦਰਮਈ ਜੀਵਨ ਦੀ ਪ੍ਰਾਪਤੀ ਹੁੰਦੀ ਹੈ। ਜਿਸ ਦਿਨ ਮਨੁੱਖ ਖੁਦ ਨੂੰ ਜਾਣ ਲੈਂਦਾ ਹੈ, ਉਸ ਦਿਨ ਉਹ ਮਨੁੱਖ ਸੁੱਖ ਦੁੱਖ ਹਾਨੀ, ਲਾਭ ਅਤੇ ਜੀਵਨ ਮਰਨ ਦੇ ਚੱਕਰਾਂ ਤੋਂ ਮੁਕਤ ਹੋ ਜਾਂਦਾ ਹੈ। ਇਹਨਾਂ ਅਨਮੋਲ ਪ੍ਰਵਚਨਾਂ ਦਾ ਪ੍ਰਗਟਾਵਾ ਰੋਜਾ ਸਰੀਫ ਮੰਢਾਲੀ ਦੇ ਗੱਦੀਨਸ਼ੀਨ ਸਾਈ ਉਮਰੇ ਸ਼ਾਹ ਕਾਦਰੀ ਨੇ ਇਕੱਠੀਆਂ ਹੋਈਆਂ ਸੰਗਤਾਂ ਨੂੰ ਉਪਦੇਸ਼ ਦਿੰਦਿਆਂ ਕੀਤਾ। ਸਾਈਂ ਜੀ ਨੇ ਅੱਗੇ ਕਿਹਾ ਕਿ ਮਨੁੱਖ ਦੇ ਅੰਦਰ ਇਹ ਅੱਲਾ ਦਾ ਵਾਸ ਹੈ। ਅੱਲਾ ਤਾਲਾ ਦੀ ਬੰਦਗੀ ਤੋਂ ਬਿਨਾਂ ਮਨੁੱਖ ਦਾ ਪਾਰ ਉਤਾਰਾ ਹੋਣਾ ਅਸੰਭਵ ਹੈ। ਕਿਉਂਕਿ ਅੱਲਾ ਤਾਲਾ ਦੀ ਬੰਦਗੀ ਹੀ ਮਨੁੱਖ ਨੂੰ ਇਸ ਭਵ ਸਾਗਰ ਤੋਂ ਪਾਰ ਲੰਘਾ ਸਕਦੀ ਹੈ। ਇਸ ਮੌਕੇ ਮੁਹੰਮਦ ਆਸਿਕ ਨੀਲਾ, ਪੱਪੀ ਅਨੀਹਰ, ਗੋਰਾ ਚੱਕ ਪ੍ਰੇਮਾ, ਚਰਨਜੀਤ ਸਿੰਘ ਰਾਏ, ਹਨੀ, ਸਨੀ, ਸੋਨੂੰ ਮੰਢਾਲੀ, ਜੀਤਾ ਚੱਕ ਮਾਈ ਦਾਸ, ਸੋਨੂੰ ਜੱਸੋਮਜਾਰਾ ਆਦਿ ਹਾਜਰ ਸਨ।

## ਅੱਜ ਬਿਜਲੀ ਬੰਦ ਰਹੇਗੀ

**ਬਿਲਗਾ (ਵਿਜੇਕੁਮਾਰ)**- ਸਹਾਇਕ ਕਾਰਜਕਾਰੀ ਇੰਜੀਨੀਅਰ ਪੰਜਾਬ ਰਾਜ ਕਾਰਪੋਰੇਸ਼ਨ ਲਿਮਟਿਡ ਉਪ ਮੰਡਲ ਬਿਲਗਾ ਤਰਸੇਮ ਲਾਲ ਸੁੰਮਨ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 66ਕੇ ਵੀ ਬਿਲਗਾ ਸਬ ਸਟੇਸ਼ਨ ਦੇ ਬਿਜਲਈ ਯੰਤਰਾਂ ਦੀ ਸਲਾਨਾ ਮੁਰੰਮਤ ਕਰਨ ਲਈ ਸਬ ਸਟੇਸ਼ਨ ਬਿਲਗਾ ਤੋਂ ਚਲਦੇ ਸਾਰੇ ਫੀਡਰਾਂ ਦੀ ਬਿਜਲੀ ਸਪਲਾਈ ਮਿਤੀ 09-11-2023 ਨੂੰ ਹੇਠ ਲਿਖੇ ਪਿੰਡਾਂ ਜਿਵੇਂ ਕਿ ਬਿਲਗਾ,ਮੁਆਈ, ਔਜਲਾ, ਸੰਗੋਵਾਲ ਬੇਟ, ਸ਼ੇਖੂਪੁਰ, ਥੰਮਣਵਾਲ, ਪ੍ਰਤਾਪਪੁਰਾ, ਮੌ ਸਾਹਿਬ, ਖੋਖੇਵਾਲ, ਕਾਦੀਆਂ,ਬੇਗਮਪੁਰ, ਬੁਰਜ ਕੇਲਾ, ਪੁਆਦੜਾ, ਨਾਗਰਾ,ਫਰਵਾਲਾ, ਸੰਗਤਪੁਰ, ਭੁੱਲਰ, ਕੰਦੋਲਾ ,ਖੇਲਾ,ਲੱਧੜ ਕਲਾਂ,ਸੁੰਨੜ ਤਤਾਰ, ਹਰੀਪੁਰ ਖਾਲਸਾ, ਸੈਦੋਵਾਲ, ਗੁਮਟਾਲਾ, ਗੁੰਮਟਾਲੀ,ਸ਼ਾਮਪੁਰ, ਤੱਗੜ,ਰਾਵਾਂ ਆਦਿ ਪਿੰਡਾਂ ਦੇ ਘਰਾਂ ਅਤੇ ਟਿਊਬਵੈੱਲਾਂ ਦੀ ਬਿਜਲੀ ਸਪਲਾਈ ਸਵੇਰੇ 10:00 ਵਜੇ ਤੋਂ ਸ਼ਾਮ 04:00 ਵਜੇ ਤੱਕ ਬੰਦ ਰਹੇਗੀ।

# ਬੇਟ ਤੇ ਕੰਢੀ ਇਲਾਕਿਆਂ 'ਚ ਪੀਣ ਵਾਲੇ ਪਾਣੀ ਦੀ ਕਿੱਲਤ ਦੂਰ ਕੀਤੀ ਜਾਵੇਗੀ : ਸੀਚੇਵਾਲ



**ਹੁਸ਼ਿਆਰਪੁਰ : (ਓ ਪੀ ਰਾਣਾ)**-ਦਸੂਹਾ ਦੇ ਬੇਟ ਇਲਾਕਿਆਂ ਵਿਚ ਬਾਰਿਸ਼ਾਂ ਦੌਰਾਨ ਪੀਣ ਵਾਲੇ ਪਾਣੀ ਦੀ ਕਿੱਲਤ ਨੂੰ ਦੂਰ ਕਰਨ ਲਈ ਰਾਜ ਸਭਾ ਮੈਂਬਰ ਅਤੇ ਉੱਘੇ ਵਾਤਾਵਰਨ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਵਿਧਾਇਕ ਦਸੂਹਾ ਕਰਮਬੀਰ ਸਿੰਘ ਘੁੰਮਣ ਦੀ ਮੌਜੂਦਗੀ ਵਿਚ ਹਲਕੇ ਦੇ 9 ਪਿੰਡਾਂ ਨੂੰ ਕਰੀਬ 35 ਲੱਖ ਰੁਪਏ ਦੀ ਲਾਗਤ ਵਾਲੇ ਪਾਣੀ ਦੇ ਟੈਂਕਰ ਮੁਹੱਈਆ ਕਰਵਾਏ। ਇਸ ਸਬੰਧੀ ਬੀ. ਡੀ. ਪੀ. ਓ ਦਫ਼ਤਰ ਦਸੂਹਾ ਵਿਖੇ ਕਰਵਾਏ ਗਏ ਇਕ ਪ੍ਰਭਾਵਸ਼ਾਲੀ ਸਮਾਗਮ ਨੂੰ ਸੰਬੋਧਨ ਕਰਦਿਆਂ ਸੰਤ ਸੀਚੇਵਾਲ ਨੇ ਕਿਹਾ ਕਿ ਬੇਟ ਅਤੇ ਕੰਢੀ ਇਲਾਕਿਆਂ ਵਿਚ ਅਕਸਰ ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਕਿੱਲਤ ਦਾ ਸਾਹਮਣਾ ਕਰਨਾ ਪੈਂਦਾ ਹੈ, ਜਿਸ ਨੂੰ ਦੂਰ ਕਰਨ ਲਈ ਕੋਈ ਕਮੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸੇ ਕਰਕੇ ਉਨ੍ਹਾਂ ਵੱਲੋਂ ਆਪਣੇ ਐਮ. ਪੀ ਲੈਡ ਫੰਡ ਵਿਚੋਂ ਸਟੀਲ ਦੀ ਬਾਡੀ ਵਾਲੇ ਵਿਸ਼ੇਸ਼ ਪਾਣੀ ਦੇ ਟੈਂਕਰ ਤਿਆਰ ਕਰਵਾ ਕੇ ਅਜਿਹੇ ਪਿੰਡਾਂ ਨੂੰ ਮੁਹੱਈਆ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਹਲਕੇ ਦੇ ਕੰਢੀ ਇਲਾਕੇ ਦੇ ਪਿੰਡਾਂ ਦੀ ਮੰਗ ਅਨੁਸਾਰ ਆਉਣ ਵਾਲੇ ਦਿਨਾਂ ਵਿਚ ਅਜਿਹੇ 10 ਹੋਰ ਟੈਂਕਰ ਮੁਹੱਈਆ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਇਨ੍ਹਾਂ ਇਲਾਕਿਆਂ ਦੀਆਂ ਹੋਰਨਾਂ ਮੰਗਾਂ 'ਤੇ ਵੀ ਗੰਭੀਰਤਾ ਨਾਲ ਵਿਚਾਰ ਕਰਦਿਆਂ ਲੋੜੀਂਦੇ ਵਿਕਾਸ ਕਾਰਜ ਕਰਵਾਏ ਜਾਣਗੇ। ਸੰਤ ਸੀਚੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਵੱਲੋਂ ਵਾਤਾਵਰਨ ਅਤੇ ਲੋਕ ਹਿਤੈਸ਼ੀ ਕੰਮ ਵੱਡੇ ਪੱਧਰ 'ਤੇ ਉਲੀਕੇ ਗਏ ਹਨ। ਹਲਕਾ ਵਿਧਾਇਕ ਕਰਮਬੀਰ ਸਿੰਘ ਘੁੰਮਣ ਨੇ ਇਸ ਮੌਕੇ ਸੰਤ ਬਲਬੀਰ ਸਿੰਘ ਸੀਚੇਵਾਲ ਦਾ ਦਸੂਹਾ ਦੇ ਲੋਕਾਂ ਦੀ ਬਾਂਹ ਫੜਨ ਲਈ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਉਨ੍ਹਾਂ ਵੱਲੋਂ ਅੱਜ ਹਲਕੇ ਦੇ ਪਿੰਡਾ ਗਾਲੋਵਾਲ, ਝਿੰਗੜ ਕਲਾਂ, ਖੇੜਾ ਕੋਟਲੀ, ਜੰਡੋਰ, ਛੋੜੀਆ, ਕੱਲੇਵਾਲ, ਨਰਾਇਣਗੜ੍ਹ, ਘੋਗਰਾ ਅਤੇ ਸੰਸਾਰਪੁਰ ਨੂੰ ਪੀਣ ਵਾਲੇ ਪਾਣੀ ਦੇ ਵਿਸ਼ੇਸ਼ ਟੈਂਕਰ ਮੁਹੱਈਆ ਕਰਵਾਏ ਗਏ ਹਨ, ਜਿਸ ਨਾਲ ਹਲਕੇ ਦੇ ਇਨ੍ਹਾਂ ਪਿੰਡਾਂ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਸੰਤ ਸੀਚੇਵਾਲ ਵੱਲੋਂ ਬੇਈਂ ਦੀ ਸਫ਼ਾਈ ਕਰਵਾ ਕੇ ਦਸੂਹਾ ਹਲਕੇ ਦੇ ਬੇਟ ਇਲਾਕੇ ਦੇ ਸੇਮ ਦੀ ਮਾਰ ਝੱਲ ਰਹੇ 25 ਪਿੰਡਾਂ ਦੇ ਲੋਕਾਂ ਨੂੰ ਵੱਡੀ ਰਾਹਤ ਪ੍ਰਦਾਨ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਜਲ ਅਤੇ ਵਾਤਾਵਰਨ ਦੀ ਸੰਭਾਲ ਲਈ ਸੰਤ ਸੀਚੇਵਾਲ ਦੀ ਦੇਣ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਇਸ ਮੌਕੇ ਜਗਮੋਹਨ ਸਿੰਘ ਘੁੰਮਣ, ਡੀ. ਐਸ. ਪੀ ਦਸੂਹਾ ਹਰਕ੍ਰਿਸ਼ਨ ਸਿੰਘ, ਤਹਿਸੀਲਦਾਰ ਮਨਬੀਰ ਸਿੰਘ ਢਿੱਲੋਂ, ਬੀ. ਡੀ. ਪੀ. ਓ ਧਨਵੰਤ ਸਿੰਘ ਰੰਧਾਵਾ ਅਤੇ ਇਲਾਕੇ ਦੀਆਂ ਉੱਘੀਆਂ ਸ਼ਖ਼ਸੀਅਤਾਂ ਹਾਜ਼ਰ ਸਨ।

# ਸਰਕਾਰ ਸ਼ਹੀਦਾਂ ਦੇ ਪਰਵਾਰਾਂ ਦੀ ਭਲਾਈ ਲਈ ਯਤਨ ਕਰਦੀ ਰਹੇਗੀ : ਜੌੜਾਮਾਜਰਾ

**ਚੰਡੀਗੜ੍ਹ, (ਕ੍ਰਿਸ਼ਨ ਗਰਗ, ਗੁਰਜੀਤ ਬਿੱਲਾ)** ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਹਰਾਇਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਫੌਜੀ ਜਵਾਨਾਂ, ਸ਼ਹੀਦਾਂ ਦੇ ਪਰਵਾਰਾਂ ਅਤੇ ਸਾਬਕਾ ਸੈਨਿਕਾਂ ਦੀ ਭਲਾਈ ਲਈ ਹਰ ਸੰਭਵ ਯਤਨ ਕਰਦੀ ਰਹੇਗੀ। ਇੱਥੋਂ ਦੇ ਸੈਕਟਰ-3 ਸਥਿਤ ਵਾਰ ਮੈਮੋਰੀਅਲ, ਬੋਗਨਵਿਲੀਆ ਪਾਰਕ ਤੋਂ ਹਥਿਆਰਬੰਦ ਸੈਨਾ ਝੰਡਾ ਦਿਵਸ ਨੂੰ ਸਮਰਪਿਤ ਸਾਈਕਲ ਰੈਲੀ ਨੂੰ ਹਰੀ ਝੰਡੀ ਵਿਖਾ ਕੇ ਰਵਾਨਾ ਕਰਨ ਉਪਰੰਤ ਜੌੜਾਮਾਜਰਾ ਨੇ ਕਿਹਾ ਕਿ ਸਰਕਾਰ ਨੇ ਸੂਬੇ ਦੇ ਸ਼ਹੀਦ ਜਵਾਨਾਂ ਦੇ ਵਾਰਿਸਾਂ ਲਈ ਐਕਸ-ਗ੍ਰੇਸ਼ੀਆ ਰਾਸ਼ੀ 50 ਲੱਖ ਰੁਪਏ ਤੋਂ ਵਧਾ ਕੇ 1 ਕਰੋੜ ਰੁਪਏ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਹਿੱਤਾਂ ਦੀ ਦੇਖਭਾਲ ਅਤੇ ਸਮਾਜ ਵਿੱਚ ਉਨ੍ਹਾਂ ਦਾ ਚੰਗਾ ਜੀਵਨ ਬਤੀਤ ਕਰਨਾ ਯਕੀਨੀ ਬਣਾਉਣ ਦੇ ਉਦੇਸ਼ ਨਾਲ ਸਰਕਾਰ ਨੇ ਸਰੀਰਕ ਤੌਰ ਉਤੇ ਨਕਾਰਾ ਹੋਏ ਸੈਨਿਕਾਂ ਦੀ ਐਕਸ-ਗ੍ਰੇਸ਼ੀਆ ਗ੍ਰਾਂਟ ਵਧਾਉਣ ਦਾ ਵੀ ਫੈਸਲਾ ਲਿਆ ਹੈ। ਇਸ ਫੈਸਲੇ ਮੁਤਾਬਕ ਸਰੀਰਕ ਤੌਰ ਉਤੇ 76 ਫੀਸਦੀ ਤੋਂ 100 ਫੀਸਦੀ ਤੱਕ ਨਕਾਰਾ ਹੋਏ ਸੈਨਿਕਾਂ ਲਈ ਐਕਸ-ਗ੍ਰੇਸ਼ੀਆ ਗ੍ਰਾਂਟ 20 ਲੱਖ ਰੁਪਏ ਤੋਂ ਵਧਾ ਕੇ 40 ਲੱਖ ਰੁਪਏ ਕਰ ਦਿੱਤੀ ਗਈ ਹੈ। ਇਸੇ ਤਰ੍ਹਾਂ 51 ਫੀਸਦੀ ਤੋਂ 75 ਫੀਸਦੀ ਤੱਕ ਨਕਾਰਾ ਹੋਣ ਵਾਲੇ ਸੈਨਿਕਾਂ ਲਈ ਐਕਸ-ਗ੍ਰੇਸ਼ੀਆ ਗ੍ਰਾਂਟ ਦੁੱਗਣੀ ਕਰਕੇ 10 ਲੱਖ ਤੋਂ ਵਧਾ ਕੇ 20 ਲੱਖ ਅਤੇ 25 ਫੀਸਦੀ ਤੋਂ 50 ਫੀਸਦੀ ਤੱਕ ਨਕਾਰਾ ਹੋਣ ਵਾਲੇ ਸੈਨਿਕਾਂ ਲਈ ਐਕਸ-ਗ੍ਰੇਸ਼ੀਆ ਗ੍ਰਾਂਟ 5 ਲੱਖ ਤੋਂ ਵਧਾ ਕੇ 10 ਲੱਖ ਰੁਪਏ ਕਰ ਦਿੱਤੀ ਹੈ। ਜੌੜਾਮਾਜਰਾ ਨੇ ਝੰਡਾ ਦਿਵਸ ਫੰਡ ਵਿੱਚ ਯੋਗਦਾਨ ਪਾਉਣ ਲਈ ਡਿਜੀਟਲ ਵਿਧੀ ਰਾਹੀਂ ਯੋਗਦਾਨ ਪਾਉਣ ਲਈ ਨਵੇਂ ਉਪਰਾਲੇ ਤਹਿਤ ਕਿਊ.ਆਰ ਕੋਡ ਵੀ ਜਾਰੀ ਕੀਤਾ। ਇਸ ਮੌਕੇ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਅਤੇ ਐਨ.ਸੀ.ਸੀ ਦੇ ਤਿੰਨੋਂ ਵਿੰਗਾਂ ਦੇ ਕੈਡਿਟਾਂ ਨੇ ਸ਼ਹੀਦਾਂ ਨੂੰ ਸਲਾਮੀ ਦਿੱਤੀ। ਸਮਾਗਮ ਦੌਰਾਨ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਪ੍ਰਮੁੱਖ ਸਕੱਤਰ ਜੇ.ਐਮ ਬਾਲਾਮੁਰਗਨ, ਡਾਇਰੈਕਟਰ ਬ੍ਰਿਗੇਡੀਅਰ ਡਾ. ਬੀ.ਐਸ ਢਿੱਲੋਂ, ਡਿਪਟੀ ਡਾਇਰੈਕਟਰ ਕਮਾਂਡਰ ਬਲਜਿੰਦਰ ਸਿੰਘ ਵਿਰਕ, ਸਾਬਕਾ ਸੈਨਿਕ, ਐਨ.ਸੀ.ਸੀ. ਕੈਡਿਟ ਅਤੇ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਅਧਿਕਾਰੀ ਤੇ ਸਟਾਫ ਮੈਂਬਰ ਹਾਜ਼ਰ ਸਨ।

# ਰਿਆਤ-ਬਾਹਰਾ ਸਕੂਲ ਵਿੰਗ ਵਿਖੇ ਅੱਖਾਂ ਦਾਨ ਜਾਗਰੂਕਤਾ ਸੈਮੀਨਾਰ ਕਰਵਾਇਆ




**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਰੋਟਰੀ ਆਈ ਬੈਂਕ ਅਤੇ ਕੋਰਨੀਆ ਟਰਾਂਸਪਲਾਂਟੇਸ਼ਨ ਸੁਸਾਇਟੀ ਵੱਲੋਂ ਰਿਆਤ ਬਾਹਰਾ ਇੰਸਟੀਚਿਊਟ ਆਫ ਇੰਜਨੀਅਰਿੰਗ ਐਂਡ ਨੈਨੋ ਟੈਕਨਾਲੋਜੀ ਸਕੂਲ ਵਿੰਗ ਵਿਖੇ ਅੱਖਾਂ ਦਾਨ ਸਬੰਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਜੋ ਕਿ ਉੱਘੇ ਸਮਾਜ ਸੇਵਕ ਸੰਜੀਵ ਅਰੋੜਾ ਦੀ ਅਗਵਾਈ ਹੇਠ ਕੀਤਾ ਗਿਆ। ਇਸ ਮੌਕੇ ਅਰੋੜਾ ਨੇ ਬੱਚਿਆਂ ਨੂੰ ਦੱਸਿਆ ਕਿ ਸਮਾਜ ਦੀ ਮੰਗ ਨੂੰ ਧਿਆਨ ਵਿੱਚ ਰੱਖਦੇ ਹੋਏ ਭਾਰਤ ਸਰਕਾਰ ਨੇ ਹੁਣ ਡਰਾਈਵਿੰਗ ਲਾਇਸੰਸ ਵਿੱਚ ਅੱਖਾਂ ਦਾਨ ਲਈ ਸਹਿਮਤੀ ਲਈ ਇੱਕ ਕਾਲਮ ਜੋੜਿਆ ਹੈ ਤਾਂ ਜੋ ਨੌਜਵਾਨ ਅਤੇ ਆਮ ਲੋਕ ਅੱਖਾਂ ਦਾਨ ਕਰਨ ਬਾਰੇ ਜਾਗਰੂਕ ਹੋ ਸਕਣ। ਉਨ੍ਹਾਂ ਨੌਜਵਾਨਾਂ ਨੂੰ ਕਿਹਾ ਕਿ ਜਿਸ ਮੁਹਿੰਮ ਨਾਲ ਨੌਜਵਾਨ ਜੁੜਦੇ ਹਨ, ਉਸ ਨੂੰ ਕਾਮਯਾਬ ਹੋਣ ਤੋਂ ਕੋਈ ਨਹੀਂ ਰੋਕ ਸਕਦਾ। ਉਨ੍ਹਾਂ ਬੱਚਿਆਂ ਦੇ ਉਜਵਲ ਭਵਿੱਖ ਦੀ ਕਾਮਨਾ ਕਰਦਿਆਂ ਉਨ੍ਹਾਂ ਨੂੰ ਅੱਖਾਂ ਦਾਨ ਕਰਨ ਸਬੰਧੀ ਆਪਣੇ ਦੋਸਤਾਂ ਅਤੇ ਜਾਣ-ਪਛਾਣ ਵਾਲਿਆਂ ਨੂੰ ਜਾਗਰੂਕ ਕਰਨ ਲਈ ਪ੍ਰੇਰਿਆ ਤਾਂ ਜੋ ਮੌਤ ਤੋਂ ਬਾਅਦ ਦੋ ਵਿਅਕਤੀਆਂ ਨੂੰ ਰੌਸ਼ਨੀ ਮਿਲ ਸਕੇ ਅਤੇ ਇਹ ਸਭ ਸਾਡੇ ਸਾਰਿਆਂ ਦੇ ਸਾਂਝੇ ਸਹਿਯੋਗ ਨਾਲ ਹੀ ਪੂਰਾ ਹੋ ਸਕਦਾ ਹੈ। ਇਸ ਮੌਕੇ ਪ੍ਰਿੰ. ਡੀ.ਕੇ.ਸ਼ਰਮਾ ਅਤੇ ਵੀਨਾ ਚੋਪੜਾ ਨੇ ਬੱਚਿਆਂ ਨੂੰ ਅੱਖਾਂ ਦਾਨ ਕਰਨ ਬਾਰੇ ਜਾਣਕਾਰੀ ਦਿੱਤੀ ਅਤੇ ਅੱਖਾਂ ਦਾਨ ਕਰਨ ਦੀ ਵਿਧੀ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਮੌਤ ਤੋਂ ਬਾਅਦ ਅੱਖਾਂ 6 ਤੋਂ 8 ਘੰਟੇ ਤੱਕ ਜਿੰਦਾ ਰਹਿੰਦੀਆਂ ਹਨ ਅਤੇ ਜੇਕਰ ਇਸ ਸਮੇਂ ਦੌਰਾਨ ਅੱਖਾਂ ਦਾਨ ਕੀਤੀਆਂ ਜਾਣ ਤਾਂ ਇਸ ਨਾਲ ਦੋ ਵਿਅਕਤੀਆਂ ਦੀ ਜ਼ਿੰਦਗੀ ਰੌਸ਼ਨ ਹੋ ਸਕਦੀ ਹੈ ਅਤੇ ਅੱਖਾਂ ਦਾਨ ਕਰਨ ਦੀ ਪ੍ਰਕਿਰਿਆ ਵਿਚ ਸਿਰਫ 10-15 ਮਿੰਟ ਲੱਗਦੇ ਹਨ ਅਤੇ ਇਸ ਨਾਲ ਕੋਈ ਨੁਕਸਾਨ ਨਹੀਂ ਹੁੰਦਾ। ਉਨ੍ਹਾਂ ਦੱਸਿਆ ਕਿ ਸੁਸਾਇਟੀ ਵੱਲੋਂ ਹੁਣ ਤੱਕ ਬੱਚਿਆਂ ਸਮੇਤ 4 ਹਜਾਰ ਤੋਂ ਵੱਧ ਲੋਕਾਂ ਨੂੰ ਰੋਸ਼ਨੀ ਮੁਹੱਈਆ ਕਰਵਾਈ ਜਾ ਚੁੱਕੀ ਹੈ। ਉਨ੍ਹਾਂ ਬੱਚਿਆਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਦੇ ਦਿਮਾਗ ਵਿੱਚ ਕੋਈ ਵੀ ਅੰਨ੍ਹੇਪਣ ਤੋਂ ਪੀੜਤ ਹੈ ਤਾਂ ਉਹ ਕਾਲਜ ਪ੍ਰਬੰਧਕਾਂ ਰਾਹੀਂ ਸੁਸਾਇਟੀ ਨੂੰ ਸੂਚਿਤ ਕਰਨ ਤਾਂ ਜੋ ਅੱਖਾਂ ਉਪਲਬਧ ਹੋਣ 'ਤੇ ਉਸ ਨੂੰ ਅੱਖਾਂ ਮੁਹੱਈਆ ਕਰਵਾਈਆਂ ਜਾ ਸਕਣ। ਇਸ ਮੌਕੇ ਸੁਸਾਇਟੀ ਵੱਲੋਂ ਉਨ੍ਹਾਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਦਨ ਲਾਲ ਮਹਾਜਨ, ਮਿਸ ਸ਼ਿਵਾਨੀ, ਬਲਵਿੰਦਰ ਕੌਰ, ਰਾਜਵਿੰਦਰ ਕੌਰ ਅਤੇ ਚੰਦਾ ਸ਼ਰਮਾ ਆਦਿ ਹਾਜ਼ਰ ਸਨ।

## 17ਵਾਂ ਆਲ ਇੰਡੀਆ ਬਲਵੰਤ ਸਿੰਘ ਕਪੂਰ ਹਾਕੀ ਟੂਰਨਾਮੈਂਟ 19 ਤੋਂ

**ਜਲੰਧਰ ( ਸ਼ੈਲੀ ਐਲਬਰਟ )**- 17ਵਾਂ ਆਲ ਇੰਡੀਆ ਬਲਵੰਤ ਸਿੰਘ ਕਪੂਰ ਹਾਕੀ ਟੂਰਨਾਮੈਂਟ 19 ਨਵੰਬਰ ਤੋਂ 26 ਨਵੰਬਰ ਤੱਕ ਜਲੰਧਰ ਦੇ ਉਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿਖੇ ਕਰਵਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਭਜਨ ਸਿੰਘ ਕਪੂਰ ਅਤੇ ਜਨਰਲ ਸਕੱਤਰ ਗੁਨਦੀਪ ਸਿੰਘ ਕਪੂਰ ਨੇ ਦੱਸਿਆ ਕਿ ਇਹ ਟੂਰਨਾਮੈਂਟ ਅੰਡਰ 19 ਲੜਕਿਆਂ ਦੇ ਵਰਗ ਵਿੱਚ ਕਰਵਾਇਆ ਜਾਵੇਗਾ ਜਿਸ ਵਿੱਚ ਦੇਸ਼ ਭਰ ਦੀਆਂ ਨਾਮੀ ਟੀਮਾਂ ਭਾਗ ਲੈ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਇਹ ਟੂਰਨਾਮੈਂਟ ਸਵਰਗੀ ਬਲਵੰਤ ਸਿੰਘ ਕਪੂਰ ਦੀ ਯਾਦ ਵਿੱਚ ਸਵਰਗੀ ਮਾਤਾ ਪ੍ਰਕਾਸ਼ ਕੌਰ ਕੱਪ ਲਈ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲਾਂ ਦੀ ਤਰ੍ਹਾਂ ਇਸ ਵਾਰ ਵੀ ਬੇਹਤਰੀਨ ਪ੍ਰਬੰਧ ਕੀਤੇ ਜਾ ਰਹੇ ਹਨ।

## ਉਸਾਰੀ ਕਿਰਤੀ ਕਾਮਾ ਯੂਨੀਅਨ ਨੇ ਮੰਗਾਂ 'ਤੇ ਕੀਤੀ ਚਰਚਾ



**ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**-ਬਲਡਿੰਗ ਉਸਾਰੀ ਨਾਲ ਸਬੰਧਤ ਮਿਸਤਰੀਆਂ ਤੇ ਮਜਦੂਰਾਂ ਦੀ ਜਥੇਬੰਦੀ ਸ੍ਰੀ ਵਿਸ਼ਵਕਰਮਾ ਬਿਲਡਿੰਗ ਉਸਾਰੀ ਕਿਰਤੀ ਕਾਮਾ ਯੂਨੀਅਨ ਦੇ ਮੈਂਬਰਾਂ ਦੀ ਮੀਟਿੰਗ ਬਲਾਕ ਪ੍ਰਧਾਨ ਪ੍ਰਧਾਨ ਬਲਵਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਸ੍ਰੀ ਵਿਸ਼ਵਕਰਮਾ ਭਵਨ ਵਿੱਖੇ ਹੋਈ । ਯੂਨੀਅਨ ਦੇ ਜਰਨਲ ਸਕੱਤਰ ਮਿਸਤਰੀ ਮਨਮੋਹਨ ਸਿੰਘ ਕਾਲਾ ਨੇ ਦੱਸਿਆ ਕਿ ਉਸਾਰੀ ਨਾਲ ਸਬੰਧਤ ਮਿਸਤਰੀਆਂ ਤੇ ਮਜਦੂਰਾਂ ਦੀਆਂ ਮੰਗਾਂ ਜਿਵੇਂ ਨਵੀਂ ਰਜਿਸਟ੍ਰੇਸ਼ਨ, ਲਾਭਪਾਤਰੀ ਕਾਪੀਆਂ ਨੂੰ ਨਿਊ ਕਰਨਾ, ਮਜਦੂਰਾਂ ਦੇ ਕੰਮਾਂ ਸਬੰਧੀ ਸਮਾਂ ਸੀਮਾ ਤਹਿ ਕਰਕੇ ਲੇਬਰ ਵਿਭਾਗ ਦੀ ਜਵਾਬਦੇਹੀ, ਬੱਚਿਆਂ ਦੇ ਤਿੰਨ ਸਾਲਾਂ ਤੋਂ ਬਕਾਏ ਵਜੀਫੇ, ਮੈਡੀਕਲ ਕਲੇਮ, ਪੈਨਸ਼ਨ ਕੇਸ ਅਤੇ ਲੇਬਰ ਦਫਤਰ ਰੂਪਨਗਰ ਵਿੱਚ ਚੱਲ ਰਹੇ ਭ੍ਰਿਸ਼ਟਾਚਾਰ ਨੂੰ ਨੱਥ ਪਾਉਣ , ਪੰਜਾਬ ਸਰਕਾਰ ਵੱਲੋਂ ਕਾਰਪੋਰੇਟ ਪੱਖੀ ਅੱਠ ਘੰਟੇ ਦੀ ਦਿਹਾੜੀ ਨੂੰ ਬਾਰਾਂ ਘੰਟੇ ਕਰਨ ਦੇ ਨੋਟੀਫਿਕੇਸ਼ਨ ਨੂੰ ਵਾਪਸ ਲੈਣ ਆਦਿ ਮੰਗਾਂ 'ਤੇ ਚਰਚਾ ਕੀਤੀ ਗਈ । ਉਨ੍ਹਾਂ ਦੱਸਿਆ ਕਿ ਮੀਟਿੰਗ ਵਿੱਚ ਫੈਸਲਾ ਕੀਤਾ ਕਿ ਚਮਕੌਰ ਸਾਹਿਬ ਵਿਖੇ ਵਿਸ਼ਵਕਰਮਾ ਮੰਦਰ ਵਿੱਖੇ ਭਗਵਾਨ ਸ੍ਰੀ ਵਿਸ਼ਵਕਰਮਾ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਕੀਤੇ ਜਾ ਰਹੇ ਸਮਾਗਮਾਂ ਵਿੱਚ ਸਮੁੱਚੇ ਮਿਸਤਰੀ ਤੇ ਮਜ਼ਦੂਰ ਸ਼ਮੂਲੀਅਤ ਕਰਨਗੇ । ਇਸ ਤੋਂ ਇਲਾਵਾ ਮੀਟਿੰਗ ਦੌਰਾਨ ਮਤਾ ਪਾਸ ਕਰਕੇ ਨਗਰ ਕੌਂਸਲ ਤੋਂ ਮੰਗ ਕੀਤੀ ਕਿ ਅਧੂਰੇ ਪਏ ਲੇਬਰ ਚੌਕ ਨੂੰ ਮੁਕੰਮਲ ਕਰਵਾਇਆ ਜਾਵੇ ਤਾਂ ਜੋ ਕਿ ਮਿਸਤਰੀ ਤੇ ਮਜ਼ਦੂਰ ਉੱਥੇ ਬੈਠ ਸਕਣ । ਇਸ ਮੌਕੇ ਚੈਅਰਮੈਨ ਦਲਵੀਰ ਸਿੰਘ ਜਟਾਣਾ, ਸੀਨੀਅਰ ਮੀਤ ਪ੍ਰਧਾਨ ਜਰਨੈਲ ਸਿੰਘ ਜੈਲਾ, ਮੀਤ ਪ੍ਰਧਾਨ ਲਖਵੀਰ ਸਿੰਘ, ਅਜੈਬ ਸਿੰਘ, ਗੁਲਾਬ ਚੰਦ , ਰਮੇਸ਼ ਕੁਮਾਰ,ਮਲਾਗਰ ਸਿੰਘ ,ਦਵਿੰਦਰ ਸਿੰਘ ਰਹਿਲ , ਸੁਰਿੰਦਰ ਸਿੰਘ, ਬਹਾਦਰ ਸਿੰਘ, ਜੀਵਨ ਸਿੰਘ,ਕਮਲਜੀਤ ਸਿੰਘ ਅਤੇ ਗੁਰਮੇਲ ਸਿੰਘ ਆਦਿ ਹਾਜ਼ਰ ਸਨ।

## ਜ਼ਿਲ੍ਹੇ 'ਚ ਪਟਾਕਿਆਂ ਦੀ ਵਿਕਰੀ ਲਈ ਡਰਾਅ ਰਾਹੀਂ 8 ਆਰਜ਼ੀ ਲਾਇਸੰਸ ਜਾਰੀ

**ਨਵਾਂਸ਼ਹਿਰ,(ਮਨੋਜ ਲਾਡੀ)**-ਮਾਣਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਆਦੇਸ਼ਾਂ ਮੁਤਾਬਿਕ ਜ਼ਿਲ੍ਹੇ ਵਿਚ ਦੀਵਾਲੀ ਮੌਕੇ ਪਟਾਕੇ ਵੇਚਣ ਦੇ 08 ਆਰਜ਼ੀ ਲਾਇਸੰਸ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਦੀ ਅਗਵਾਈ ਵਿਚ ਨਵਾਂਸ਼ਹਿਰ ਵਿਖੇ ਬਿਨੇਕਾਰਾਂ ਦੀ ਹਾਜ਼ਰੀ ਵਿਚ ਪਾਰਦਰਸ਼ੀ ਢੰਗ ਨਾਲ ਡਰਾਅ ਰਾਹੀਂ ਅਲਾਟ ਕੀਤੇ ਗਏ। ਸਬ-ਡਵੀਜ਼ਨ ਵਾਈਜ਼ ਕੱਢੇ ਗਏ ਇਸ ਡਰਾਅ ਵਿਚ ਨਵਾਂਸ਼ਹਿਰ ਸਬ-ਡਵੀਜ਼ਨ ਲਈ 4 ਅਤੇ ਬੰਗਾ ਤੇ ਬਲਾਚੌਰ ਲਈ 2-2 ਆਰਜ਼ੀ ਲਾਇਸੰਸ ਅਲਾਟ ਕੀਤੇ ਗਏ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਟਾਕੇ ਵੇਚਣ ਦੇ ਆਰਜ਼ੀ ਲਾਇਸੰਸ ਲੈਣ ਲਈ ਕੁੱਲ 80 ਅਰਜ਼ੀਆਂ ਪ੍ਰਾਪਤ ਹੋਈਆਂ ਸਨ, ਜਿਨਾਂ ਵਿਚ ਨਵਾਂਸ਼ਹਿਰ ਤੋਂ 58 ਬੰਗਾ ਤੋਂ 14 ਅਤੇ ਬਲਾਚੌਰ ਤੋਂ 08 ਅਰਜ਼ੀਆਂ ਸ਼ਾਮਿਲ ਸਨ।

ਨਵਾਂਸ਼ਹਿਰ ਸਬ-ਡਵੀਜ਼ਨ ਲਈ ਆਈਆਂ ਕੁੱਲ 58 ਅਰਜ਼ੀਆਂ ਵਿਚੋਂ ਨਵਾਂਸ਼ਹਿਰ (ਸ਼ਹਿਰੀ ਇਲਾਕਾ) ਦੋਆਬਾ ਆਰੀਆ ਸਕੂਲ, ਰਾਹੋਂ ਰੋਡ, ਨਵਾਂਸ਼ਹਿਰ ਦੀ ਗਰਾਊਂਡ ਲਈ 2 ਆਰਜ਼ੀ ਲਾਇਸੰਸ ਡਰਾਅ ਰਾਹੀਂ ਅਲਾਟ ਕੀਤੇ ਗਏ, ਜਿਨਾਂ ਵਿਚ ਪ੍ਰੀਆ ਪੁੱਤਰੀ ਅਮਰਜੀਤ ਵਾਸੀ ਗੋਰਖਪੁਰ ਅਤੇ ਚਰਨਜੀਤ ਸਿੰਘ ਪੁੱਤਰ ਸਵਰਨ ਦਾਸ ਵਾਸੀ ਮੁਹੱਲਾ ਲੜੋਈਆਂ, ਨਵਾਸ਼ਹਿਰ ਸ਼ਾਮਿਲ ਸਨ। ਇਸੇ ਤਰਾਂ ਨਵਾਂਸ਼ਹਿਰ (ਦਿਹਾਤੀ ਇਲਾਕਾ) ਲਈ ਦੁਸਹਿਰਾ ਗਰਾਊਂਡ ਔੜ ਲਈ ਚਿਰਾਗ ਸੇਤੀਆ ਪੁੱਤਰ ਰਕੇਸ਼ ਕੁਮਾਰ ਵਾਸੀ ਪਿੰਡ ਲੰਗੜੋਆ ਅਤੇ ਦੁਸਹਿਰਾ ਗਰਾਊਂਡ ਰਾਹੋਂ ਲਈ ਪ੍ਰਿਆਂਸ਼ੂ ਪੁੱਤਰ ਜਗਦੀਪ ਸਿੰਘ ਵਾਸੀ ਪਿੰਡ ਮਹਾਲੋਂ ਦਾ ਡਰਾਅ ਨਿਕਲਿਆ।

ਸਬ-ਡਵੀਜ਼ਨ ਬੰਗਾ ਲਈ ਪ੍ਰਾਪਤ 14 ਅਰਜ਼ੀਆਂ ਵਿਚੋਂ ਬੰਗਾ (ਸ਼ਹਿਰੀ ਇਲਾਕਾ) ਦੁਸਹਿਰਾ ਗਰਾਊਂਡ ਬੰਗਾ ਲਈ ਪਰਵੇਸ਼ ਠਾਕੁਰ ਪੁੱਤਰ ਭੁਪਿੰਦਰ ਸਿੰਘ ਵਾਸੀ ਬਾਗ ਮਿਸ਼ਰਾ ਵਾਰਡ ਨੰਬਰ 13, ਬੰਗਾ ਤੇ ਬੰਗਾ (ਦਿਹਾਤੀ ਇਲਾਕਾ) ਸੀਨੀਅਰ ਸੈਕੰਡਰੀ ਸਕੂਲ ਮੁਕੰਦਪੁਰ ਦੀ ਗਰਾਊਂਡ ਲਈ ਦਵਿੰਦਰ ਕੁਮਾਰ ਪੁੱਤਰ ਸ਼ਾਦੀ ਲਾਲ ਪਿੰਡ ਮੁਕੰਦਪੁਰ ਨੂੰ ਡਰਾਅ ਰਾਹੀਂ ਆਰਜ਼ੀ ਲਾਇਸੰਸ ਅਲਾਟ ਕੀਤੇ ਗਏ।

ਇਸੇ ਤਰਾਂ ਸਬ-ਡਵੀਜ਼ਨ ਬਲਾਚੌਰ ਲਈ ਪ੍ਰਾਪਤ 8 ਅਰਜ਼ੀਆਂ ਵਿਚੋਂ ਬਲਾਚੌਰ (ਸ਼ਹਿਰੀ ਇਲਾਕਾ) ਦੁਸਹਿਰਾ ਗਰਾਊਂਡ ਬਲਾਕ ਬਲਾਚੌਰ ਰਮੇਸ਼ ਪੁੱਤਰ ਰਾਮਲੋਕ, ਵਾਸੀ ਪਿੰਡ ਦਿਆਲ ਅਤੇ ਬਲਾਚੌਰ (ਦਿਹਾਤੀ ਇਲਾਕਾ) ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੜੋਆ ਬਲਾਕ ਸੜੋਆ ਲਈ ਕੇਵਲ ਕ੍ਰਿਸ਼ਨ ਪੁੱਤਰ ਚਾਨਾ ਰਾਮ ਪਿੰਡ ਟੌਂਸਾ, ਨੂੰ ਆਰਜ਼ੀ ਲਾਇਸੰਸ ਅਲਾਟ ਹੋਏ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ, ਐਸ. ਡੀ. ਐਮ ਨਵਾਂਸ਼ਹਿਰ ਡਾ. ਸ਼ਿਵਰਾਜ ਸਿੰਘ ਬੱਲ, ਐਸ.ਡੀ.ਐਮ. ਬੰਗਾ ਜਸ਼ਨਜੀਤ ਸਿੰਘ, ਐਸ.ਡੀ.ਐਮ. ਬਲਾਚੌਰ ਬਿਕਰਮਜੀਤ ਸਿੰਘ,ਸਹਾਇਕ ਕਮਿਸ਼ਨਰ (ਜ) ਡਾ. ਗੁਰਲੀਨ ਕੌਰ, ਈ.ਟੀ.ਓ ਰਾਜ ਕੁਮਾਰ, ਸਿਵਲ ਸਰਜਨ ਡਾ. ਜਸਪ੍ਰੀਤ ਕੌਰ ਤੋਂ ਇਲਾਵਾ ਹੋਰ ਅਧਿਕਾਰੀ ਵੀ ਮੌਜੂਦ ਸਨ।

## ਜਵਾਹਰ ਨਵੋਦਿਆ ਵਿਦਿਆਲਿਆ ਪਲਾਹੀ ਵਿਖੇ ਮਨਾਇਆ ਪੰਜਾਬ ਨੋ ਤੰਬਾਕੂ ਦਿਵਸ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਡਾਇਰੈਕਟਰ ਸਿਹਤ ਤੇ ਪਰਵਾਰ ਭਲਾਈ ਵਿਭਾਗ ਪੰਜਾਬ, ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕੋਮਲ ਮਿੱਤਲ ਆਈ.ਏ. ਐੱਸ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਹਰਬੰਸ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਨਸ਼ਾ ਮੁਕਤੀ ਮੁੜ ਵਸੇਵਾ ਕੇਂਦਰ ਹੁਸ਼ਿਆਰਪੁਰ ਵਲੋਂ ਜਵਾਹਰ ਨਵੋਦਿਆ ਵਿਦਿਆਲਿਆ ਪਲਾਹੀ ਵਿਖੇ ਪੰਜਾਬ ਨੋ ਤੰਬਾਕੂ ਦਿਵਸ ਪ੍ਰਿੰਸੀਪਲ ਰੇਣੂ ਦੁੱਗਲ ਦੀ ਪ੍ਰਧਾਨਗੀ ਹੇਠ ਮਨਾਇਆ ਗਿਆ। ਰਿਸੋਰਸ ਪਰਸਨ ਵਜੋਂ ਪ੍ਰਸ਼ਾਂਤ ਆਦਿਆ ਕਾਂਉਸਲਰ, ਸੰਦੀਪ ਕੁਮਾਰੀ ਕਾਂਉਸਲਰ ਸਨ। ਉਨ੍ਹਾਂ ਤੰਬਾਕੂ ਦੇ ਮਾੜੇ ਪ੍ਰਭਾਵਾਂ, ਇਸ ਨਾਲ ਹੋਣ ਵਾਲੀਆਂ ਬਿਮਾਰੀਆਂ, ਕੈਂਸਰਾਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਤੰਬਾਕੂ ਨੂੰ ਨੂੰਦੀਂ ਗੇਟ ਆਫ਼ ਅਦਰ ਡਰੱਗਸ' ਕਿਹਾ ਗਿਆ ਹੈ। ਨਸ਼ਾਖੋਰੀ ਇੱਕ ਮਾਨਸਿਕ ਬਿਮਾਰੀ ਹੈ ਜਿਸ ਦਾ ਇਲਾਜ਼ ਸਿਹਤ ਤੇ ਪਰਵਾਰ ਭਲਾਈ ਵਿਭਾਗ ਪੰਜਾਬ ਵੱਲੋ ਸਮੂਹ ਸਿਹਤ ਕੇਂਦਰਾਂ ਵਿੱਚ ਮੁਫ਼ਤ ਕੀਤਾ ਜਾਂਦਾ ਹੈ। ਜ਼ਿਲ੍ਹਾ ਹੁਸ਼ਿਆਰਪੁਰ ਚ 02 ਨਸ਼ਾ ਮੁਕਤੀ ਕੇਂਦਰ ਸਿਵਲ ਹਸਪਤਾਲ ਦਸੂਹਾ, ਅਤੇ ਸਿਵਲ ਹਸਪਤਾਲ ਹੁਸ਼ਿਆਰਪੁਰ ਵਿਖੇ ਹਨ ਜਿਥੇ ਮਰੀਜ਼ ਨੂੰ 15-21 ਦਿਨ ਤਕ ਡੀਟਾਕਸ ਕੀਤਾ ਜਾਂਦਾ ਹੈ, ਇਸ ਤੋਂ ਬਾਅਦ ਮਰੀਜ਼ ਨੂੰ ਸਰਕਾਰੀ ਪੁਨਰਵਾਸ ਕੇਂਦਰ ਮੁਹੱਲਾ ਫਤਿਹਗੜ੍ਹ ਹੁਸ਼ਿਆਰਪੁਰ ਵਿਖੇ 90 ਦਿਨਾਂ ਲਈ ਇਲਾਜ਼ ਅਧੀਨ ਰੱਖਿਆ ਜਾਂਦਾ ਹੈਂ ਜਿਥੇ ਮਰੀਜ਼ ਦੇ ਇਲਾਜ਼, ਕਾਉਸਲਿੰਗ ਦੇ ਨਾਲ ਨਾਲ ਰੈੱਡ ਕਰਾਸ ਹੁਸ਼ਿਆਰਪੁਰ ਦੇ ਸਹਿਯੋਗ ਨਾਲ ਕਿੱਤਾਮੁੱਖੀ ਸਕਿੱਲ ਵੋਕੇਸ਼ਨਲ ਕੋਰਸ ਦੇ ਵਿੱਚ ਸਲੂਨ ਬਾਰਬਰ, ਫ਼ੂਡ ਕਰਾਫਟ ਐਫ.ਸੀ. ਆਈ. ਵਲੋਂ, ਇਲੈਕਟ੍ਰੀਸ਼ਨ, ਪਲੰਬਰ ਦੇ ਕੋਰਸ ਕਰਵਾਏ ਜਾਂਦੇ ਹਨ। ਇਸ ਤੋਂ ਇਲਾਵਾ ਮਰੀਜ਼ਾਂ ਨੂੰ ਮਿਸ਼ਨ ਰੈੱਡ ਸਕਾਈ ਅਧੀਨ ਰੋਜ਼ਗਾਰ ਵੀ ਮੁਹੱਈਆ ਕਰਵਾਇਆ ਜਾਂਦਾ ਹੈ ।

# ਮਿਡ ਡੇ ਮੀਲ ਵਰਕਰਜ਼ ਯੂਨੀਅਨ ਨੇ ਵਧੀਕ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਸੌਂਪਿਆ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**—ਸੂਬੇ ਦੇ ਸਕੂਲਾਂ ਅੰਦਰ ਵਿੱਦਿਆ ਪ੍ਰਾਪਤ ਕਰ ਰਹੇ ਵਿਦਿਆਰਥੀਆਂ ਨੂੰ ਪੌਸ਼ਟਿਕ ਆਹਾਰ ਦੇਣ ਲਈ ਚਲਾਈ ਗਈ ਸਰਕਾਰ ਦੀ ਸਕੀਮ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਵਿੱਚ ਪੂਰਾ ਸਹਿਯੋਗ ਦੇਣ ਵਾਲੀਆਂ ਮਿਡ ਡੇ ਮੀਲ ਵਰਕਰਾਂ ਦੀਆਂ ਮੰਗਾਂ ਹੱਲ ਕਰਵਾਉਣ ਲਈ ਮਿਡ ਡੇ ਮੀਲ ਵਰਕਰਜ਼ ਯੂਨੀਅਨ ਪੰਜਾਬ ਵਲੋਂ ਕੀਤੇ ਜਾ ਰਹੇ ਸੰਘਰਸ਼ ਨੂੰ ਅੱਗੇ ਤੋਰਦਿਆਂ ਸਮੂਹ ਡਿਪਟੀ ਕਮਿਸ਼ਨਰਾਂ ਰਾਹੀਂ ਸਿੱਖਿਆ ਮੰਤਰੀ ਨੂੰ ਮੰਗ ਪੱਤਰ ਭੇਜਣ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ। ਉਲੀਕੇ ਗਏ ਸੰਘਰਸ਼ ਦੇ ਇਸ ਪਹਿਲੇ ਪੜਾਅ ਤਹਿਤ ਜ਼ਿਲ੍ਹਾ ਹੁਸ਼ਿਆਰਪੁਰ ਦੀ ਇਕਾਈ ਵਲੋਂ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਕੌਰ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਦਫਤਰ ਹੁਸ਼ਿਆਰਪੁਰ ਵਿਖੇ ਮੰਗ ਪੱਤਰ ਸੌਂਪਿਆ ਗਿਆ। ਵਧੀਕ ਡਿਪਟੀ ਕਮਿਸ਼ਨਰ (ਜਨਰਲ) ਰਾਹੁਲ ਚਾਬਾ ਨੂੰ ਸੌਂਪੇ ਗਏ ਮੰਗ ਪੱਤਰ ਰਾਹੀਂ ਮੰਗ ਕੀਤੀ ਗਈ ਹੈ ਕਿ ਮਿਡ ਡੇ ਮੀਲ ਵਰਕਰਾਂ ਨੂੰ ਪੂਰੇ ਸਕੇਲਾਂ ਵਿੱਚ ਰੈਗੂਲਰ ਕੀਤਾ ਜਾਵੇ, ਜਦੋਂ ਤੱਕ ਇਹਨਾਂ ਨੂੰ ਰੈਗੂਲਰ ਨਹੀਂ ਕੀਤਾ ਜਾਂਦਾ ਉਦੋਂ ਤੱਕ ਇਹਨਾਂ ਵਰਕਰਾਂ ਨੂੰ ਸਕਿਲਡ ਵਰਕਰ ਮੰਨਦੇ ਹੋਏ ਘੱਟੋ-ਘੱਟ ਉਜਰਤ ਦੇ ਘੇਰੇ ਅੰਦਰ ਲਿਆ ਕੇ 18,000/- ਰੁਪਏ ਮਾਸਿਕ ਮਾਣ ਭੱਤੇ ਦੇ ਰੂਪ ਵਿੱਚ ਦਿੱਤਾ ਜਾਵੇ, ਮਿਡ ਡੇ ਮੀਲ ਵਰਕਰਾਂ ਨੂੰ ਪਹਿਚਾਣ ਪੱਤਰ ਅਤੇ ਗਰਮ ਅਤੇ ਸਰਦ ਰੁੱਤ ਦੀਆਂ ਵਰਦੀਆਂ ਸਮੇਂ ਸਿਰ ਦਿੱਤੀਆਂ ਜਾਣ, ਪੰਜਾਬ ਸਰਕਾਰ ਦੀਆਂ ਬਾਕੀ ਮਹਿਲਾ ਮੁਲਾਜ਼ਮਾਂ ਵਾਂਗ ਇਹਨਾਂ ਵਰਕਰਾਂ ਨੂੰ ਵੀ ਅਚਨਚੇਤ, ਮੈਡੀਕਲ, ਪ੍ਰਸੂਤਾ ਅਤੇ ਕਮਾਈ ਛੁੱਟੀ ਤਨਖਾਹ ਸਮੇਤ ਦਿੱਤੀ ਜਾਵੇ, ਪ੍ਰੀ ਨਰਸਰੀ ਵਾਲੇ ਬੱਚਿਆਂ ਦੀ ਗਿਣਤੀ ਪ੍ਰਾਇਮਰੀ ਸਕੂਲਾਂ ਵਿੱਚ ਕੀਤੀ ਜਾਵੇ। ਹਰੇਕ ਸਕੂਲ ਵਿੱਚ ਘੱਟੋ-ਘੱਟ ਦੋ ਵਰਕਰਾਂ ਰੱਖੀਆਂ ਜਾਣ ਅਤੇ ਹਰੇਕ 25 ਬੱਚਿਆਂ ਮਗਰ ਇੱਕ ਵਰਕਰ ਰੱਖੀ ਜਾਵੇ, ਜਿਹਨਾਂ ਸਕੂਲਾਂ ਵਿੱਚ ਬੱਚੇ ਵੱਧ ਹਨ ਉੱਥੇ ਹੋਰ ਵਰਕਰ ਰੱਖੇ ਜਾਣ, ਹਟਾਈਆਂ ਹੋਈਆਂ ਵਰਕਰਾਂ ਨੂੰ ਉਹਨਾਂ ਸਕੂਲਾਂ ਵਿੱਚ ਅਡਜਸਟ ਕੀਤਾ ਜਾਵੇ, ਮਿਡ ਡੇ ਮੀਲ ਵਰਕਰਾਂ ਦੀਆਂ ਸੇਵਾ-ਪੱਤਰੀਆਂ ਲਗਾ ਕੇ ਉਹਨਾਂ ਦਾ ਸੀ.ਪੀ.ਐਫ. ਕੱਟਣਾ ਸ਼ੁਰੂ ਕੀਤਾ ਜਾਵੇ, ਬੱਚਿਆਂ ਵਲੋਂ ਮਿਡ ਡੇ ਮੀਲ ਖਾਣੇ ਲਈ ਵਰਤੇ ਭਾਂਡਿਆਂ ਦੀ ਸਾਫ-ਸਫਾਈ ਲਈ ਹੈਲਪਰ ਰੱਖੀ ਜਾਵੇ ਅਤੇ ਮਿਡ ਡੇ ਮੀਲ ਵਰਕਰਾਂ ਨੂੰ ਬਦਨਾਮ ਕਰਨ ਲਈ ਜਾਰੀ ਕੀਤੇ ਪੱਤਰ ਵਾਪਸ ਲਏ ਜਾਣ, ਹਰੇਕ ਮਿਡ ਡੇ ਮੀਲ ਵਰਕਰ ਦਾ 5 ਲੱਖ ਦਾ ਮੁਫਤ ਬੀਮਾ ਕੀਤਾ ਜਾਵੇ, ਮਿਡ ਡੇ ਮੀਲ ਵਰਕਰਾਂ ਨਾਲ ਕੋਈ ਵੀ ਹਾਦਸਾ ਵਾਪਰ ਜਾਂਦਾ ਹੈ ਜਾਂ ਉਸਦੀ ਮੌਤ ਹੋ ਜਾਂਦੀ ਹੈ ਤਾਂ ਉਸਦੀ ਨੌਕਰੀ ਉਸਦੇ ਪਰਿਵਾਰਿਕ ਮੈਂਬਰ ਨੂੰ ਦੇਣ ਨੂੰ ਪਹਿਲ ਦਿੱਤੀ ਜਾਵੇ, ਇਹਨਾਂ ਵਰਕਰਾਂ ਕੋਲੋਂ ਮਿਡ ਡੇ ਮੀਲ ਦੇ ਕੰਮ ਤੋਂ ਇਲਾਵਾ ਜ਼ਬਰਦਸਤੀ ਨਾਲ ਕੋਈ ਹੋਰ ਕੰਮ ਨਾ ਲਿਆ ਜਾਵੇ। ਆਗੂਆਂ ਵਲੋਂ ਐਲਾਨ ਕੀਤਾ ਗਿਆ ਕਿ ਜੇਕਰ ਸਰਕਾਰ ਵਲੋਂ ਤੁਰੰਤ ਮੀਟਿੰਗ ਦਾ ਸਮਾਂ ਦੇ ਕੇ ਮੰਗਾਂ ਨੂੰ ਹੱਲ ਨਾ ਕੀਤਾ ਗਿਆ ਤਾਂ 19 ਨਵੰਬਰ ਨੂੰ ਵਿੱਤ ਮੰਤਰੀ ਦੇ ਹਲਕੇ ਦਿੜਬਾ ਵਿਖੇ ਵਿਸ਼ਾਲ ਸੂਬਾ ਪੱਧਰੀ ਰੈਲੀ ਕਰਕੇ ਅਗਲੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਇਸ ਵਫਦ ਵਿੱਚ ਸੀਮਾ ਰਾਣੀ, ਨੀਲਮ, ਮੀਨਾ ਰਾਣੀ, ਮਲਕੀਤ ਕੌਰ, ਸੋਨੀਆ, ਸੱਤਿਆ ਦੇਵੀ ਆਦਿ ਆਗੂ ਅਤੇ ਜੀ.ਟੀ.ਯੂ. ਦੇ ਜ਼ਿਲ੍ਹਾ ਪ੍ਰਧਾਨ ਪ੍ਰਿੰਸੀਪਲ ਅਮਨਦੀਪ ਸ਼ਰਮਾ ਅਤੇ ਪ.ਸ.ਸ.ਫ. ਆਗੂ ਸੁਨੀਲ ਸ਼ਰਮਾ ਵੀ ਹਾਜ਼ਰ ਸਨ।

# ਅੱਗ ਲਾਉਣ ਵਾਲੇ ਕਿਸਾਨਾਂ ਤੇ ਪ੍ਰਸ਼ਾਸਨ ਵੱਲੋਂ ਵੱਡੀ ਕਾਰਵਾਈ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਅੱਜ ਬਲਾਕ ਸੁਲਤਾਨਪੁਰ ਲੋਧੀ ਵਿੱਚ ਨੈਸਨਲ ਗ੍ਰੀਨ ਟ੍ਰਿਬਿਊਨਲ ਅਤੇ ਡਿਪਟੀ ਕਮਿਸਨਰ ਕਪੂਰਥਲਾ ਜੀ ਦੇ ਹੁਕਮਾਂ ਤੇ ਕਾਰਵਾਰੀ ਕਰਦਿਆਂ ਸੁਲਤਾਨਪੁਰ ਲੋਧੀ ਵਿੱਚ ਕਲੱਸਟਰ ਅਫਸਰਾਂ ਦੀਆਂ 11 ਟੀਮਾਂ ਵੱਖ ਵੱਖ ਪਿੰਡਾਂ ਦਾ ਦੌਰਾ ਕਰਕੇ ਅੱਗ ਲਾਉਣ ਵਾਲੇ ਕਿਸਾਨਾਂ ਦੇ ਮੌਕੇ ਤੇ ਹੀ ਚਾਲਾਨ ਕੀਤੇ ਗਏ। ਐਸ ਡੀ ਸੁਲਤਾਨਪੁਰ ਲੋਧੀ ਜਸਪ੍ਰੀਤ ਸਿੰਘ ਦੱਸਿਆ ਕਿ 11 ਟੀਮਾਂ ਵੱਲੋਂ ਵੱਖ ਵੱਖ ਪਿੰਡਾਂ ਦੇ 27 ਕਿਸਾਨਾਂ ਦੇ ਕਰੀਬ 86000 ਰੁਪਏ ਦੇ ਚਾਲਾਨ ਕੀਤੇ ਗਏ ਹਨ। ਉਹਨਾਂ ਦੱਸਿਆ ਕਿ ਸਾਰੀਆਂ ਟੀਮਾਂ ਨੂੰ ਸਾਰਾ ਦਿਨ ਫੀਲਡ ਵਿੱਚ ਹੀ ਰਹਿਣ ਦੇ ਹੁਕਮ ਦਿੱਤੇ ਗਏ ਹਨ ਅਤੇ ਇਹ ਟੀਮਾਂ ਛੁੱਟੀ ਵਾਲੇ ਦਿਨ ਵੀ ਏਸੇ ਤਰਾਂ ਹੀ ਸਰਗਰਮ ਰਹਿ ਕੇ ਅੱਗ ਲਾਉਣ ਵਾਲੇ ਕਿਸਾਨਾਂ ਤੇ ਕਾਰਵਾਈ ਕਰਕੇ ਅੱਗ ਲੱਗਣ ਦੀਆਂ ਘਟਨਾਵਾਂ ਤੇ ਕਾਬੂ ਪਾਉਣਗੀਆਂ । ਉਹਨਾਂ ਦੱਸਿਆ ਕਿ ਅੱਗ ਨਾ ਲਾਉਣ ਵਾਲੇ ਕਿਸਾਨਾਂ ਦਾ ਸਨਮਾਨ ਕੀਤਾ ਜਾਵੇਗਾ ਅਤੇ ਹਰ ਸਰਕਾਰੀ ਸਹੂਲਤ ਪਹਿਲ ਦੇ ਆਧਾਰ ਤੇ ਦਿੱਤੀ ਜਾਵੇਗੀ । ਉਹਨਾਂ ਸਮੂਹ ਕਿਸਾਨਾਂ ਨੂੰ ਬੇਨਤੀ ਕੀਤੀ ਕਿ ਖੇਤਾਂ ਵਿੱਚ ਪਰਾਲੀ ਨੂੰ ਅੱਗ ਨਾ ਲਾਉਣ । ਇਸ ਮੌਕੇ ਤੇ ਬਿਧੀਪੁਰ ਦੇ ਰਣਬੀਰ ਸਿੰਘ ਪੁੱਤਰ ਬਲਕਾਰ ਸਿੰਘ ਬਿਧੀਪੁਰ ਨਿਰਮਲ ਸਿੰਘ ਤਲਵੰਡੀ ਚੌਧਰੀਆਂ ਗੁਰਵਿੰਦਰ ਸਿੰਘ ਸੈਦਪੁਰ, ਹਰਨੇਕ ਸਿੰਘ ਕਬੀਰਪੁਰ, ਜਸਵੰਤ ਸਿੰਘ ਡਡਵਿੰਡੀ ਅਤੇ ਹੋਰਨਾਂ ਕਿਸਾਨਾਂ ਦੇ ਚਾਲਾਨ ਕੀਤੇ ਗਏ



## ਕਰਤਾਰਪੁਰ ਕਤਲ ਕਾਂਡ - ਮੁਲਜ਼ਮਾਂ ਦਾ ਤਿੰਨ ਦਿਨਾ ਪੁਲਸ ਰਿਮਾਂਡ



**ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ)** ਬੀਤੇ ਦਿਨੀ ਬਲਾਕ ਦੇ ਪਿੰਡ ਕਰਤਾਰਪੁਰ ਵਿਖੇ ਹੋਏ ਦੋਹਰੇ ਕਤਲ ਕਾਂਡ ਵਿੱਚ ਨੂਰਪੁਰਬੇਦੀ ਦੀ ਪੁਲਸ ਵਲੋਂ ਗ੍ਰਿਫਤਾਰ ਕੀਤੇ ਗਏ ਸੱਤ ਦੋਸ਼ੀਆਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ ਜਿਸ ਤੇ ਮਾਨਯੋਗ ਅਦਾਲਤ ਵਲੋਂ ਸਾਰੇ ਸੱਤ ਦੋਸ਼ੀਆਂ ਨੂੰ ਤਿੰਨ ਦਿਨ ਹੋਰ ਪੁਲਸ ਰਿਮਾਂਡ 'ਤੇ ਭੇਜ ਦਿੱਤਾ ਹੈ। ਜਾਣਕਾਰੀ ਦਿੰਦਿਆਂ ਥਾਣਾ ਮੁਖੀ ਗੁਰਵਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ ਰੋਹਿਤ, ਨੀਰਜ, ਲਾਡੀ, ਮੰਦਿਰ, ਦੀਪਾ ਜੱਟ, ਚੀਨੂੰ, ਰਵੀ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਿਲ ਕੀਤਾ ਹੈ। ਉਨਾਂ ਦੱਸਿਆ ਕਿ ਇਸ ਮਾਮਲੇ ਵਿੱਚ ਇੱਕ ਹੋਰ ਕਥਿਤ ਦੋਸ਼ੀ ਪੰਮਾ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਹੈ।

# ਗੁਰੂ ਰਵਿਦਾਸ ਮਿਸ਼ਨ ਸੇਵਾ ਸੁਸਾਇਟੀ ਨੇ ਮੁਫਤ ਸਿਲਾਈ ਸੈਂਟਰ ਖੋਲ੍ਹਿਆ



**ਚਮਕੌਰ ਸਾਹਿਬ , (ਗੁਰਵਿੰਦਰਪਾਲ ਸਿੰਘ ਬੌਬੀ)**-ਗੁਰਦੁਆਰਾ ਸ਼੍ਰੋਮਣੀ ਸ਼ਹੀਦ ਬਾਬਾ ਸੰਗਤ ਸਿੰਘ ਵਿਖੇ ਸਮਾਜ ਸੇਵੀ ਸੰਸਥਾ ਸ੍ਰੀ ਗੁਰੂ ਰਵਿਦਾਸ ਮਿਸ਼ਨ ਸੇਵਾ ਸੁਸਾਇਟੀ ਵੱਲੋਂ ਲੜਕੀਆਂ ਤੇ ਔਰਤਾਂ ਨੂੰ ਆਪਣੇ ਪੈਰਾਂ ਤੇ ਖੜੋ ਕੇ , ਹੁਨਰ ਲੈ ਕੇ ਆਪਣੇ ਪਰਵਾਰ ਦੀ ਆਰਥਿਕਤਾ 'ਚ ਸਹਾਇਕ ਰੋਲ ਨਿਭਾਉਣ ਦੇ ਮਕਸਦ ਨੂੰ ਮੁੱਖ ਰੱਖਦਿਆਂ ਮੁਫਤ ਸਿਲਾਈ ਸਿਖਲਾਈ ਸੈਂਟਰ ਖੋਲ੍ਹਿਆ ਗਿਆ । ਇਸ ਸਿਲਾਈ ਸੈਂਟਰ ਦਾ ਉਦਘਾਟਨ ਸਮਾਜ ਸੇਵੀ ਤੇ ਕੌਂਸਲਰ ਕਿਰਪਾਲ ਸਿੰਘ ਗਿੱਲ ਨੇ ਕੀਤਾ । ਸੁਸਾਇਟੀ ਦੇ ਪ੍ਰਧਾਨ ਪ੍ਰਿੰਸੀਪਲ ਲਛਮਣ ਸਿੰਘ ਤੇ ਜਨਰਲ ਸਕੱਤਰ ਗੁਰਚਰਨ ਸਿੰਘ ਨੇ ਦੱਸਿਆ ਕਿ ਸੰਸਥਾ ਵੱਲੋਂ ਲੜਕੀਆਂ ਨੂੰ ਸਿਲਾਈ ਦੀ ਕੋਚਿੰਗ ਦੇਣ ਲਈ ਤਜਰਬੇਕਾਰ ਸਿਲਾਈ ਟੀਚਰ ਦੀ ਨਿਯੁਕਤੀ ਕੀਤੀ ਗਈ ਹੈ, ਜਿਸ ਦਾ ਮਿਹਨਤਾਨਾ ਉਕਤ ਸੰਸਥਾ ਵੱਲੋਂ ਦਿੱਤਾ ਜਾਵੇਗਾ । ਸਿਲਾਈ ਸਿੱਖਣ ਵਾਲੀਆਂ ਲੜਕੀਆਂ ਲਈ ਸਿਲਾਈ ਮਸ਼ੀਨਾਂ ਤੇ ਹੋਰ ਸਮੱਗਰੀ ਉੱਪਲਬਧ ਕਰਾਉਣ ਦੇ ਨਾਲ ਨਾਲ ਮੁਫਤ ਸਿਖਲਾਈ ਦੇਣ ਉਪਰੰਤ ਸੰਸਥਾ ਵੱਲੋਂ ਸਰਟੀਫਿਕੇਟ ਜਾਰੀ ਕੀਤੇ ਜਾਣਗੇ । ਉਨ੍ਹਾਂ ਦੱਸਿਆ ਕਿ ਇਲਾਕੇ ਦੇ ਸਹਿਯੋਗ ਸਦਕਾ ਸਿਖਲਾਈ ਸੈਂਟਰ ਨੂੰ ਲਗਾਤਾਰ ਜਾਰੀ ਰੱਖਿਆ ਜਾਵੇਗਾ । ਇਸ ਮੌਕੇ ਕੈਪਟਨ ਹਰਪਾਲ ਸਿੰਘ , ਸਾਬਕਾ ਕੌਂਸਲਰ ਵਰਿੰਦਰ ਵਿੱਕੀ , ਸਰਪੰਚ ਸੋਮ ਸਿੰਘ , ਐਡਵੋਕੇਟ ਦਰਸ਼ਨ ਮਹਿਤਾ , ਮਾਸਟਰ ਬਾਬੂ ਸਿੰਘ , ਮਲਾਗਰ ਸਿੰਘ ਖਮਾਣੋਂ , ਜਸਵੀਰ ਸਿੰਘ, ਅਜਾਇਬ ਸਿੰਘ ਸਿਲਾਈ ਟੀਚਰ ਪਰਮਜੀਤ ਕੌਰ , ਗਿਆਨੀ ਸੁਖਬੀਰ ਸਿੰਘ ਕੌਰ ਅਤੇ ਸਤਵਿੰਦਰ ਸਿੰਘ ਆਦਿ ਹਾਜ਼ਰ ਸਨ।

## ਸਰਕਾਰੀ ਕਾਲਜ 'ਚ ਰੈੱਡ ਰਿਬਨ ਕਲੱਬ ਨੇ 'ਨਸ਼ਾ ਮੁਕਤ ਦਿਵਸ' ਮਨਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**—ਸਰਕਾਰੀ ਕਾਲਜ, ਹੁਸ਼ਿਆਰਪੁਰ ਵਿੱਚ ਸਹਾਇਕ ਯੁਵਕ ਸੇਵਾਵਾਂ ਹੁਸ਼ਿਆਰਪੁਰ ਦੇ ਪ੍ਰੀਤ ਕੋਹਲੀ ਦੇ ਨਿਰਦੇਸ਼ਾਂ ਦੇ ਅਨੁਸਾਰ ਕਾਲਜ ਦੇ ਪ੍ਰਿੰਸੀਪਲ ਅਨੀਤਾ ਸਾਗਰ ਦੀ ਅਗਵਾਈ ਵਿੱਚ ਰੈੱਡ ਰਿਬਨ ਕਲੱਬ ਦੇ ਇੰਚਾਰਜ ਪ੍ਰੋ.ਵਿਜੇ ਕੁਮਾਰ ਦੇ ਸਹਿਯੋਗ ਨਾਲ "ਨਸ਼ਾ ਮੁਕਤ ਦਿਵਸ" ਮਨਾਇਆ ਗਿਆ। ਜਿਸ ਵਿੱਚ ਸੈਮੀਨਾਰ, ਭਾਸ਼ਣ ਕਰਵਾਉਣ, ਲੇਖਣ, ਪੋਸਟਰ ਬਣਾਉਣ, ਸਹੁੰ ਚੁੱਕ ਅਤੇ ਰੈਲੀ ਕੱਢਣ ਸਬੰਧੀ ਪ੍ਰਗੋਰਾਮ ਕਰਵਾਏ ਗਏ। ਸੈਮੀਨਾਰ ਵਿੱਚ ਪ੍ਰੋ.ਵਿਜੇ ਕੁਮਾਰ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਦੀਆਂ ਬੁਰਾਈਆਂ ਬਾਰੇ ਜਾਣਕਾਰੀ ਦਿੰਦੇ ਹੋਏ ਇਹਨਾਂ ਦੇ ਸਮਾਜ ਅਤੇ ਲੋਕਾਂ 'ਤੇ ਪੈਣ ਵਾਲੇ ਪ੍ਰਭਾਵਾਂ ਦੀ ਜਾਣਕਾਰੀ ਦਿੱਤੀ ਅਤੇ ਸਮਾਜ ਵਿੱਚ ਹੋ ਰਹੇ ਅਪਰਾਧਾਂ ਦਾ ਜ਼ਿੰਮੇਵਾਰ ਨਸ਼ਿਆਂ ਨੂੰ ਹੀ ਸਾਬਿਤ ਕੀਤਾ। ਉਹਨਾਂ ਨੂੰ ਪ੍ਰੋ.ਵਿਜੇ ਕੁਮਾਰ ਵਲੋਂ ਨਸ਼ੇ ਨਾ ਕਰਨ ਅਤੇ ਦੂਜਿਆਂ ਨੂੰ ਵੀ ਨਸ਼ੇ ਨਾ ਕਰਨ ਦੇ ਲਈ ਪ੍ਰੇਰਿਤ ਕਰਨ ਦੀ ਸਹੁੰ ਵੀ ਚੁਕਾਈ। ਇਸ ਮੌਕੇ ਕਰਵਾਏ ਗਏ ਭਾਸ਼ਣ ਮੁਕਾਬਲੇ ਵਿੱਚ ਪ੍ਰਿਯੰਕਾ ਨੇ ਪਹਿਲਾ, ਸੰਗੀਤਾ ਕੁਮਾਰੀ ਨੇ ਦੂਸਰਾ ਅਤੇ ਨੀਰੂ ਰਾਣੀ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਲੇਖਣ ਮੁਕਾਬਲੇ ਵਿੱਚ ਸਾਹਿਲ ਨੇ ਪਹਿਲਾ, ਅਰਸ਼ ਨੇ ਦੂਸਰਾ ਅਤੇ ਸੁਭਾਸ਼ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਵਿਦਿਆਰਥੀਆਂ ਵੱਲੋਂ ਪੋਸਟਰ ਵੀ ਬਣਾਏ ਗਏ ਜਿਹੜੇ ਨਸ਼ਿਆਂ ਤੋਂ ਦੂਰ ਰਹਿਣ ਲਈ ਵਿਦਿਆਰਥੀਆਂ ਨੂੰ ਪ੍ਰੇਰਿਤ ਕਰ ਰਹੇ ਸਨ। ਕਾਲਜ ਵਿੱਚ ਵਿਦਿਆਰਥੀਆਂ ਵਿੱਚ ਨਸ਼ਿਆਂ ਪ੍ਰਤੀ ਜਾਗਰੂਕਤਾ ਫੈਲਾਉਣ ਦੇ ਲਈ ਰੈਲੀ ਵੀ ਕੱਢੀ ਗਈ ਜਿਸ ਵਿੱਚ ਵਿਦਿਆਰਥੀ ਨਾਅਰੇ ਲਗਾ ਕੇ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਦੇਸ਼ ਦੇ ਰਹੇ ਸਨ। ਇਸ ਪ੍ਰੋਗਰਾਮ ਨੂੰ ਕਰਵਾਉਣ ਵਿੱਚ ਸਰੋਜ ਸ਼ਰਮਾ ਨੇ ਮੁੱਖ ਭੂਮਿਕਾ ਨਿਭਾਈ।

# 'ਅਕਤੂਬਰ ਕ੍ਰਾਂਤੀ' ਤੋਂ ਸੇਧ ਲੈਂਦਿਆਂ ਲੁੱਟ-ਖਸੁੱਟ, ਜਬਰ, ਵਿਤਕਰੇ ਤੋਂ ਮੁਕਤ ਸਮਾਜ ਸਿਰਜਣ ਦੇ ਘੋਲ ਪ੍ਰਚੰਡ ਕਰੋ : ਪਾਸਲਾ



**ਜਲੰਧਰ : (ਰਜੇਸ਼ ਥਾਪਾ)**-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਵਲੋਂ 'ਅਕਤੂਬਰ ਇਨਕਲਾਬ' (ਰੂਸੀ ਸਮਾਜਵਾਦੀ ਕ੍ਰਾਂਤੀ) ਦੀ ਵਰ੍ਹੇਗੰਢ ਜ਼ਿਲ੍ਹਾ ਕੇਂਦਰਾਂ 'ਤੇ ਭਰਵੇਂ ਇਕੱਠ ਕਰਕੇ ਇਨਕਲਾਬੀ ਜੋਸ਼ੋ-ਖਰੋਸ਼ ਨਾਲ ਮਨਾਈ ਗਈ। ਪਾਰਟੀ ਵਲੋਂ ਇਸ ਸਾਲ ਇਹ ਦਿਹਾੜਾ ਇਜ਼ਰਾਈਲ ਵਲੋਂ ਛੇੜੀ ਗਈ ਨਿਹੱਕੀ ਤੇ ਅਸਾਵੀਂ ਜੰਗ ਵਿਚ ਮਾਰੇ ਗਏ ਹਜ਼ਾਰਾਂ ਨਿਰਦੋਸ਼ ਫਲਸਤੀਨੀ ਨਾਗਰਿਕਾਂ, ਖਾਸ ਕਰਕੇ ਬੱਚਿਆਂ, ਇਸਤਰੀਆਂ ਨੂੰ ਸਮਰਪਿਤ ਕੀਤਾ ਗਿਆ ਸੀ। ਇਸ ਮੌਕੇ ਵੱਖੋ-ਵੱਖ ਜ਼ਿਲ੍ਹਿਆਂ ਅੰਦਰ ਹੋਏ ਸੰਜੀਦਾ ਇਕੱਠਾਂ ਵਲੋਂ ਫਲਸਤੀਨ ਦੇ ਮੁਕਤੀ ਸੰਗਰਾਮ ਨਾਲ ਮੁਕੰਮਲ ਯਕਜਹਿਤੀ ਦਾ ਪ੍ਰਗਟਾਵਾ ਕਰਦਿਆਂ ਦੇਸ਼ ਵਾਸੀਆਂ ਨੂੰ ਹਰ ਕਿਸਮ ਦੇ ਸੰਕੀਰਣ ਵਿਚਾਰ ਰੱਦ ਕਰਦੇ ਹੋਏ ਫਲਸਤੀਨੀਆਂ ਦੀ ਨਸਲਕੁਸ਼ੀ ਅਤੇ ਆਪਣੀ ਮਾਤ ਭੂਮੀ ਤੋਂ ਉਨ੍ਹਾਂ ਦੇ ਮੁਕੰਮਲ ਉਜਾੜੇ ਦੇ ਕੋਝੇ ਇਰਾਦੇ ਨਾਲ ਛੇੜੀ ਗਈ ਉਕਤ ਤਬਾਹਕੁੰਨ ਜੰਗ ਫੌਰੀ ਬੰਦ ਕੀਤੇ ਜਾਣ ਲਈ ਗਰਜਵੀਂ ਆਵਾਜ ਬੁਲੰਦ ਕਰਨ ਦੀ ਅਪੀਲ ਕੀਤੀ ਗਈ। ਭਾਰਤੀ ਪ੍ਰਧਾਨ ਮੰਤਰੀ ਵਲੋਂ ਸਾਮਰਾਜ ਨਾਲ ਪਾਈਆਂ ਯੁੱਧਨੀਤਕ ਸਾਂਝਾ ਨਿਭਾਉਣ ਲਈ ਅਤੇ ਚੋਣਾਂ ਜਿੱਤਣ ਲਈ ਫਿਰਕੂ ਨਜ਼ਰੀਏ ਤੋਂ ਦਿੱਤੇ ਗਏ, ਕੌਮੀ ਹਿਤਾਂ ਨਾਲ ਖਿਲਵਾੜ ਕਰਨ ਵਾਲੇ ਇਜ਼ਰਾਈਲ ਪੱਖੀ ਬਿਆਨ ਅਤੇ ਗੋਦੀ ਮੀਡੀਆ ਦੀ ਮਨੁੱਖਤਾ ਦੇ ਘਾਣ ਉੱਪਰ ਦੁਖ ਪ੍ਰਗਟ ਕਰਨ ਦੀ ਬਜਾਇ 'ਕੱਛਾਂ ਵਜਾਉਣ' ਦੀ ਘਟੀਆ ਮਾਨਸਿਕਤਾ ਦੀ ਸਖ਼ਤ ਨਿਖੇਧੀ ਕੀਤੀ ਗਈ। ਇਕੱਠਾਂ ਰਾਹੀਂ ਇਹ ਵੀ ਸੱਦਾ ਦਿੱਤਾ ਗਿਆ ਕਿ ਸੰਸਾਰ ਭਰ ਦੇ ਨਵੇਂ ਆਜ਼ਾਦ ਹੋਏ ਦੇਸ਼ਾਂ ਦੇ ਕੁਦਰਤੀ ਵਸੀਲਿਆਂ ਅਤੇ ਲੋਕਾਂ ਦੀ ਬੇਕਿਰਕ ਲੁੱਟ ਤਿੱਖੀ ਕਰਨ ਲਈ ਧਰਤੀ ਨੂੰ ਜੰਗਾਂ ਦਾ ਅਖਾੜਾ ਬਣਾ ਰਹੇ ਸਾਮਰਾਜੀਆਂ ਦੇ ਦਖਲ ਅਤੇ ਦਾਬੇ ਦੇ ਖਾਤਮੇ ਲਈ ਭਾਰਤ ਸਮੇਤ ਸੰਸਾਰ ਦੇ ਹਰ ਖਿੱਤੇ ਦੇ ਹਰ ਦੇਸ਼ ਵਿਚ ਯੁੱਧ ਪ੍ਰਚੰਡ ਕੀਤੇ ਜਾਣ। ਇਹ ਵੀ ਸੱਦਾ ਦਿੱਤਾ ਗਿਆ ਭਾਰਤ ਅੰਦਰ ਸਮਾਜਿਕ ਤਬਦੀਲੀ ਦੇ ਸੰਗਰਾਮਾਂ ਦੀ ਸਫਲਤਾ ਲਈ ਸੰਘ ਪਰਵਾਰ ਦੇ ਫਿਰਕ-ਫਾਸ਼ੀ, ਵੰਡਵਾਦੀ ਏਜੰਡੇ ਨੂੰ ਭਾਂਜ ਦਿੱਤੇ ਜਾਣ ਅਤੇ ਭਾਰਤੀ ਲੋਕਾਂ ਦਾ ਰੱਤ ਨਿਚੋੜ ਕੇ ਕਾਰਪੋਰੇਟ ਲੋਟੂਆਂ ਅਤੇ ਉਨ੍ਹਾਂ ਦੇ ਸਾਮਰਾਜੀ ਜੋਟੀਦਾਰਾਂ ਦੇ ਖਜ਼ਾਨੇ ਭਰਨ ਵਾਲੀਆਂ ਨਵ ਉਦਾਰਵਾਦੀ ਨੀਤੀਆਂ ਨੂੰ ਮੋੜਾ ਦੇਣ ਦੇ ਸੰਘਰਸ਼ ਤੇਜ ਕੀਤੇ ਜਾਣ। ਇਸ ਸੇਧ ਵਿਚ ਅੱਗੇ ਵਧਣ ਲਈ ਮੋਦੀ ਸਰਕਾਰ ਨੂੰ ਕੇਂਦਰੀ ਸੱਤਾ ਤੋਂ ਲਾਂਭੇ ਕਰਨ ਦੇ ਹਰ ਸੰਭਵ ਯਤਨ ਕੀਤੇ ਜਾਣ। ਦੇਸ਼ ਦੇ ਕਿਰਤੀ-ਕਿਸਾਨਾਂ ਅਤੇ ਮਿਹਨਤੀ ਆਵਾਮ ਨੂੰ ਇਹ ਵੀ ਸੱਦਾ ਦਿੱਤਾ ਗਿਆ ਕਿ ਗਿਆ ਕਿ ਲੋਕਾਂ ਦੀਆਂ ਆਰਥਿਕ ਮੰਗਾਂ ਅਤੇ ਰੋਜ਼ਾਨਾ ਜੀਵਨ ਦੇ ਮਸਲਿਆਂ ਦੇ ਹੱਲ ਲਈ ਨਿਰੰਤਰ ਲੜਦੇ ਹੋਏ ਕਿਰਤੀ ਦੀ ਪੁੱਗਤ ਵਾਲਾ, ਲੁੱਟ-ਖਸੁੱਟ ਤੇ ਜਬਰ-ਵਿਤਕਰੇ ਤੋਂ ਮੁਕਤ ਸਮਾਜ ਸਿਰਜਣ ਲਈ ਹਰ ਮੁਹਾਜ 'ਤੇ ਘੋਲ ਪ੍ਰਚੰਡ ਕੀਤੇ ਜਾਣ। ਉਕਤ ਇਕੱਠਾਂ ਨੂੰ ਪਾਰਟੀ ਨੂੰ ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਤੇ ਕੇਂਦਰੀ ਸਟੈਂਡਿੰਗ ਕਮੇਟੀ ਦੇ ਮੈਂਬਰ ਸਾਥੀ ਹਰਕੰਵਲ ਸਿੰਘ ਤੋਂ ਇਲਾਵਾ ਪੰਜਾਬ ਰਾਜ ਕਮੇਟੀ ਦੇ ਪ੍ਰਧਾਨ, ਸਕੱਤਰ ਤੇ ਖਜ਼ਾਨਚੀ ਸਾਥੀ ਰਤਨ ਸਿੰਘ ਰੰਧਾਵਾ, ਪਰਗਟ ਸਿੰਘ ਜਾਮਾਰਾਏ ਤੇ ਪ੍ਰੋ ਜੈਪਾਲ ਸਿੰਘ, ਕੇਂਦਰੀ ਕਮੇਟੀ ਦੇ ਮੈਂਬਰਾਨ ਸਾਥੀ ਰਘਬੀਰ ਸਿੰਘ ਬਟਾਲਾ, ਗੁਰਨਾਮ ਸਿੰਘ ਦਾਊਦ, ਕੁਲਵੰਤ ਸਿੰਘ ਸੰਧੂ, ਮਹੀਪਾਲ ਤੇ ਸੱਜਣ ਸਿੰਘ ਅਤੇ ਸੂਬਾ ਸਕੱਤਰੇਤ ਦੇ ਮੈਂਬਰਾਨ ਸਾਥੀ ਨੱਥਾ ਸਿੰਘ ਢਡਵਾਲ, ਡਾ ਸਤਨਾਮ ਸਿੰਘ ਅਜਨਾਲਾ, ਭੀਮ ਸਿੰਘ ਆਲਮਪੁਰ ਤੇ ਵੇਦ ਪ੍ਰਕਾਸ਼ ਸਸਕੌਰ ਨੇ ਸੰਬੋਧਨ ਕੀਤਾ। ਆਗੂਆਂ ਨੇ ਲੋਕ ਫਤਵੇ ਦਾ ਘੋਰ ਨਿਰਾਦਰ ਕਰਦਿਆਂ, ਮੋਦੀ ਸਰਕਾਰ ਵਾਲੀਆਂ ਹੀ ਲੋਕ ਮਾਰੂ-ਦੇਸ਼ ਵਿਰੋਧੀ ਨੀਤੀਆਂ ਲਾਗੂ ਕਰ ਰਹੀ ਭਗਵੰਤ ਮਾਨ ਸਰਕਾਰ ਦੀ ਡਟਵੀਂ ਨਿੰਦਾ ਕਰਦਿਆਂ ਇਸ ਦੀ ਨਖਿੱਧ ਪ੍ਰਸ਼ਾਸਨਿਕ ਕਾਰਗੁਜ਼ਾਰੀ ਅਤੇ ਅਮਨ-ਕਾਨੂੰਨ ਦੀ ਦਿਨੋ-ਦਿਨ ਨਿੱਘਰਦੀ ਜਾ ਰਹੀ ਅਵਸਥਾ ਖਿਲਾਫ਼ ਤਿੱਖੇ ਲੋਕ ਘੋਲ ਵਿੱਢਣ ਦਾ ਐਲਾਨ ਕੀਤਾ ਹੈ।

# ਮੂੰਗਫਲੀ ਦੇ ਵਾਂਗੂ ਵਿਕ ਰਿਹਾ ਹੈ ਗਲੀ-ਗਲੀ ਨਸ਼ਾ : ਬੀ ਟੀ ਐੱਫ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਬੇਗਮਪੁਰਾ ਟਾਇਗਰ ਫੋਰਸ ਦੀ ਇੱਕ ਮੀਟਿੰਗ ਮੁਹੱਲਾ ਫਤਿਹਗੜ੍ਹ ਵਿਖੇ ਫੋਰਸ ਦੇ ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਫੋਰਸ ਦੇ ਕੌਮੀ ਚੇਅਰਮੈਨ ਤਰਸੇਮ ਦੀਵਾਨਾ ,ਸਟੇਟ ਪ੍ਰਧਾਨ ਵੀਰਪਾਲ ਠਰੋਲੀ ,ਦੋਆਬਾ ਪ੍ਰਧਾਨ ਨੇਕੂ ਅਜਨੋਹਾ ਨੇ ਹਾਜਰੀ ਲਗਵਾਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਾ ਪਿੰਡਾਂ-ਸ਼ਹਿਰਾਂ ਦੀਆਂ ਗਲੀਆਂਵਿੱਚ ਮੂੰਗਫਲੀ ਦੀ ਤਰ੍ਹਾਂ ਵਿੱਕ ਰਿਹਾ ਹੈ ਅਤੇ ਮਾਨ ਸਰਕਾਰ ਅੱਖਾਂ ਮੀਟ ਕੇ ਬੈਠੀ ਹੋਈ ਹੈ। ਉਹਨਾਂ ਕਿਹਾ ਕਿ ਨਸ਼ਾ ਹੌਲੀ ਹੌਲੀ ਵੱਧਦਾ ਹੈ ਇੱਕ ਦੋਸਤ ਇਸ ਦੀ ਲਪੇਟ ਵਿੱਚ ਆ ਜਾਂਦਾ ਹੈ ਤੇ ਫਿਰ ਹੌਲੀ-ਹੌਲੀ ਹੋਰਨਾਂ ਨੂੰ ਵੀ ਇਸ ਵਿੱਚ ਸ਼ਾਮਿਲ ਕਰ ਲੈਂਦਾ ਹੈ ਜਦੋਂ ਕਿ ਅਜਿਹੇ ਸਮੇਂ ਵਿੱਚ ਉਸ ਦੇ ਦੋਸਤਾਂ ਨੂੰ ਆਪਣੇ ਦੋਸਤ ਨੂੰ ਬਚਾਉਣ ਦੀ ਭੂਮਿਕਾ ਨਿਭਾਉਣੀ ਚਾਹੀਦੀ ਹੈ। ਉਹਨਾ ਕਿਹਾ ਕਿ ਨੌਜਵਾਨਾ ਨੂੰ ਨਸ਼ੇ ਦੀ ਦਲਦਲ 'ਚੋਂ ਬੱਚਣਾ ਚਾਹੀਦਾ ਹੈ।

ਨਸ਼ੇ 'ਚ ਧੁੱਤ ਵਿਅਕਤੀ ਸਮਾਜ 'ਚੋਂ ਕੱਟਿਆ ਜਾਂਦਾ ਹੈ। ਅੱਜ ਦੇ ਨੌਜਵਾਨਾਂ ਨੂੰ ਖੇਡਾਂ ਅਤੇ ਸਿੱਖਿਆ ਨੂੰ ਵੱਡੇ ਪੱਧਰ 'ਤੇ ਅਪਣਾਉਣਾ ਚਾਹੀਦਾ ਹੈ। ਇਸ ਮੌਕੇ ਮੀਡੀਆ ਇੰਚਾਰਜ ਚੰਦਰ ਪਾਲ ਹੈਪੀ , ਰਾਜ ਕੁਮਾਰ ਬੱਧਣ ਨਾਰਾ ਜਿਲ੍ਹਾ ਉੱਪ ਪ੍ਰਧਾਨ ,ਵਿੱਕੀ ਸਿੰਘ ਪੁਰਹੀਰਾ , ਗੁਰਪ੍ਰੀਤ ਕੁਮਾਰ,ਸਨੀ ਸੀਣਾ ,ਭਿੰਦਾ ਸੀਣਾ ,ਰਾਕੇਸ਼ ਕੁਮਾਰ ਜਲੋਵਾਲ ,ਅਮਨਦੀਪ ,ਦੋਆਬਾ ਇੰਚਾਰਜ ਜੱਸਾ ਸਿੰਘ ਨੰਦਨ , ਸਤੀਸ਼ ਕੁਮਾਰ ਸ਼ੇਰਗੜ, ਚਰਨਜੀਤ ਸਿੰਘ ਡਾਡਾ, ਗੋਗਾ ਮਾਂਝੀ , ਰਾਜ ਕੁਮਾਰ ਬੱਧਣ ਸ਼ੇਰਗੜ 'ਵਿਜੈ ਕੁਮਾਰ ਸੋਨੂੰ ,ਜਸਵਿੰਦਰ ਗਿਆਨੀ ਅਵਿਨਾਸ਼ ਸਿੰਘ ਬਿੱਟੂ ਵਿਰਦੀ ਪੰਚ ਸ਼ੇਰਗੜ ,ਕਮਲਜੀਤ ਸਿੰਘ, ਦਵਿੰਦਰ ਕੁਮਾਰ ,ਚਰਨਜੀਤ ਡਾਡਾ, ਨਰੇਸ਼ ਕੁਮਾਰ ਸਹਿਰੀ ਪ੍ਰਧਾਨ , ਬਾਲੀ ,ਰਵੀ ਸੁੰਦਰ ਨਗਰ , ਗੁਰਪ੍ਰੀਤ ਗੋਪਾ ,ਨਿੱਕਾ ਬਸੀ ਕਿੱਕਰਾ ,ਰਵੀ ,ਭੁਪਿੰਦਰ ਕੁਮਾਰ ਬੱਧਣ ,ਅਵਤਾਰ ਡਿੰਪੀ,ਚਰਨਜੀਤ ਡਾਡਾ , ਕਮਲਜੀਤ ਡਾਡਾ,ਲਾਡੀ ਸ਼ੇਰਗੜ ,ਸੋਨੂੰ ਛਾਉਣੀ ਕਲਾਂ ,ਕਿਸ਼ੋਰੀ ਸ਼ੇਰਗੜ ਸਮੇਤ ਫੋਰਸ ਦੇ ਹੋਰ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ।

## 47ਵੇਂ ਵਿਸ਼ਵ ਹੁਨਰ ਮੁਕਾਬਲੇ-2024 ਲਈ ਤਿਆਰੀਆਂ ਸ਼ੁਰੂ

**ਜਲੰਧਰ, (ਸ਼ੈਲੀ ਐਲਬਰਟ)**-ਫਰਾਂਸ ਦੇ ਸ਼ਹਿਰ ਲਿਓਨ ਵਿੱਚ ਕਰਵਾਏ ਜਾ ਰਹੇ 47ਵੇਂ ਵਿਸ਼ਵ ਹੁਨਰ ਮੁਕਾਬਲਿਆਂ-2024 ਸਬੰਧੀ ਕਰਵਾਏ ਜਾ ਰਹੇ ਅੰਤਰਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਲਈ ਪੰਜਾਬ ਹੁਨਰ ਵਿਕਾਸ ਮਿਸ਼ਨ ਵਲੋਂ ਤਿਆਰੀਆਂ ਸ਼ੁਰੂ ਕੀਤੀਆਂ ਜਾ ਚੁੱਕੀਆਂ ਹਨ ਤਾਂ ਜੋ ਵੱਖ-ਵੱਖ ਪੱਧਰਾਂ 'ਤੇ ਸਹੀ ਉਮੀਦਵਾਰਾਂ ਦੀ ਜਾਂਚ ਕੀਤੀ ਜਾ ਸਕੇ ਅਤੇ ਰਾਜ ਪੱਧਰੀ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਉਨ੍ਹਾਂ ਨੂੰ ਢੁਕਵੀਂ ਸਿਖਲਾਈ ਦਿੱਤੀ ਜਾ ਸਕੇ। ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਵਰਿੰਦਰਪਾਲ ਸਿੰਘ ਬਾਜਵਾ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਹੁਨਰ ਮੁਕਾਬਲੇ ਲਈ ਰਜਿਸਟਰੇਸ਼ਨ ਸ਼ੁਰੂ ਹੋ ਗਈ ਹੈ। ਉਨ੍ਹਾਂ ਦੱਸਿਆ ਕਿ ਹੁਨਰ ਮੁਕਾਬਲਿਆਂ ਦਾ ਉਦੇਸ਼ ਹੁਨਰਮੰਦ ਨੌਜਵਾਨਾਂ ਨੂੰ ਤਿਆਰ ਕਰਨਾ ਅਤੇ ਉਨ੍ਹਾਂ ਦੀ ਸਕਰੀਨਿੰਗ ਕਰਨਾ ਹੈ। ਉਨ੍ਹਾਂ ਦੱਸਿਆ ਕਿ ਇਹ ਮੁਕਾਬਲੇ ਚਾਰ ਪੱਧਰਾਂ ਜ਼ਿਲ੍ਹਾ, ਰਾਜ, ਖੇਤਰੀ ਅਤੇ ਰਾਸ਼ਟਰੀ ਪੱਧਰ 'ਤੇ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਰਾਸ਼ਟਰੀ ਪੱਧਰ 'ਤੇ ਜੇਤੂ ਫਰਾਂਸ ਵਿੱਚ ਆਪਣੇ ਹੁਨਰ ਦਾ ਪ੍ਰਦਰਸ਼ਨ ਕਰਨਗੇ। ਉਨ੍ਹਾਂ ਅੱਗੇ ਦੱਸਿਆ ਕਿ ਇਹ ਮੁਕਾਬਲੇ ਕੁੱਲ 61 ਟਰੇਡਾਂ ਲਈ ਕਰਵਾਏ ਜਾਣਗੇ ਜਿਨ੍ਹਾਂ ਵਿੱਚ ਬਰਿਕਲਾਈਨਿੰਗ, ਕੈਬਨੇਟ ਮੇਕਿੰਗ, ਕਾਰਪੈਂਟਰੀ, ਗਾਰਡਨਿੰਗ, ਪੇਂਟਿੰਗ ਅਤੇ ਡੈਕੋਰੇਟਿੰਗ, ਪਲੰਬਿੰਗ ਅਤੇ ਹੀਟਿੰਗ, ਰੈਫੀਜਰੇਟਰ ਅਤੇ ਏਅਰ ਕੰਡੀਸ਼ਨਿੰਗ, ਏਅਰ ਕਰਾਫਟ ਮੇਨਟੀਨੈਂਸ, ਆਟੋ ਬਾਡੀ ਰਿਪੇਅਰ, ਆਟੋਮੋਬਾਈਲ ਤਕਨਾਲੌਜੀ, ਕਾਰ ਪੇਂਟਿੰਗ, ਹੈਵੀ ਵਹੀਕਲ ਮੈਨਟੀਨੈਸ, ਸੀ.ਐਨ.ਸੀ. ਮਿਲਿੰਗ, ਸੀ.ਐਸ.ਸੀ. ਟਰਨਿੰਗ, ਕੰਕਰੀਟ ਕੰਸਟਰਕਸ਼ਨ, ਮੈਟਲ ਵਰਕ, ਇਲੈਕਟਰੋਨਿਕ, ਮਕੈਨੀਕਲ ਇੰਜੀਨੀਅਰਿੰਗ ਡਿਜ਼ਾਇਨ-ਕੈਡ, ਮੀਚੈਟ੍ਰੋਨਿਕ, ਰੋਬੋਟਿਕਸ ਪਲਾਸਟਿਕ ਡਾਈ ਇੰਜੀਨੀਅਰਿੰਗ, ਵੈਲਡਿੰਗ , ਇਨਫਰਮੇਸ਼ਨ ਨੈਟਵਰਕ ਕੇਬਲ, ਆਈ. ਟੀ. ਨੈਟਵਰਕ ਸਿਸਟਮਸ ਐਡਮਨਿਸਟਰੇਸ਼ਨ, ਆਈ.ਟੀ.ਸ਼ਾਫਟਵੇਅਰ ਸਲੂਸ਼ਨਜ਼ ਫਾਰ ਬਿਜਨੈਸ, ਪ੍ਰਿੰਟ ਮੀਡੀਆ ਤਕਨਾਲੌਜੀ, ਵੈਬ ਡਿਜਾਇਨ ਅਤੇ ਡਿਵੈਲਪਮੈਂਟ, ਫੈਸ਼ਨ ਤਕਨਾਲੌਜੀ, ਫਲੋਰਿਸਟਰੀ, ਗਰਾਫਿਕ ਡਿਜਾਇਨ ਤਕਨਾਲੌਜੀ, ਜਵੈਲਰੀ, ਵਿਜ਼ਿਊਅਲ ਮਰਚਨਡਾਈਸਿੰਗ/ ਵਿੰਡੋ ਡਰੈਸਿੰਗ, ਬੈਕਰੀ, ਬਿਊਟੀ ਥੈਰੇਪੀ, ਪੈਸਟਰੀ ਅਤੇ ਕੰਫੈਕਸ਼ਨਰੀ, ਕੂਕਿੰਗ, ਹੇਅਰ ਡਰੈਸਿੰਗ, ਸਿਹਤ ਅਤੇ ਸੋਸ਼ਲ ਕੇਅਰ, ਰੈਸਟੋਰੈਂਟ ਸਰਵਿਸਸ, ਥ੍ਰੀ ਡੀ ਡਿਜੀਟਲ ਗੇਮ ਆਰਟ, ਵਾਲ ਅਤੇ ਫਲੌਰ ਟਾਈਲਿੰਗ, ਇਲੈਕਟਰੀਕਲ ਇੰਸਟਾਲੇਸ਼ਨ, ਇੰਡਸਟਰੀਅਲ ਕੰਟਰੋਲ, ਪਲਾਸਟਰਿੰਗ ਅਤੇ ਡਰਾਈਵਾਲ ਸਿਸਟਮਸ, ਕਲਾਊਡ ਕੰਪਿਊਟਿੰਗ, ਰੋਬੋਟ ਸਿਸਟਮਸ, ਇੰਟੀਗ੍ਰੇਸ਼ਨ ਐਡੀਟਿਵ ਮੈਨੂਫੈਕਚਰਿੰਗ, ਰੀਨਿਊਵਲ ਐਨਰਜੀ, ਇੰਡਸਟਰੀ ਡਿਜ਼ਾਇਨ ਤਕਨਾਲੌਜੀ, ਬਿਲਡਿੰਗ ਇਨਫਰਮੇਸ਼ਨ, ਮਾਡਲਿੰਗ, ਇੰਡਸਟਰੀ 4.0, ਮੋਬਾਇਲ ਐਪਲੀਕੇਸ਼ਨ ਆਦਿ ਸ਼ਾਮਿਲ ਹਨ। ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਨੇ ਦੱਸਿਆ ਕਿ ਰਜਿਸਟਰੇਸ਼ਨ ਦੀ ਆਖਰੀ ਮਿਤੀ 30 ਨਵੰਬਰ 2023 ਹੈ। ਜ਼ਿਲ੍ਹਾ ਪੱਧਰੀ ਹੁਨਰ ਮੁਕਾਬਲੇ ਦਸੰਬਰ ਮਹੀਨੇ ਵਿੱਚ ਕਰਵਾਏ ਜਾਣਗੇ ਅਤੇ ਇਸ ਸਬੰਧੀ ਮਿਤੀਆਂ ਦਾ ਐਲਾਨ ਵੀ ਜਲਦ ਹੀ ਕੀਤਾ ਜਾਵੇਗਾ। ਮੁਕਾਬਲੇ ਵਿੱਚ ਭਾਗ ਲੈਣ ਲਈ ਉਮੀਦਵਾਰ ਜਿਸ ਦਾ ਜਨਮ 1 ਜਨਵਰੀ 2002 ਨੂੰ ਜਾਂ ਇਸ ਤੋਂ ਬਾਅਦ ਹੋਇਆ ਹੋਣਾ ਚਾਹੀਦਾ ਹੈ ਪਰੰਤੂ ਏਅਰ ਕ੍ਰਾਫਟ ਮੇਨਟੀਨੈਂਸ , ਮੈਨੂਫੈਕਚਰਿੰਗ ਟੀਮ ਚੈਲੇਂਜ ਅਤੇ ਮੈਕਾਟ੍ਰੋਨਿਕਸ, ਕਲਾਊਡ ਕੰਪਿਊਟਿੰਗ, ਸਾਈਬਰ ਸੁਰੱਖਿਆ ਅਤੇ ਵਾਟਰ ਟੈਕਨਾਲੌਜੀ ਅਤੇ ਆਈ.ਟੀ. ਨੈਟਵਰਕ ਕੇਬਲਿੰਗ ਲਈ ਉਮੀਦਵਾਰ ਦਾ ਜਨਮ 1 ਜਨਵਰੀ 1999 ਨੂੰ ਜਾਂ ਇਸ ਤੋਂ ਬਾਅਦ ਦਾ ਹੋਣਾ ਚਾਹੀਦਾ ਹੈ ਉਹ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਹਿੱਸਾ ਲੈ ਸਕਦੇ ਹੈ।

# 'ਸਾਡੇ ਬਜ਼ੁਰਗ ਸਾਡਾ ਮਾਣ' ਮੁਹਿੰਮ ਤਹਿਤ ਲਗਾਏ ਜਾ ਰਹੇ ਹਨ ਕੈਂਪ : ਡਾ. ਬਲਜੀਤ ਕੌਰ



**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ "ਸਾਡੇ ਬਜ਼ੁਰਗ ਸਾਡਾ ਮਾਣ" ਮੁਹਿੰਮ ਤਹਿਤ ਸੂਬੇ ਵਿੱਚ ਬਜ਼ੁਰਗਾਂ ਲਈ ਕੈਂਪ ਲਗਾਏ ਜਾ ਰਹੇ ਹਨ। ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਇਹ ਪ੍ਰਗਟਾਵਾ ਕਰਦਿਆਂ ਦੱਸਿਆ ਕਿ ਬਜ਼ੁਰਗਾਂ ਦੀ ਭਲਾਈ ਲਈ "ਸਾਡੇ ਬਜ਼ੁਰਗ ਸਾਡਾ ਮਾਣ" ਮੁਹਿੰਮ ਦੀ ਸ਼ੁਰੂਆਤ ਜ਼ਿਲ੍ਹਾ ਫਰੀਦਕੋਟ ਤੋਂ 3 ਅਕਤੂਬਰ ਨੂੰ ਕੀਤੀ ਗਈ ਸੀ। ਇਸੇ ਤਹਿਤ ਮੋਗਾ, ਲੁਧਿਆਣਾ, ਮੁਕਤਸਰ ਸਾਹਿਬ, ਫਿਰੋਜ਼ਪੁਰ, ਫਾਜ਼ਿਲਕਾ, ਬਠਿੰਡਾ, ਮਾਨਸਾ, ਸੰਗਰੂਰ, ਮਾਲੇਰਕੋਟਲਾ, ਬਰਨਾਲਾ, ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨ ਤਾਰਨ ਵਿਖੇ ਜ਼ਿਲ੍ਹਾ ਪੱਧਰ 'ਤੇ ਸਿਹਤ ਕੈਂਪ ਸਫਲਤਾਪੂਰਵਕ ਲਗਾਏ ਜਾ ਚੁੱਕੇ ਹਨ। ਮੰਤਰੀ ਨੇ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਬਾਕੀ ਰਹਿੰਦੇ ਜ਼ਿਲ੍ਹਿਆਂ ਵਿੱਚ ਕ੍ਰਮਵਾਰ 8 ਨਵੰਬਰ ਨੂੰ ਜਲੰਧਰ, 10 ਨਵੰਬਰ ਨੂੰ ਐਸ.ਬੀ.ਐਸ ਨਗਰ, 13 ਨਵੰਬਰ ਨੂੰ ਹੁਸ਼ਿਆਰਪੁਰ , 15 ਨਵੰਬਰ ਨੂੰ ਕਪੂਰਥਲਾ, 17 ਨਵੰਬਰ ਨੂੰ ਐਸ.ਏ.ਐਸ ਨਗਰ, 20 ਨਵੰਬਰ ਨੂੰ ਪਟਿਆਲਾ, 22 ਨਵੰਬਰ ਨੂੰ ਰੂਪਨਗਰ ਅਤੇ 24 ਨਵੰਬਰ ਨੂੰ ਫਤਹਿਗੜ੍ਹ ਸਾਹਿਬ ਵਿਖੇ ਕੈਂਪਾਂ ਦਾ ਆਯੋਜਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਹਨਾਂ ਜਿਲ੍ਹਾ ਪੱਧਰ ਤੇ ਸਿਹਤ ਕੈਂਪਾਂ ਵਿੱਚ ਬਜ਼ੁਰਗਾਂ ਨੂੰ ਪੂਰੀ ਜਰੀਏਟ੍ਰਿਕ (ਬੁਢਾਪੇ ਨਾਲ ਸਬੰਧਿਤ ਬਿਮਾਰੀਆਂ) ਜਾਂਚ, ਈ.ਐਨ.ਟੀ (ਕੰਨ ਨੱਕ ਗਲਾ) ਦੀ ਜਾਂਚ, ਅੱਖਾਂ ਦੀ ਜਾਂਚ, ਐਨਕਾਂ ਦੀ ਵੰਡ, ਅੱਖਾਂ ਦੀ ਸਰਜਰੀ ਦੀਆਂ ਮੁਫ਼ਤ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ। ਇਨ੍ਹਾਂ ਕੈਂਪਾਂ ਮੌਕੇ ਬਜ਼ੁਰਗਾਂ ਨੂੰ ਮੁਫਤ ਦਵਾਈਆਂ ਵੀ ਦਿੱਤੀਆਂ ਜਾਣਗੀਆਂ। ਇਸ ਤੋਂ ਇਲਾਵਾ ਬਜ਼ੁਰਗ ਵਿਅਕਤੀਆਂ ਦੇ ਸੀਨੀਅਰ ਸਿਟੀਜਨ ਕਾਰਡ ਬਣਾਏ ਜਾਣਗੇ ਅਤੇ ਬੁਢਾਪਾ ਪੈਨਸ਼ਨ ਦੇ ਫਾਰਮ ਵੀ ਭਰੇ ਜਾਣਗੇ। ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸ ਨਿਵੇਕਲੀ ਪਹਿਲ ਕਦਮੀ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰ-ਅੰਦੇਸ਼ੀ ਕਰਾਰ ਦਿੰਦਿਆਂ ਕਿਹਾ ਕਿ ਸਰਕਾਰ ਵੱਲੋਂ 60 ਸਾਲ ਦੀ ਉਮਰ ਹੰਢਾ ਚੁੱਕੇ ਸੂਬੇ ਦੇ ਹਰ ਬਾਸ਼ਿੰਦੇ ਨੂੰ ਮੁੱਢਲੀ ਸਹੂਲਤ ਦੇਣ ਲਈ ਅਜਿਹੇ ਉਪਰਾਲੇ ਕੀਤੇ ਜਾ ਰਹੇ ਹਨ।

9-Nov-PAGE-11--Majha-23.qxd 11/8/2023 10:34 PM Page 1



# ਟੂਰਿਜ਼ਮ ਪੁਲਸ ਲਈ ਮੁੱਢਲਾ ਢਾਂਚਾ ਬਣਾਉਣ ਵਾਸਤੇ ਕਾਰਪੋਰੇਸ਼ਨ ਵੱਲੋਂ ਕਾਰਵਾਈ ਸ਼ੁਰੂ

### * ਡਿਪਟੀ ਕਮਿਸ਼ਨਰ ਨੇ ਸ਼ਹਿਰ ਵਿਚ ਚੱਲ ਰਹੇ ਵਿਕਾਸ ਕੰਮਾਂ ਦਾ ਲਿਆ ਜਾਇਜ਼ਾ

ਅੰਮ੍ਰਿਤਸਰ, 7 ਨਵੰਬਰ (ਨਿਰੰਦਰਜੀਤ ਸਿੰਘ)- ਅੰਮ੍ਰਿਤਸਰ ਵਿਚ ਆਉਂਦੇ ਲੱਖਾਂ ਸ਼ਰਧਾਲੂਆਂ ਦੀ ਸਹਾਇਤਾ ਲਈ ਟੂਰਿਜ਼ਮ ਪੁਲਸ ਬਣਾਉਣ ਦਾ ਜੋ ਸੁਪਨਾ ਪੰਜਾਬ ਸਰਕਾਰ ਵੱਲੋਂ ਲਿਆ ਗਿਆ ਸੀ, ਨੂੰ ਪੂਰਾ ਕਰਨ ਲਈ ਨਗਰ ਕਾਰਪੋਰੇਸ਼ਨ ਨੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਅਤੇ ਛੇਤੀ ਹੀ ਇਸ ਉਤੇ ਕੰਮ ਸ਼ੁਰੂ ਹੋ ਜਾਵੇਗਾ। ਕਮਿਸ਼ਨਰ ਕਾਰਪੋਰੇਸ਼ਨ ਸ੍ਰੀ ਰਾਹੁਲ ਨੇ ਇਹ ਪ੍ਰਗਟਾਵਾ ਜਿਲ੍ਹਾ ਪੱਧਰੀ ਕਮੇਟੀ, ਜਿਸ ਵਿਚ ਡਿਪਟੀ ਕਮਿਸ਼ਨਰ ਵੱਲੋਂ ਸ਼ਹਿਰ ਵਿਚ ਚੱਲ ਰਹੇ ਕੰਮਾਂ ਦਾ ਜਾਇਜ਼ਾ ਲਿਆ ਗਿਆ, ਵਿਚ ਕਰਦੇ ਦੱਸਿਆ ਕਿ ਕਾਰਪੋਰੇਸ਼ਨ ਵੱਲੋਂ ਅੰਮ੍ਰਿਤਸਰ ਸਰਬਤ ਸੇਵਾ ਯੋਜਨਾ ਅਧੀਨ ਇਸ ਕੰਮ ਲਈ ਕਰੀਬ 10.31 ਕਰੋੜ ਰੁਪਏ ਦਾ ਟੈਂਡਰ ਜਾਰੀ ਕੀਤਾ ਹੈ।

ਉਨ੍ਹਾਂ ਦੱਸਿਆ ਕਿ ਸਾਡੀ ਕੋਸ਼ਿਸ਼ ਹੈ ਕਿ ਇਸ ਕੰਮ ਵਿਚ ਸ਼ਹਿਰ ਦੀ ਟ੍ਰੈਫਿਕ ਵਿਚ ਸੁਧਾਰ, ਜਨਤਕ ਆਵਾਜਾਈ ਪ੍ਰਣਾਲੀ ਜਿਸ ਵਿਚ ਅੰਮ੍ਰਿਤਸਰ ਤੋਂ ਅਟਾਰੀ ਪਹੁੰਚ, ਈ ਆਟੋ ਅਤੇ ਥ੍ਰੀ ਵ੍ਹੀਲਰ ਸ਼ਾਮਿਲ ਹਨ, ਲਈ ਸੁਖਾਵਾਂ ਮਾਹੌਲ ਤਿਆਰ ਕੀਤਾ ਜਾਵੇ, ਜੋ ਕਿ ਸੈਲਾਨੀ ਸਭ ਤੋਂ ਵੱਧ ਵਰਤਦੇ ਹਨ। ਉਨ੍ਹਾਂ ਦੱਸਿਆ ਕਿ ਇਸ ਕੰਮ ਦੀ ਨਿਗਰਾਨੀ ਲਈ ਸੁਲਤਾਨਵਿੰਡ ਅਤੇ ਰਣਜੀਤ ਐਵੀਨਿਊ ਵਿਖੇ ਦੋ ਇੰਟੈਗਰੇਟਿਡ ਸੇਵਾ ਸਟੇਸ਼ਨ ਉਸਾਰੇ ਜਾਣਗੇ। ਇਸ ਤੋਂ ਇਲਾਵਾ 6 ਸਥਾਨਾਂ ਜਿਸ ਵਿਚ ਬੱਸ ਸਟੈਂਡ, ਰੇਲਵੇ ਸਟੇਸ਼ਨ, ਗੋਲਡਨ ਗੇਟ, ਇੰਡੀਆ ਗੇਟ, ਮਾਹਲ ਬਾਈਪਾਸ, ਕਬੀਰ ਪਾਰਕ ਵਿਖੇ 6 ਇੰਟੈਗਰੇਟਿਸ ਸੇਵਾ ਪੋਸਟਾਂ ਤੋਂ ਇਲਾਵਾ ਪੰਜ ਸਥਾਨਾਂ ਉਤੇ ਟਰੈਫਿਕ ਪੋਸਟਾਂ ਬਣਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਉਕਤ ਪੁਲਸ ਨੂੰ ਈ-ਕਾਰਾਂ, ਗੋਲਫ ਕਾਰਟ, ਪਿਕ ਅੱਪ ਗੱਡੀਆਂ, ਹੋਵਰ ਬੋਰਡ, ਮੋਬਾਈਲ ਕੰਟਰੋਲ ਵੈਨ ਆਦਿ ਦੀ ਸਹੂਲਤ ਦਿੱਤੀ ਜਾਵੇਗੀ।

ਡਿਪਟੀ ਕਮਿਸ਼ਨਰ ਘਣਸ਼ਾਮ ਥੋਰੀ ਨੇ ਪ੍ਰਾਜੈਕਟ ਦੇ ਵੇਰਵੇ ਲੈਂਦੇ ਸੈਲਾਨੀਆਂ ਦੀ ਸਹੂਲਤ ਲਈ ਇਸ ਨੂੰ ਛੇਤੀ ਨੇਪਰੇ ਚਾੜਨ ਦੀ ਵਕਾਲਤ ਕੀਤੀ। ਉਨ੍ਹਾਂ ਇਸ ਤੋਂ ਇਲਾਵਾ ਕੈਰੋਂ ਮਾਰਕੀਟ ਕਾਰ ਪਾਰਕ, ਰੀਗੋ ਬ੍ਰਿਜ, ਸ਼ਹੀਦ ਸਾਹਿਬ ਵਿਖੇ ਬਣਾਏ ਜਾਣ ਵਾਲੇ ਸਕਾਈ ਵਾਕ ਦੀ ਥਾਂ ਨਵਾਂ ਵਿਕਲਪ ਤਲਾਸ਼ਣ ਆਦਿ ਦਾ ਜਾਇਜ਼ਾ ਵੀ ਲਿਆ। ਇਸ ਮੌਕੇ ਵਿਚਾਰ ਚਰਚਾ ਕਰਦੇ ਪੁਲਸ ਕਮਿਸ਼ਨਰ ਨੌਨਿਹਾਲ ਸਿੰਘ ਨੇ ਸ੍ਰੀ ਦਰਬਾਰ ਸਾਹਿਬ ਨੂੰ ਆਉਂਦੇ ਸਾਰੇ ਰਸਤੇ, ਜਿਸ ਵਿਚ ਸ਼ਹੀਦਾਂ ਸਾਹਿਬ ਵਾਲਾ ਰਸਤਾ, ਘਿਉ ਮੰਡੀ ਵਾਲਾ ਰਾਹ ਅਤੇ ਬੱਸ ਅੱਡੇ ਤੇ ਰੇਲਵੇ ਸਟੇਸ਼ਨ ਤੋਂ ਯਾਤਰੂਆਂ ਦੀ ਸ੍ਰੀ ਦਰਬਾਰ ਸਾਹਿਬ ਤੱਕ ਪਹੁੰਚ ਸ਼ਾਮਿਲ ਹੈ, ਨੂੰ ਬਿਹਤਰ ਬਨਾਉਣ ਦਾ ਸੁਝਾਅ ਦਿੱਤਾ। ਮੀਟਿੰਗ ਵਿਚ ਵਧੀਕ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ, ਐਕਸੀਅਨ ਸੰਦੀਪ ਸਿੰਘ ਤੇ ਹੋਰ ਅਧਿਕਾਰੀ ਹਾਜ਼ਰ ਸਨ।

## ਆਯੂਸ਼ਮਾਨ ਕਾਰਡ ਬਣਵਾਉਣ ਵਾਲੇ ਲਾਭਪਾਤਰੀਆਂ ਨੂੰ 'ਦੀਵਾਲੀ ਬੰਪਰ ਡਰਾਅ' ਤਹਿਤ ਮਿਲੇਗਾ ਇਨਾਮ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਪੰਜਾਬ ਸਰਕਾਰ ਵੱਲੋਂ ਆਯੁਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ ਕਾਰਡ ਬਣਵਾਉਣ ਵਾਲੇ ਲਾਭਪਾਤਰੀਆਂ ਲਈ ਦੀਵਾਲੀ ਅਤੇ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਦੇ ਮੌਕੇ 'ਤੇ ਦੀਵਾਲੀ ਬੰਪਰ ਡਰਾਅ ਕੱਢਿਆ ਜਾਵੇਗਾ। ਸੂਬਾ ਸਿਹਤ ਏਜੰਸੀ ਪੰਜਾਬ ਦੇ ਮੁੱਖ ਕਾਰਜਕਾਰੀ ਅਧਿਕਾਰੀ ਵੱਲੋਂ ਇਸ ਸਬੰਧੀ ਮਿਲੇ ਪੱਤਰ 'ਚ ਦਰਜ ਜਾਣਕਾਰੀ ਦਾ ਹਵਾਲਾ ਦਿੰਦਿਆਂ ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ ਨੇ ਦੱਸਿਆ ਕਿ ਸਰਕਾਰ ਵੱਲੋਂ ਚਲਾਈ ਜਾ ਰਹੀ ਇਸ ਯੋਜਨਾ ਦੇ ਯੋਗ ਲਾਭਪਾਤਰੀਆਂ ਦੇ ਕਾਰਡ ਬਣਾਉਣ ਵਿੱਚ ਵਾਧਾ ਕਰਨ ਦੇ ਉਦੇਸ਼ ਨਾਲ 30 ਨਵੰਬਰ 2023 ਤੱਕ ਕਾਰਡ ਬਣਵਾਉਣ ਵਾਲੇ ਸਾਰੇ ਲਾਭਪਾਤਰੀਆਂ ਵਿੱਚੋਂ ਲੱਕੀ ਡਰਾਅ ਦੇ ਜ਼ਰੀਏ 10 ਲੋਕਾਂ ਨੂੰ ਨਗਦ ਇਨਾਮ ਦਿੱਤੇ ਜਾਣਗੇ ਜਿਸ ਵਿੱਚ ਪਹਿਲਾ ਇਨਾਮ ਇੱਕ ਲੱਖ ਰੁਪਏ ਦਾ ਹੈ। ਡੀਸੀ ਨੇ ਅੱਗੇ ਦੱਸਿਆ ਕਿ ਇਸ ਯੋਜਨਾ ਤਹਿਤ ਦੂਜਾ ਇਨਾਮ 50 ਹਜ਼ਾਰ ਰੁਪਏ, ਤੀਜਾ ਇਨਾਮ 25 ਹਜ਼ਾਰ ਰੁਪਏ, ਚੌਥਾ ਇਨਾਮ 10 ਹਜ਼ਾਰ ਰੁਪਏ, ਪੰਜਵਾਂ ਇਨਾਮ 8 ਹਜ਼ਾਰ ਰੁਪਏ ਅਤੇ ਛੇਵੇਂ ਤੋਂ ਦਸਵੇਂ ਇਨਾਮ ਵਿੱਚ 5 ਹਜ਼ਾਰ ਰੁਪਏ ਦੇ ਡਰਾਅ ਕੱਢੇ ਜਾਣਗੇ। ਉਨ੍ਹਾਂ ਦੱਸਿਆ ਕਿ ਇਹ ਡਰਾਅ 4 ਦਸੰਬਰ 2023 ਨੂੰ ਖੁੱਲ੍ਹੇਗਾ। ਇਸ ਯੋਜਨਾ ਤਹਿਤ ਪੰਜਾਬ ਵਿੱਚ ਲਾਭਪਾਤਰੀ ਪਰਿਵਾਰਾਂ ਨੂੰ ਸੂਚੀਬੱਧ ਹਸਪਤਾਲਾਂ ਵਿੱਚ ਸਲਾਨਾ 5 ਲੱਖ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਪ੍ਰਦਾਨ ਕੀਤੀ ਜਾਂਦੀ ਹੈ, ਜਿਸ ਦਾ ਲੋੜਵੰਦ ਪਰਿਵਾਰਾਂ ਨੂੰ ਜ਼ਰੂਰ ਲਾਭ ਉਠਾਉਣਾ ਚਾਹੀਦਾ ਹੈ। ਉਨ੍ਹਾਂ ਜ਼ਿਲ੍ਹੇ ਦੇ ਸਾਰੇ ਯੋਗ ਲਾਭਪਾਤਰੀਆਂ ਨੂੰ ਆਯੂਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਕਾਰਡ ਬਣਾਉਣ ਦੀ ਅਪੀਲ ਕੀਤੀ ਹੈ।

# ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ 29ਵਾਂ ਤਿੰਨ ਰੋਜ਼ਾ ਗੁਰਮਤਿ ਸਮਾਗਮ ਕਰਵਾਇਆ



ਮਜੀਠਾ (ਸੋਇਮ ਆਨੰਦ)-ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਨਾਗ ਕਲਾਂ ਦੀ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸਕੂਲ 'ਚ 28ਵਾਂ ਤਿੰਨ ਰੋਜ਼ਾ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ। 3 ਨਵੰਬਰ ਦਿਨ ਸ਼ੁੱਕਰਵਾਰ ਨੂੰ ਸ਼ਾਮ ਸਮੇਂ ਰਹਿਰਾਸ ਸਾਹਿਬ ਦੇ ਪਾਠ ਉਪਰੰਤ ਭਾਈ ਪਰਮਜੀਤ ਸਿੰਘ ਭੋਮਾ ਅਤੇ ਭਾਈ ਰਣਜੀਤ ਸਿੰਘ ਭੋਮਾ ਦੇ ਕੀਰਤਨੀ ਜਥੇ ਉਪਰੰਤ ਭਾਈ ਬਲਦੇਵ ਸਿੰਘ ਵਡਾਲਾ ਸਿੱਖ ਸਦਭਾਵਨਾ ਵਾਲਿਆਂ ਦੇ ਕੀਰਤਨੀ ਜਥੇ ਅਤੇ ਭਾਈ ਕਰਨੈਲ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਦੇ ਕੀਰਤਨੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ। 4 ਨਵੰਬਰ ਦਿਨ ਸ਼ਨੀਵਾਰ ਨੂੰ ਸ਼ਾਮ ਸ੍ਰੀ ਰਹਿਰਾਸ ਸਾਹਿਬ ਦੇ ਪਾਠ ਉਪਰੰਤ ਭਾਈ ਹਰਚੰਦ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਦੇ ਕੀਰਤਨੀ ਜਥੇ ਉਪਰੰਤ ਭਾਈ ਗੁਰਚਰਨ ਸਿੰਘ ਕਥਾਵਾਚਕ ਬੀਬੀ ਕੌਲਾਂ ਜੀ ਭਲਾਈ ਕੇਂਦਰ ਵੱਲੋਂ ਗੁਰਮਤਿ ਵਿਚਾਰਾਂ ਅਤੇ ਭਾਈ ਜਗਦੇਵ ਸਿੰਘ ਸੇਖਵਾਂ ਵਾਲਿਆਂ ਵੱਲੋਂ ਗੁਰਮਤਿ ਵਿਚਾਰਾਂ ਹੋਈਆਂ ਅਤੇ 5 ਨਵੰਬਰ ਦਿਨ ਐਤਵਾਰ ਨੂੰ ਸਵੇਰੇ 9 ਵਜੇ ਭਾਈ ਗੁਰਕਿਰਪਾਲ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਦੇ ਕੀਰਤਨੀ ਜਥੇ ਉਪਰੰਤ ਭਾਈ ਹਰਦੀਪ ਸਿੰਘ ਅਣਖੀ ਗੁਰਦੁਆਰਾ ਰਾਜਾਸਾਂਸੀ ਹਵਾਈ ਅੱਡੇ ਵਾਲੇ ਗੁਰਮਤਿ ਵਿਚਾਰਾਂ ਅਤੇ ਗਿਆਨੀ ਮਨਦੀਪ ਸਿੰਘ ਮੁਰੀਦ ਸੰਗਰੂਰ ਵਾਲਿਆਂ ਮਨੋਹਰ ਗੁਰਬਾਣੀ ਕਥਾ ਵਿਚਾਰਾਂ ਰਾਹੀ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਗਰੰਥੀ ਸਿੰਘ ਨੇ ਸਮਾਗਮ ਦੀ ਸਮਾਪਤੀ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਨੌਜਵਾਨਾਂ ਨੇ ਸਿੱਖ ਸੰਗਤਾਂ ਲਈ ਕੜੇ ਵੰਡਣ ਦਾ ਅਨੋਖਾ ਲੰਗਰ ਲਗਾਇਆ। ਇਸ ਮੌਕੇ ਐਨਆਰਆਈ ਵੀਰਾਂ ਵੱਲੋਂ ਭੇਜੀ ਗਈ ਮਾਇਆ ਨਾਲ ਪਿੰਡ ਦੇ ਬਜ਼ੁਰਗਾਂ ਨੂੰ ਕੰਬਲ ਭੇਟ ਕੀਤੇ ਗਏ। ਸਮਾਗਮ 'ਚ ਯੋਗਦਾਨ ਪਾਉਣ ਵਾਲੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਕਮੇਟੀ ਪ੍ਰਧਾਨ ਨਰਿੰਦਰ ਸਿੰਘ, ਦਲਜੀਤ ਸਿੰਘ ਗਿੱਲ ਪ੍ਰਧਾਨ, ਸਰਪੰਚ ਗੁਰਦੀਪ ਸਿੰਘ, ਜਥੇਦਾਰ ਮਨਜੀਤ ਸਿੰਘ, ਪ੍ਰਭਜੀਤ ਸਿੰਘ ਭੁੱਲਰ, ਗਰੰਥੀ ਬਲਬੀਰ ਸਿੰਘ, ਸਲਵਿੰਦਰ ਸਿੰਘ ਭੁੱਲਰ, ਸਤਨਾਮ ਸਿੰਘ, ਜਸਪ੍ਰੀਤ ਸਿੰਘ ਭੁੱਲਰ, ਤੇਜਬੀਰ ਸਿੰਘ, ਲਖਬੀਰ ਸਿੰਘ ਚੰਦੀ, ਤਲਵਿੰਦਰ ਸਿੰਘ, ਰਣਜੀਤ ਸਿੰਘ, ਡਾ. ਚੰਨ ਭੱਲਾ, ਮਾ. ਗੁਰਪਰੀਤ ਸਿੰਘ, ਪੂਰਨ ਸਿੰਘ, ਇਕਬਾਲ ਸਿੰਘ, ਲਵਪਰੀਤ ਸਿੰਘ ਲਖਬੀਰ ਸਿੰਘ ਸਮੇਤ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਸੰਗਤਾਂ ਲਈ ਗੁਰੂ ਦੇ ਅਤੁੱਟ ਲੰਗਰ ਵਰਤਾਏ।

## ਤਿੱਬੜੀ ਰੋਡ ਸਥਿਤ ਰੇਲਵੇ ਅੰਡਰ ਬ੍ਰਿਜ 'ਤੇ ਲੱਗੇ ਗੰਦਗੀ ਦੇ ਢੇਰਾਂ ਤੋਂ ਰਾਹਗੀਰ ਡਾਢੇ ਪ੍ਰੇਸ਼ਾਨ



ਗੁਰਦਾਸਪੁਰ (ਜਨਕ ਮਹਾਜਨ)-ਤਿੱਬੜੀ ਰੋਡ ਸਥਿਤ ਰੇਲਵੇ ਅੰਡਰ ਬ੍ਰਿਜ ਨੂੰ ਚਾਲੂ ਹੋਇਆਂ ਥੋੜ੍ਹੇ ਹੀ ਦਿਨ ਹੋਏ ਹਨ ਕਿ ਇਸ ਦੀ ਸਾਂਭ-ਸੰਭਾਲ ਤੇ ਸਫ਼ਾਈ ਆਦਿ ਨਾ ਹੋਣ ਕਾਰਨ ਇਸ ਪੁਲ ਹੇਠ ਗੰਦਗੀ ਦੀ ਭਰਮਾਰ ਆਦਿ ਹੋ ਗਈ ਹੈ ਜਿਸ ਕਰਕੇ ਇਸ ਪੁਲ ਤੋਂ ਲੰਘਣ ਵਾਲੇ ਪੈਦਲ ਅਤੇ ਦੋਪਹੀਆ ਵਾਹਨ ਚਾਲਕਾਂ ਨੂੰ ਬਦਬੂ ਦਾ ਸਾਹਮਣਾ ਕਰਨਾ ਪੈਂਦਾ ਹੈ। ਲੋਕਾਂ ਦਾ ਕਹਿਣਾ ਹੈ ਕਿ ਅਜੇ ਤੀਕ ਇਹ ਗੱਲ ਸਾਫ਼ ਨਹੀਂ ਹੋਈ ਕਿ ਇਸ ਪੁਲ ਦੀ ਸਾਂਭ-ਸੰਭਾਲ ਕਿਸ ਵਿਭਾਗ ਦੇ ਜ਼ਿੰਮੇ ਹੈ। ਸ਼ਾਇਦ ਇਹੀ ਕਾਰਨ ਹੈ ਕਿ ਵਿਭਾਗ ਦੀ ਜ਼ਿੰਮੇਵਾਰੀ ਫਿਕਸ ਨਾ ਹੋਣ ਕਰਕੇ ਇਸ ਪੁਲ ਦੀ ਸਾਫ਼ ਸਫ਼ਾਈ ਨਹੀਂ ਹੋ ਰਹੀ। ਜਾਣਕਾਰੀ ਅਨੁਸਾਰ ਲਗਭਗ ਦੋ ਸਾਲ ਦੇ ਸਮੇਂ ਉਪਰੰਤ ਲੱਖਾਂ, ਕਰੋੜਾਂ ਰੁਪਏ ਲਾਗਤ ਨਾਲ ਇਹ ਰੇਲਵੇ ਅੰਡਰ ਬ੍ਰਿਜ ਤਿਆਰ ਹੋਇਆ ਹੈ ਅਤੇ ਥੋੜ੍ਹਾ ਸਮਾਂ ਪਹਿਲਾਂ ਹੀ ਬਿਨਾਂ ਕਿਸੇ ਉਦਘਾਟਨ ਦੇ ਇਸ ਲੋਕਾਂ ਦੀ ਸਹੂਲਤ ਵਾਸਤੇ ਪ੍ਰਸ਼ਾਸਨ ਵਲੋਂ ਚਾਲੂ ਕਰ ਦਿੱਤਾ ਗਿਆ।

ਇਸ ਪੁਲ ਰਾਹੀਂ ਸੈਂਕੜਿਆਂ ਦੀ ਗਿਣਤੀ ਵਿਚ ਵਾਹਨ ਗੁਜ਼ਰਦੇ ਹਨ ਜਿਸ ਕਰਕੇ ਇਸ ਪੁਲ ਦੀ ਸਫ਼ਾਈ ਵਗੈਰਾ ਹੋਣਾ ਅਤਿ ਜ਼ਰੂਰੀ ਹੈ। ਲੋਕਾਂ ਦਾ ਕਹਿਣਾ ਹੈ ਕਿ ਜਿਵੇਂ ਬਾਕੀ ਸੜਕਾਂ ਦੀ ਸਫ਼ਾਈ ਕਰਵਾਈ ਜਾਂਦੀ ਹੈ ਉਸੇ ਤਰ੍ਹਾਂ ਹੀ ਤਿੱਬੜੀ ਰੇਲਵੇ ਅੰਡਰ ਬ੍ਰਿਜ ਦੀ ਸਫ਼ਾਈ ਵੱਲ ਵੀ ਖ਼ਾਸ ਧਿਆਨ ਦਿੱਤਾ ਜਾਵੇ।

## ਕੈਪਟਨ ਸਿੰਘ ਬਘਿਆੜੀ ਨੂੰ ਸਦਮਾ, ਭਤੀਜੇ ਦਾ ਦਿਹਾਂਤ



ਝਬਾਲ (ਹਰਜਿੰਦਰ ਸਿੰਘ ਸੋਨੀ)-ਕਿਸਾਨ ਆਗੂ ਕੈਪਟਨ ਸਿੰਘ ਬੜਿਆੜੀ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਭਤੀਜੇ ਹਰਭਾਲ ਸਿੰਘ ਦਾ ਅਚਾਨਕ ਦਿਹਾਂਤ ਹੋ ਗਿਆ। ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਵਾਲਿਆਂ ਵਿੱਚ ਸਾਬਕਾ ਵਿਧਾਇਕ ਹਰਮੀਤ ਸਿੰਘ ਸੰਧੂ, ਚੇਅਰਮੈਨ ਹਰਵੰਤ ਸਿੰਘ ਝਬਾਲ, ਅਮਰਜੀਤ ਸਿੰਘ ਸੋਹਲ, ਰਾਜਬੀਰ ਸਿੰਘ ਸੰਧੂ, ਕਿਸਾਨ ਆਗੂ ਬਲਜੀਤ ਸਿੰਘ ਸਰਾਂ, ਸਾਬਕਾ ਸਰਪੰਚ ਪਰਮਜੀਤ ਸਿੰਘ ਬਘਿਆੜੀ, ਗੁਰਦਰਸ਼ਨ ਸਿੰਘ ਬਘਿਆੜੀ, ਮਨਜਿੰਦਰ ਸਿੰਘ ਬਘਿਆੜੀ, ਪ੍ਰਧਾਨ ਹਰਦੇਵ ਸਿੰਘ ਦੇਬੂ ਬਘਿਆੜੀ, ਮਲਕੀਅਤ ਸਿੰਘ ਬਘਿਆੜੀ, ਚੇਅਰਮੈਨ ਰਮਨ ਕੁਮਾਰ, ਸਾਬਕਾ ਸਰਪੰਚ ਪ੍ਰੀਤ ਇੰਦਰ ਸਿੰਘ, ਬਲਾਕ ਸੰਮਤੀ ਮੈਂਬਰ ਮਨਜੀਤ ਸਿੰਘ, ਸਾਬਕਾ ਸਰਪੰਚ ਜਸਬੀਰ ਸਿੰਘ ਸਵਰਗਾਪੁਰੀ, ਪੂਰਨ ਸਿੰਘ, ਬਾਬਾ ਵਰਿਆਮ ਸਿੰਘ, ਕਾਮਰੇਡ ਦਵਿੰਦਰ ਕੁਮਾਰ ਸੋਹਲ, ਬਲਗੇਰ ਸਿੰਘ ਬਘਿਆੜੀ, ਨਿਰਵੈਲ ਸਿੰਘ ਬਘਿਆੜੀ, ਸਰਵਣ ਸਿੰਘ ਕਰਿਆਨੇ ਵਾਲੇ, ਅਜਮੇਰ ਸਿੰਘ ਕਾਕਾ ਛਾਪਾ, ਬਿੱਲਾ ਖੂਹ ਵਾਲਾ, ਦਲਜੀਤ ਸਿੰਘ ਐਮਾਂ, ਅਜਾਇਬ ਸਿੰਘ ਦੀਨਪੁਰ ਆਦਿ ਨੇ ਕਿਸਾਨ ਆਗੂ ਕੈਪਟਨ ਸਿੰਘ ਬਘਿਆੜੀ ਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਪਰਿਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ।

## ਵਿਜੀਲੈਂਸ ਅਵੇਅਰਨੈੱਸ ਵੀਕ-2023 ਮਨਾਇਆ



ਝਬਾਲ (ਹਰਜਿੰਦਰ ਸਿੰਘ ਸੋਨੀ)—ਚੀਫ਼ ਖਾਲਸਾ ਦੀਵਾਨ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਵਿਖੇ 30 ਅਕਤੂਬਰ ਤੋਂ 5 ਨਵੰਬਰ ਤੱਕ ਵਿਜੀਲੈਂਸ ਅਵੇਅਰਨੈੱਸ ਵੀਕ ਮਨਾਇਆ ਗਿਆ ਜਿਸ ਦੇ ਤਹਿਤ ਵਿਦਿਆਰਥੀਆਂ ਨੂੰ ਭ੍ਰਿਸ਼ਟਾਚਾਰ ਤੋਂ ਬਚਣ ਲਈ ਜਾਗਰੂਕ ਕੀਤਾ ਗਿਆ ਅਤੇ ਪੜ੍ਹ-ਲਿਖ ਕੇ ਇੱਕ ਜ਼ਿੰਮੇਵਾਰ ਨਾਗਰਿਕ ਬਣਨ ਲਈ ਉਤਸ਼ਾਹਿਤ ਕੀਤਾ ਗਿਆ। ਦਸਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਅਤੇ ਸਕੂਲ ਦੇ ਸਮੂਹ ਸਟਾਫ਼ ਨੂੰ ਭ੍ਰਿਸ਼ਟਾਚਾਰ ਮੁਕਤ ਹੋਣ ਸਬੰਧੀ ਸਹੁੰ ਚੁਕਾਈ ਗਈ। ਜਮਾਤਾਂ ਵਿੱਚ ਵੱਖ-ਵੱਖ ਗਤੀਵਿਧੀਆਂ ਦੁਆਰਾ ਬੱਚਿਆਂ ਨੂੰ ਭ੍ਰਿਸ਼ਟਾਚਾਰ ਦੇ ਨਾਸੂਰ ਤੋਂ ਚੌਕਸ ਰਹਿਣ ਲਈ ਸੁਚੇਤ ਕੀਤਾ ਗਿਆ। ਸਕੂਲ ਦੀ ਸਮੂਹ ਮੈਨੇਜਮੈਂਟ ਅਤੇ ਪ੍ਰਿੰ. ਅਨੁਰੀਤ ਬਾਵਾ ਨੇ ਬੱਚਿਆਂ ਨੂੰ ਨਾਗਰਿਕਾਂ ਨਾਲ ਹੋ ਰਹੀ ਵੱਖ-ਵੱਖ ਢੰਗਾਂ ਨਾਲ ਧੋਖਾਧੜੀ ਬਾਰੇ ਦੱਸਦਿਆਂ ਵਿਦਿਆਰਥੀਆਂ ਨੂੰ ਜੀਵਨ ਵਿੱਚ ਪੜ੍ਹਾਈ ਦੀ ਮਹੱਤਤਾ ਤੋਂ ਜਾਣੂ ਕਰਵਾਉਂਦਿਆਂ ਭ੍ਰਿਸ਼ਟਾਚਾਰ ਮੁਕਤ ਸਮਾਜ ਸਿਰਜਣ ਲਈ ਪ੍ਰੇਰਿਤ ਕੀਤਾ।



*ਝਬਾਲ-ਸਰਪੰਚ ਗੁਰਪਾਲ ਸਿੰਘ ਜਗਤਪੁਰਾ ਦੀ ਮਾਤਾ ਹਰਭਜਨ ਕੌਰ ਜੋ ਕੁਝ ਦਿਨ ਪਹਿਲਾਂ ਅਕਾਲ ਚਲਾਣਾ ਕਰ ਗਏ ਸਨ, ਦੇ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਤੋਂ ਸਾਂਸਦ ਜਸਬੀਰ ਸਿੰਘ ਡਿੰਪਾ ਪੀੜਤ ਪਰਿਵਾਰ ਨਾਲ ਨਾਲ ਦੁੱਖ ਸਾਂਝਾ ਕਰਨ ਜਗਤਪੁਰਾ ਦੇ ਘਰ ਪਹੁੰਚੇ ਅਤੇ ਮਾਤਾ ਦੇ ਵਿਛੋੜੇ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ। ਇਸ ਸਮੇਂ ਸਰਪੰਚ ਸੁਰਜੀਤ ਸਿੰਘ ਸ਼ਾਹ ਢੰਡ, ਨਰਿੰਦਰ ਸਿੰਘ ਛਾਪਾ, ਦਰਸ਼ਨ ਸਿੰਘ ਜਗਤਪੁਰਾ ਅਤੇ ਜਸਕਰਨ ਸਿੰਘ ਜਗਤਪੁਰਾ ਹਾਜ਼ਰ ਸਨ। (ਫੋਟੋ ਤੇ ਵੇਰਵਾ: ਹਰਜਿੰਦਰ ਸਿੰਘ ਸੋਨੀ ਝਬਾਲ)*

# ਚੋਰੀ ਦੇ ਮੋਟਰਸਾਈਕਲ ਸਮੇਤ ਦੋ ਕਾਬੂ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)- ਸਤਿੰਦਰ ਸਿੰਘ ਆਈਪੀਐੱਸ ਸੀਨੀਅਰ ਪੁਲਸ ਕਪਤਾਨ ਅੰਮ੍ਰਿਤਸਰ ਦਿਹਾਤੀ ਵੱਲੋਂ ਜਾਰੀ ਹਦਾਇਤਾਂ ਅਤੇ ਕੁਲਦੀਪ ਸਿੰਘ ਪੀਪੀਐੱਸ ਉਪ ਪੁਲਸ ਕਪਤਾਨ ਸਬ ਡਵੀਜ਼ਨ ਜੰਡਿਆਲਾ ਗੁਰੂ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਥਾਣਾ ਤਰਸਿਕਾ ਜ਼ਿਲਾ ਅੰਮ੍ਰਿਤਸਰ ਦਿਹਾਤੀ ਦੀ ਪੁਲਸ ਨੂੰ ਉਸ ਵੇਲੇ ਸਫਲਤਾ ਹਾਸਲ ਹੋਈ ਜਦ ਥਾਣਾ ਤਰਸਿੱਕਾ ਦੀ ਪੁਲਿਸ ਪਾਰਟੀ ਵੱਲੋਂ ਪਿੰਡ ਜੱਬੋਵਾਲ ਦੇ ਬਾਹਰੋਂ ਦੌਰਾਨੇ ਨਾਕਾਬੰਦੀ ਦੇ ਮੋਟਰਸਾਈਕਲ ਚੋਰਾਂ ਨੂੰ ਚੋਰੀ ਦੇ ਮੋਟਰਸਾਈਕਲ ਸਪਲੈਂਡਰ ਰੰਗ ਕਾਲਾ ਬਿਨਾਂ ਨੰਬਰੀ ਸਮੇਤ ਕਾਬੂ ਕੀਤਾ ਗਿਆ ਅਤੇ ਉਕਤ ਮੁਲਜ਼ਮਾਂ ਖਿਲਾਫ ਮੁਕੱਦਮਾ ਦਰਜ ਰਜਿਸਟਰ ਕਰਕੇ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ। ਥਾਣਾ ਤਰਸਿੱਕਾ ਵਿਖੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਐੱਸਆਈ ਅਵਤਾਰ ਸਿੰਘ ਐੱਸਐੱਚਓ ਥਾਣਾ ਤਰਸਿੱਕਾ, ਬਘੇਲ ਸਿੰਘ, ਜਤਿੰਦਰ ਸਿੰਘ, ਨਵਜੋਤ ਸਿੰਘ ਨੇ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਦੋਸ਼ੀਆਂ ਦੀ ਪਹਿਚਾਣ ਗੁਰਬਿੰਦਰ ਸਿੰਘ ਉਰਫ ਭਿੰਦਾ ਪੁੱਤਰ ਬਲਦੇਵ ਸਿੰਘ ਅਤੇ ਹਰਪ੍ਰੀਤ ਸਿੰਘ ਉਰਵ ਹੈਪੀ ਪੁੱਤਰ ਸੁਖਦੇਵ ਸਿੰਘ ਵਾਸੀਆਨ ਪਿੰਡ ਕਟ ਖਹਿਰਾ ਥਾਣਾ ਜਿਲਾ ਅੰਮ੍ਰਿਤਸਰ ਵਜੋਂ ਹੋਈ। ਦੌਰਾਨੇ ਪੁੱਛਗਿੱਛ ਦੋਸ਼ੀਆ ਵੱਲੋਂ ਦੱਸਿਆ ਗਿਆ ਕਿ ਉਕਤ ਮੋਟਰਸਾਈਕਲ ਉਨ੍ਹਾਂ ਵੱਲੋਂ ਕੁਝ ਮਹੀਨੇ ਪਹਿਲਾਂ ਬਟਾਲਾ ਬੱਸ ਸਟੈਂਡ ਤੋਂ ਚੋਰੀ ਕੀਤਾ ਸੀ ਜਿਸ ਨੂੰ ਉਹ ਵੇਚਣ ਲਈ ਟਾਂਗਰਾ ਸਾਈਡ ਨੂੰ ਜਾ ਰਹੇ ਸੀ।

## ਨਗਰ ਨਿਗਮ ਦੀਆਂ ਚੋਣਾਂ ਨੂੰ ਲੈ ਕੇ ਸਿੱਖਿਆ ਮੰਤਰੀ ਬੈਂਸ ਵੱਲੋਂ ਅਹਿਮ ਬੈਠਕ



ਅੰਮ੍ਰਿਤਸਰ (ਨਰਿੰਦਰਜੀਤ ਸਿੰਘ)— ਨਗਰ ਨਿਗਮ ਦੀਆਂ ਚੋਣਾਂ ਨੂੰ ਲੈ ਕੇ ਆਮ ਆਦਮੀ ਪਾਰਟੀ ਦੀ ਤਿਆਰੀ ਨੇ ਜ਼ੋਰ ਫੜ ਲਿਆ ਹੈ।

ਇਸੇ ਕੜੀ ਵਜੋਂ ਇਕ ਅਹਿਮ ਬੈਠਕ ਅੰਮ੍ਰਿਤਸਰ ਸਥਿਤ ਬੱਚਤ ਭਵਨ ਵਿਖੇ ਸਿੱਖਿਆ ਮੰਤਰੀ ਹਰਜੋਤ ਬੈਂਸ ਦੀ ਅਗਵਾਈ ਵਿੱਚ ਹੋਈ। ਇਸ ਮੀਟਿੰਗ ਵਿੱਚ ਆਮ ਆਦਮੀ ਪਾਰਟੀ ਦੇ ਸੂਬਾ ਸਹਿ ਪ੍ਰਧਾਨ ਹਲਕਾ ਬਟਾਲਾ ਤੋਂ ਵਿਧਾਇਕ ਸ਼ੈਰੀ ਕਲਸੀ, ਅੰਮ੍ਰਿਤਸਰ ਤੋਂ ਵਿਧਾਇਕ ਡਾ. ਜਸਬੀਰ ਸਿੰਘ ਸੰਧੂ, ਡਾ. ਅਜੈ ਗੁਪਤਾ, ਮੈਡਮ ਜੀਵਨਜੋਤ, ਡਾਕਟਰ ਇੰਦਰਬੀਰ ਸਿੰਘ ਨਿੱਝਰ, ਲੋਕ ਸਭਾ ਇੰਚਾਰਜ ਇਕਬਾਲ ਸਿੰਘ ਭੁੱਲਰ, ਜ਼ਿਲ੍ਹਾ ਪ੍ਰਧਾਨ ਮਨੀਸ਼ ਅੱਗਰਵਾਲ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਜਸਪ੍ਰੀਤ ਸਿੰਘ ਅਤੇ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੀ ਲੋਕਲ ਲੀਡਰਸ਼ਿਪ ਮੌਜੂਦ ਰਹੀ। ਇਸ ਮੌਕੇ ਆਮ ਆਦਮੀ ਪਾਰਟੀ ਦੇ ਐਸਸੀ ਵਿੰਗ ਦੇ ਕੋਆਡੀਨੇਟਰ ਰਵਿੰਦਰ ਹੰਸ ਨੇ ਜਾਣਕਾਰੀ ਦਿੱਤੀ ਕਿ ਪਾਰਟੀ ਹਾਈਕਮਾਂਡ ਵੱਲੋਂ ਜ਼ਿਲ੍ਹਾ ਪੱਧਰੀ ਕਮੇਟੀ ਦੀ ਅਗਵਾਈ ਮੰਤਰੀ ਹਰਜੋਤ ਬੈਂਸ ਕਰਨਗੇ ਜਿਨ੍ਹਾਂ ਦੇ ਨਾਲ ਹਲਕਾ ਬਟਾਲਾ ਤੋਂ ਵਿਧਾਇਕ ਸ਼ੈਰੀ ਕਲਸੀ ਅਤੇ ਚੇਅਰਮੈਨ ਪੰਜਾਬ ਗੁਰਦੇਵ ਲਖਨਾ ਨੂੰ ਜ਼ਿੰਮੇਵਾਰੀ ਦਿੱਤੀ ਗਈ ਹੈ।

ਇਸੇ ਪ੍ਰਕਾਰ ਹਰ ਹਲਕੇ ਵਿੱਚ ਯੋਗ ਉਮੀਦਵਾਰਾਂ ਦੀ ਚੋਣ ਕਰਨ ਲਈ ਕਮੇਟੀਆਂ ਬਣਾਈਆਂ ਗਈਆਂ ਹਨ। ਹਲਕਾ ਪੱਛਮੀ ਦੀ ਕਮੇਟੀ ਵਿੱਚ ਹਲਕਾ ਵਿਧਾਇਕ ਡਾ. ਜਸਬੀਰ ਸਿੰਘ ਸੰਧੂ, ਰਵਿੰਦਰ ਹੰਸ ਅਤੇ ਡਾ. ਇੰਦਰਪਾਲ ਨੂੰ ਸ਼ਾਮਿਲ ਕੀਤਾ ਗਿਆ ਹੈ।

## ਖਸਤਾ ਹਾਲ ਪੁਲ ਦੀ ਨਵ-ਉਸਾਰੀ ਕਰਾਉਣ ਲਈ ਈਟੀਓ ਦਾ ਧੰਨਵਾਦ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)- ਕਸਬਾ ਕੱਥੂਨੰਗਲ ਤੋਂ ਮਜੀਠਾ ਵਿਚਕਾਰ ਅਜਾਇਬਵਾਲੀ ਪਿੰਡ ਨੂੰ ਜਾਂਦੀ ਸੜਕ 'ਤੇ ਬਣਿਆ ਪੁਲ ਜੋ ਖਸਤਾ ਹਾਲ ਸੀ, ਦੀ ਨਵ-ਉਸਾਰੀ ਲਈ ਹਲਕਾ ਇੰਚਾਰਜ ਸੁਖਜਿੰਦਰ ਰਾਜ ਸਿੰਘ ਲਾਲੀ ਮਜੀਠੀਆ ਨੇ ਈਟੀਓ ਦਾ ਧੰਨਵਾਦ ਕੀਤਾ।

ਇਹ ਪ੍ਰਗਟਾਵਾ ਸੁਖਜਿੰਦਰ ਰਾਜ ਕੇ ਸਿੰਘ ਲਾਲੀ ਮਜੀਠੀਆ ਦੀ ਧਰਮ ਪਤਨੀ ਡਾ. ਸਤਿੰਦਰ ਕੌਰ ਗਿੱਲ ਮਜੀਠੀਆ ਨੇ ਕਥੂ ਨੰਗਲ ਦਫਤਰ ਵਿੱਚ ਹਲਕੇ ਦੇ ਲੋਕਾਂ ਦੀਆਂ ਦੁੱਖ ਤਕਲੀਫਾਂ ਸੁਣਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਡਾ. ਮਜੀਠੀਆ ਨੇ ਕਿਹਾ ਕਿ ਇਹ ਪੁਲ ਜਿਹੜਾ ਪਿਛਲੀਆਂ ਸਰਕਾਰਾਂ ਵਲੋਂ ਅਣਗੌਲਿਆ ਗਿਆ ਸੀ ਤੇ ਰਾਹਗੀਰ ਇਸ ਵਿਚ ਪਏ ਟੋਇਆਂ ਤੋਂ ਡਾਢੇ ਪ੍ਰੇਸ਼ਾਨ ਸਨ, ਨੂੰ ਆਪ ਸਰਕਾਰ ਵੱਲੋਂ ਪਹਿਲ ਦੇ ਆਧਾਰ 'ਤੇ ਬਣਾਇਆ ਜਾ ਰਿਹਾ ਹੈ।

ਉਨ੍ਹਾਂ ਸਰਕਾਰੀ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਸ ਪੁਲ ਦਾ ਕੰਮ ਤੁਰੰਤ ਸਿਰੇ ਚਾੜ੍ਹਿਆ ਜਾਵੇ। ਇਸ ਮੌਕੇ ਜਸਮੀਤ ਸਿੰਘ ਰੰਧਾਵਾ, ਅੱਵਲ ਮਜੀਠੀਆ, ਦਲੇਰ ਸਿੰਘ ਸਾਧਪੁਰ, ਜੇ. ਈ. ਸ਼ਰਨਜੀਤ ਸਿੰਘ ਆਦਿ ਵੀ ਹਾਜ਼ਰ ਸਨ

# ਪ੍ਰੈੱਸ ਕਲੱਬ ਅੰਮ੍ਰਿਤਸਰ ਦੀ ਚੋਣ ਕਰਾਉਣ ਲਈ ਡੀ ਸੀ ਨੇ ਏ ਡੀ ਸੀ ਨੂੰ ਨੋਡਲ ਅਫਸਰ ਕੀਤਾ ਨਿਯੁਕਤ



ਅੰਮ੍ਰਿਤਸਰ 8 ਨਵੰਬਰ (ਜਸਬੀਰ ਸਿੰਘ ਪੱਟੀ)-ਪ੍ਰੈੱਸ ਕਲੱਬ ਅੰਮ੍ਰਿਤਸਰ ਦੀ ਚੋਣ ਨੂੰ ਲੈ ਕੇ ਪੱਤਰਕਾਰਾਂ ਦਾ ਇੱਕ ਵਫਦ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਨੂੰ ਮਿਲਿਆ ਤੇ ਇੱਕ ਮੈਮੋਰੰਡਮ ਦੇ ਕੇ ਮੰਗ ਕੀਤੀ ਕਿ ਪ੍ਰੈੱਸ ਕਲੱਬ ਦੀ ਚੋਣ ਕਰਵਾ ਕੇ ਕਲੱਬ ਚੁਣੀ ਹੋਈ ਬਾਡੀ ਦੇ ਹਵਾਲੇ ਕੀਤਾ ਜਾਵੇ। ਸਾਰੀ ਗੱਲਬਾਤ ਬੜੇ ਗਹੁ ਨਾਲ ਸੁਣਨ ਉਪਰੰਤ ਡੀਸੀ ਘਨਸ਼ਿਆਮ ਥੌਰੀ ਨੇ ਏਡੀਸੀ ਹਰਪ੍ਰੀਤ ਸਿੰਘ ਨੂੰ ਨੋਡਲ ਅਫਸਰ ਨਿਯੁਕਤ ਕਰਦਿਆਂ ਕਿਹਾ ਕਿ ਜਲਦੀ ਹੀ ਕਲੱਬ ਦੀ ਚੋਣ ਕਰਵਾ ਕੇ ਕਲੱਬ ਇੱਕ ਚੁਣੀ ਹੋਈ ਬਾਡੀ ਦੇ ਹਵਾਲੇ ਕੀਤਾ ਜਾਵੇਗਾ। ਪ੍ਰੈੱਸ ਕਲੱਬ ਦੀ ਮਲਕੀਅਤ ਮੁੱਢਲੇ ਰੂਪ ਵਿੱਚ ਡਾਇਰੈਕਟਰ ਲੋਕ ਸੰਪਰਕ ਵਿਭਾਗ ਦੀ ਹੈ ਤੇ ਪੱਤਰਕਾਰਾਂ ਨੂੰ ਇਹ ਵਰਤਣ ਵਾਸਤੇ ਦਿੱਤੀ ਗਈ ਹੈ ਜਦਕਿ ਕੁਝ ਲੋਕ ਇਸ ਕਲੱਬ 'ਤੇ ਨਜਾਇਜ਼ ਕਬਜ਼ਾ ਜਮਾਉਣ ਦੀ ਕੋਸ਼ਿਸ਼ ਕਰ ਰਹੇ ਹਨ ਜਿਸ ਨੂੰ ਲੈ ਕੇ ਇਨਸਾਫ ਪਸੰਦ ਪੱਤਰਕਾਰਾਂ ਨੇ ਕਬਜ਼ਾਧਾਰੀਆਂ ਦੇ ਖਿਲਾਫ ਪਿਛਲੇ ਦੋ ਮਹੀਨਿਆਂ ਤੋਂ ਮੁਹਿੰਮ ਵਿੱਢੀ ਹੋਈ ਹੈ। ਇਸ ਸਬੰਧ ਵਿੱਚ ਹੁਣ ਤੱਕ ਇਸ ਤੋਂ ਪਹਿਲਾਂ ਰਹੇ ਡੀ. ਸੀ. ਅਮਿਤ ਤਲਵਾੜ ਨੂੰ ਵੀ ਮਿਲ ਚੁੱਕੇ ਹਨ ਜਿਨ੍ਹਾਂ ਨੇ ਵੀ ਕਿਹਾ ਸੀ ਕਿ ਸਰਕਾਰੀ ਜ਼ਮੀਨ 'ਤੇ ਕਿਸੇ ਦਾ ਵੀ ਨਜਾਇਜ਼ ਕਬਜ਼ਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਤੇ ਚੋਣ ਕਰਵਾ ਕੇ ਕਲੱਬ ਚੁਣੀ ਹੋਈ ਬਾਡੀ ਦੇ ਹਵਾਲੇ ਕੀਤੀ ਜਾਵੇਗੀ ਪਰ ਉਨ੍ਹਾਂ ਦਾ ਤਬਾਦਲਾ ਹੋਣ ਕਾਰਨ ਮਾਮਲਾ ਲਟਕ ਗਿਆ ਸੀ। ਅੱਜ ਡਿਪਟੀ ਕਮਿਸ਼ਨਰ ਥੌਰੀ ਨਾਲ ਜਦੋਂ ਮੁਲਾਕਾਤ ਕੀਤੀ ਤਾਂ ਉਸ ਸਮੇਂ ਏਡੀਸੀ ਹਰਪ੍ਰੀਤ ਸਿੰਘ ਵੀ ਉਨ੍ਹਾਂ ਦੇ ਕੋਲ ਹੀ ਬੈਠੇ ਸਨ ਜਿਨ੍ਹਾਂ ਨੂੰ ਡੀਸੀ ਵੱਲੋ ਨੋਡਲ ਅਫਸਰ ਲਗਾਇਆ ਗਿਆ ਤੇ ਉਨ੍ਹਾਂ ਨੇ ਤੁਰੰਤ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਸ਼ੇਰ ਜੰਗ ਸਿੰਘ ਤੇ ਏਪੀਆਰਓ ਯੋਗੇਸ਼ ਨੂੰ ਬੁਲਾ ਕੇ ਕਿਹਾ ਕਿ ਪੱਤਰਕਾਰਾਂ ਨਾਲ ਇਸ ਸਬੰਧ ਵਿੱਚ 14 ਨਵੰਬਰ ਨੂੰ ਸਵੇਰੇ 11 ਵਜੇ ਮੀਟਿੰਗ ਕੀਤੀ ਜਾਵੇਗੀ ਤਾਂ ਕਿ ਅਗਲੀ ਰਣਨੀਤੀ ਬਣਾਈ ਜਾ ਸਕੇ। ਡੀਸੀ ਨਾਲ ਮੁਲਾਕਾਤ ਕਰਨ ਵਾਲਿਆਂ ਵਿੱਚ ਜਸਬੀਰ ਸਿੰਘ ਪੱਟੀ, ਰਾਜੇਸ਼ ਸ਼ਰਮਾ, ਅਨਿਲ ਸ਼ਰਮਾ, ਹਰਪਾਲ ਸਿੰਘ ਭੰਗੂ, ਮਲਕੀਅਤ ਸਿੰਘ ਬਰਾੜ, ਸਿਮਰਨ ਕੌਰ, ਮਨਜੀਤ ਕੌਰ, ਸੋਨੀਆ ਆਦਿ ਹਾਜ਼ਰ ਸਨ।

# ਟੈਕਨੀਕਲ ਸਰਵਿਸ ਯੂਨੀਅਨ ਸਰਕਲ ਗੁਰਦਾਸਪੁਰ ਵਰਕਿੰਗ ਕਮੇਟੀ ਦੀ ਮੀਟਿੰਗ



ਗੁਰਦਾਸਪੁਰ, (ਜਨਕ ਮਹਾਜਨ)- ਟੈਕਨੀਕਲ ਸਰਵਿਸ ਯੂਨੀਅਨ ਸਰਕਲ ਗੁਰਦਾਸਪੁਰ ਵਰਕਿੰਗ ਕਮੇਟੀ ਦੀ ਮੀਟਿੰਗ ਸੰਜੀਵ ਸੈਣੀ ਸਰਕਲ ਪ੍ਰਧਾਨ ਦੀ ਪ੍ਰਧਾਨਗੀ ਹੇਠ ਸਾਥੀਆਂ ਨੂੰ ਆ ਰਹੀਆਂ ਮੁਸ਼ਕਲਾਂ 'ਤੇ ਵਿਚਾਰ ਚਰਚਾ ਹੋਈ ਅਤੇ ਮੰਡਲ ਗੁਰਦਾਸਪੁਰ ਦੀ ਵੀ ਮੀਟਿੰਗ ਕਰਵਾਈ ਗਈ ਜਿਸ ਦੀ ਪ੍ਰਧਾਨਗੀ ਸੰਜੀਵ ਸ਼ਰਮਾ ਵਲੋਂ ਕੀਤੀ ਗਈ। ਇਸ ਮੌਕੇ ਮੁਲਾਜ਼ਮ ਸਾਥੀਆਂ ਨੂੰ ਸੰਘਰਸ਼ ਸਬੰਧੀ ਲਾਮਬੰਦ ਕੀਤਾ ਗਿਆ।

ਆਗੂਆਂ ਵਲੋਂ ਮੰਗ ਕੀਤੀ ਗਈ ਕਿ ਸਾਥੀਆਂ ਦੀਆਂ ਰੈਗੂਲਰ ਤਨਖ਼ਾਹ ਬਣਾਈਆਂ ਜਾਣ, ਡੀ. ਏ. ਦੀਆਂ ਕਿਸ਼ਤਾਂ ਕੇਂਦਰ ਸਰਕਾਰ ਦੇ ਪੈਟਰਨ 'ਤੇ ਦਿੱਤੀਆਂ ਜਾਣ, ਉਸ ਦਾ ਬਣਦਾ ਏਰੀਅਰ ਦੀਵਾਲੀ ਤੋਂ ਪਹਿਲਾਂ ਜਾਰੀ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਬਣਨ ਤੋਂ ਪਹਿਲਾਂ ਮੁਲਾਜ਼ਮਾਂ ਨਾਲ ਵਾਅਦਾ ਕੀਤਾ ਸੀ ਕਿ ਮੁਲਾਜ਼ਮਾਂ ਨੂੰ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਮੰਗ ਕੀਤੀ ਕਿ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਤੁਰੰਤ ਪੂਰਿਆਂ ਕੀਤਾ ਜਾਵੇ, ਨਵੀਂ ਭਰਤੀ ਕੀਤੀ ਜਾਵੇ ਕਿਉਂਕਿ ਫੀਲਡ ਸਟਾਫ਼ ਅਤੇ ਕਲੈਰੀਕਲ ਦੀ ਲਗਾਤਾਰ ਰਿਟਾਇਰਮੈਂਟ ਹੋਣ 'ਤੇ ਫੀਡਰਾਂ 'ਤੇ ਇਕ-ਇਕ, ਦੋ-ਦੋ ਸਾਥੀ ਰਹਿ ਗਏ ਹਨ। ਸੋ ਕੰਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਰੈਗੂਲਰ ਨਵੀਂ ਭਰਤੀ ਕੀਤੀ ਜਾਵੇ ਤਾਂ ਜੋ ਖਪਤਕਾਰਾਂ ਨੂੰ ਔਕੜਾਂ ਨਾ ਆਉਣ। ਇਸ ਮੌਕੇ ਹਰਦਿਆਲ ਸਿੰਘ, ਲਖਵਿੰਦਰ ਸਿੰਘ ਸੈਣੀ, ਦਿਨੇਸ਼ਵਰ ਸਿੰਘ, ਗੁਰਪਾਲ ਸਿੰਘ, ਧਰਮਿੰਦਰ ਸਿੰਘ, ਸਤਨਾਮ ਸਿੰਘ, ਰਜਿੰਦਰ ਸ਼ਰਮਾ, ਰਮਨ ਕੁਮਾਰ, ਪ੍ਰਵੀਨ ਸਿੰਘ, ਕੰਸ ਰਾਜ, ਸਰਵਜੀਤ ਸਿੰਘ, ਕੁਲਦੀਪ ਸਿੰਘ, ਸੁਖਦੇਵ ਸੋਹਲ, ਰਾਹੁਲ ਆਦਿ ਹਾਜ਼ਰ ਸਨ।

## ਬਾਬਾ ਬੰਦਾ ਸਿੰਘ ਬਹਾਦਰ ਸਕੂਲ 'ਚ ਸਟੂਡੈਂਟ ਲੈੱਡ ਕਾਨਫਰੰਸ ਕਰਵਾਈ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਅਗਵਾਈ ਹੇਠ ਸਕੂਲ ਵਿੱਚ ਸਟੂਡੈਂਟ ਲੈੱਡ ਕਾਨਫਰੰਸ ਕਰਵਾਈ ਗਈ। ਇਸ ਦੌਰਾਨ ਵਿਦਿਆਰਥੀਆਂ ਵੱਲੋਂ ਅਧਿਆਪਕਾਂ ਦੀ ਭੂਮਿਕਾ ਨਿਭਾਉਂਦੇ ਹੋਏ ਵੱਖ-ਵੱਖ ਵਿਸ਼ਿਆਂ 'ਤੇ ਤਿਆਰ ਕੀਤੇ ਮਾਡਲਾਂ ਦਾ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵੀ ਸ਼ਾਮਿਲ ਕੀਤਾ ਗਿਆ ਅਤੇ ਵਿਦਿਆਰਥੀਆਂ ਦੇ ਵਧੀਆ ਪ੍ਰਦਰਸ਼ਨ ਤੇ ਉਨ੍ਹਾਂ ਦੇ ਮਾਪੇ ਬਹੁਤ ਖੁਸ਼ ਹੋਏ ਅਤੇ ਆਪਣੀ ਪ੍ਰਤੀਕਿਰਿਆ ਦਿੰਦੇ ਹੋਏ ਸਕੂਲ ਦੇ ਮਿਹਨਤੀ ਸਟਾਫ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਸੀਂ ਮਾਣ ਮਹਿਸੂਸ ਕਰਦੇ ਹਾਂ ਕਿ ਸਾਡੇ ਬੱਚੇ ਇਕ ਅਜਿਹੀ ਸੰਸਥਾ ਵਿੱਚ ਪੜ੍ਹ ਰਹੇ ਹਨ ਜਿਥੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਮੁੱਖ ਰੱਖਦੇ ਹੋਏ ਵੱਧ ਤੋਂ ਵੱਧ ਉਪਰਾਲੇ ਕੀਤੇ ਜਾਂਦੇ ਹਨ। ਸਕੂਲ ਦੇ ਪ੍ਰਿੰਸੀਪਲ ਕਿਰਨ ਕੇਸਰ ਦੁਆਰਾ ਕਾਨਫਰੰਸ ਦਾ ਨਿਰੀਖਣ ਕੀਤਾ ਗਿਆ ਅਤੇ ਵਿਦਿਆਰਥੀਆਂ ਦੀ ਵਧੀਆ ਕਾਰਗੁਜ਼ਾਰੀ ਤੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਜਿਵੇਂ ਵਿਦਿਆਰਥੀਆਂ ਨੇ ਪ੍ਰਦੂਸ਼ਣ ਆਦਿ ਸਮੱਸਿਆਵਾਂ ਤੋਂ ਬਚਣ ਲਈ ਮਾਡਲਾਂ ਰਾਹੀਂ ਸੁਝਾਅ ਦਿੱਤੇ ਹਨ, ਇਹ ਸੁਝਾਅ ਸਾਨੂੰ ਆਪਣੀ ਜ਼ਿੰਦਗੀ ਵਿੱਚ ਅਪਨਾਉਣੇ ਚਾਹੀਦੇ ਹਨ ਤਾਂ ਜੋ ਅਸੀਂ ਇੱਕ ਵਧੀਆ ਸਮਾਜ ਦੀ ਸਿਰਜਣਾ ਕਰ ਸਕੀਏ।

# ਅੱਡਾ ਸ਼ੇਖਚੱਕ ਵਿਖੇ ਲੱਗਾ ਰੋਸ ਧਰਨਾ 13ਵੇਂ ਦਿਨ 'ਚ ਦਾਖਲ

### * ਮਸਲਾ ਤਣ-ਪੱਤਣ ਲੱਗਣ ਤੋਂ ਪਹਿਲਾਂ ਨਹੀਂ ਖੁੱਲ੍ਹੇਗਾ ਰੋਡ : ਲਾਲਪੁਰਾ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ੋਨ ਸ੍ਰੀ ਖਡੂਰ ਸਾਹਿਬ ਵੱਲੋਂ ਅੱਡਾ ਸ਼ੇਖਚੱਕ ਵਿਖੇ ਜ਼ੋਨ ਪ੍ਰਧਾਨ ਪਾਖਰ ਸਿੰਘ ਲਾਲਪੁਰਾ ਦੀ ਅਗਵਾਈ ਹੇਠ ਲੱਗਾ ਧਰਨਾ ਅੱਜ ਤੇਰਵੇਂ ਦਿਨ ਵਿੱਚ ਦਾਖਿਲ ਹੋ ਗਿਆ ਹੈ। ਪ੍ਰਸ਼ਾਸਨ ਦੀ ਨਾਲਾਇਕੀ ਕਾਰਨ ਸ਼ੇਰਸ਼ਾਹ ਸੂਰੀ ਮਾਰਗ ਤਰਨਤਾਰਨ ਤੋਂ ਗੋਇੰਦਵਾਲ ਸਾਹਿਬ ਬੰਦ ਕਰਕੇ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਧਰਨੇ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਜ਼ਿਲ੍ਹਾ ਜਥੇਬੰਦਕ ਸਕੱਤਰ ਹਰਬਿੰਦਰਜੀਤ ਸਿੰਘ ਕੰਗ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਜਰਨੈਲ ਸਿੰਘ ਨੂਰਦੀ ਅਤੇ ਜ਼ਿਲ੍ਹਾ ਖਜ਼ਾਨਚੀ ਫਤਿਹ ਸਿੰਘ ਪਿੱਦੀ, ਬੀਬੀ ਰਣਜੀਤ ਕੌਰ ਕੱਲਾ ਨੇ ਕਿਹਾ ਕਿ ਪਿਛਲੇ 13 ਦਿਨਾਂ ਤੋਂ ਸ਼ੇਖਚੱਕ ਸੜਕ ਦੇ ਮੁੱਦੇ 'ਤੇ ਪ੍ਰਸ਼ਾਸਨ ਬਿਲਕੁਲ ਸੁੱਤਾ ਪਿਆ ਹੈ। ਇਸ ਮੌਕੇ ਪ੍ਰੈੱਸ ਨੋਟ ਜਾਰੀ ਕਰਦਿਆਂ ਪ੍ਰਿੰਸੀਪਲ ਨਵਤੇਜ ਸਿੰਘ ਏਕਲਗੱਡਾ ਨੇ ਦੱਸਿਆ ਕਿ ਇਸ ਰੋਡ 'ਤੇ ਨਿੱਤ ਸੜਕੀ ਹਾਦਸੇ ਵਾਪਰ ਨਾਲ ਕਾਫੀ ਜਾਨੀ-ਮਾਲੀ ਨੁਕਸਾਨ ਹੋਇਆ।

ਇਸ ਲਈ ਜਿੰਨਾ ਚਿਰ ਤੱਕ ਇਹ ਸੜਕ ਵਧੀਆ ਤਰੀਕੇ ਨਾਲ ਨਹੀਂ ਬਣਦੀ ਅਤੇ ਸੜਕ ਵਿੱਚ ਪੈ ਰਹੇ ਪਾਣੀ ਦੀ ਨਿਕਾਸੀ ਨਹੀਂ ਹੁੰਦੀ ਉਨਾ ਚਿਰ ਤੱਕ ਸੜਕ ਨੂੰ ਬੰਦ ਕਰਕੇ ਧਰਨਾ ਜਾਰੀ ਰੱਖਿਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੁਖਤਾਰ ਸਿੰਘ ਬਿਹਾਰੀਪੁਰ, ਇਕਬਾਲ ਸਿੰਘ ਵੜਿੰਗ, ਭਗਵਾਨ ਸਿੰਘ ਸੰਘਰ, ਸੁਖਚੈਨ ਸਿੰਘ ਅੱਲੋਵਾਲ, ਗੁਲਜ਼ਾਰ ਸਿੰਘ ਲਾਲਪੁਰਾ, ਤਰਸੇਮ ਸਿੰਘ ਏਕਲਗੱਡਾ, ਬਲਜੀਤ ਸਿੰਘ ਲਾਲਪੁਰਾ, ਸਤਨਾਮ ਸਿੰਘ ਖੋਜਕੀਪੁਰ, ਲਖਬੀਰ ਸਿੰਘ ਵੈਰੋਵਾਲ, ਮਨਜੀਤ ਸਿੰਘ ਵੈਰੋਵਾਲ, ਦਲਬੀਰ ਸਿੰਘ ਵੜਿੰਗ, ਤਰਸੇਮ ਸਿੰਘ ਕੰਗ, ਹਰਜਿੰਦਰ ਸਿੰਘ ਘੱਗੇ, ਵਿੱਕੀ ਮੀਆਂਵਿੰਡ, ਗੁਰਜਿੰਦਰ ਸਿੰਘ ਅੱਲੋਵਾਲ, ਮਨਜਿੰਦਰ ਸਿੰਘ ਫਾਜ਼ਲਪੁਰ, ਮਨਜੀਤ ਸਿੰਘ ਝੰਡੇਰ ਮਹਾਪੁਰਖਾਂ, ਅੰਗਰੇਜ਼ ਸਿੰਘ ਝੰਡੇਰ ਮਹਾਪੁਰਖਾਂ, ਸਾਹਿਬ ਸਿੰਘ ਨਰੋਤਮਪੁਰ, ਦਲਬੀਰ ਸਿੰਘ ਖਡੂਰ ਸਾਹਿਬ, ਗੁਰਤੇਜ ਸਿੰਘ ਏਕਲਗੱਡਾ, ਹਰਬਿੰਦਰਜੀਤ ਸਿੰਘ ਮਾਲਚੱਕ, ਰਾਜਪਾਲ ਸਿੰਘ, ਪਿਰਥੀਪਾਲ ਸਿੰਘ ਏਕਲਗੱਡਾ, ਪਰਮਜੀਤ ਸਿੰਘ ਬਾਠ, ਅਜੀਤ ਸਿੰਘ ਅੱਲੋਵਾਲ, ਹਰਜਿੰਦਰ ਸਿੰਘ ਫਾਜ਼ਲਪੁਰ, ਪ੍ਰੀਤਮ ਕੌਰ ਲਾਲਪੁਰਾ, ਦਵਿੰਦਰ ਕੌਰ ਕੱਲਾ, ਗੁਰਜੀਤ ਕੌਰ ਕੰਗ, ਸੰਦੀਪ ਕੌਰ ਏਕਲਗੱਡਾ, ਬਲਵਿੰਦਰ ਕੌਰ, ਰਮਿੰਦਰ ਕੌਰ, ਮਨਜੀਤ ਕੌਰ, ਸੱਤੋਂ, ਧੀਰੋ, ਦਲਜੀਤ ਕੌਰ, ਵੀਰ ਕੌਰ, ਸੁਖਵਿੰਦਰ ਕੌਰ, ਕੁਲਵੰਤ ਕੌਰ, ਸੁਰਜੀਤ ਕੌਰ, ਜੋਗਿੰਦਰ ਕੌਰ, ਸਮੇਤ ਵੱਡੀ ਗਿਣਤੀ ਵਿੱਚ ਕਿਸਾਨ, ਮਜ਼ਦੂਰ ਅਤੇ ਬੀਬੀਆਂ ਹਾਜ਼ਰ ਸਨ।

# ਮਾਝਾ ਜ਼ੋਨ ਦੀ ਛਿਮਾਹੀ ਇਕੱਤਰਤਾ 11 ਨੂੰ ਗੋਪਾਲਪੁਰ ਮੱਝਵਿੰਡ ਵਿਖੇ ਹੋਵੇਗੀ: ਤਰਕਸ਼ੀਲ ਸੁਸਾਇਟੀ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)—ਤਰਕਸ਼ੀਲ ਸੁਸਾਇਟੀ ਪੰਜਾਬ ਮਾਝਾ ਜ਼ੋਨ ਦੀ ਛਿਮਾਹੀ ਇਕੱਤਰਤਾ ਪਿੰਡ ਗੋਪਾਲਪੁਰ ਮੱਝਵਿੰਡ ਵਿਖੇ 11 ਨਵੰਬਰ ਨੂੰ ਸਵੇਰੇ 10 ਵਜੇ ਹੋਵੇਗੀ ਜਿਸ ਵਿਚ ਮੁੱਖ ਬੁਲਾਰੇ ਦੇ ਤੌਰ 'ਤੇ ਸੂਬਾ ਕਮੇਟੀ ਮੈਂਬਰ ਰਾਜਪਾਲ ਸਿੰਘ ਬਠਿੰਡਾ ਸੰਸਥਾ ਦੀ ਜਥੇਬੰਦਕ ਮਜ਼ਬੂਤੀ ਅਤੇ ਸਮਾਜ ਵਿਚ ਲੋਕ ਪੱਖੀ ਸੱਭਿਆਚਾਰਕ ਬਦਲ ਪੇਸ਼ ਕਰਨ ਸਬੰਧੀ ਆਪਣੇ ਵਿਚਾਰ ਪੇਸ਼ ਕਰਨਗੇ। ਇਸ ਮੌਕੇ ਅੰਮ੍ਰਿਤਸਰ, ਤਰਨਤਾਰਨ, ਗੋਪਾਲਪੁਰ ਮੱਝਵਿੰਡ, ਗੁਰਦਾਸਪੁਰ, ਖਿਲਚੀਆਂ, ਜੰਡਿਆਲਾ, ਚੋਹਲਾ ਸਾਹਿਬ ਅਤੇ ਧਾਰੀਵਾਲ ਭੋਜਾ ਇਕਾਈਆਂ ਦੇ ਸਮੂਹ ਆਗੂਆਂ ਅਤੇ ਮੈਂਬਰਾਂ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਇਸ ਸਬੰਧੀ ਹੋਈ ਇਕ ਵਿਸ਼ੇਸ਼ ਮੀਟਿੰਗ ਤੋਂ ਬਾਅਦ ਜਾਣਕਾਰੀ ਦਿੰਦਿਆਂ ਜ਼ੋਨ ਆਗੂਆਂ ਰਾਜਵੰਤ ਬਾਗੜੀਆਂ, ਮੁਖਤਿਆਰ ਗੋਪਾਲਪੁਰ, ਸੰਦੀਪ ਧਾਰੀਵਾਲ ਭੋਜਾ ਅਤੇ ਸੁਮੀਤ ਸਿੰਘ ਨੇ ਦੱਸਿਆ ਕਿ ਇਸ ਛਿਮਾਹੀ ਇਕੱਤਰਤਾ ਵਿਚ ਜਿੱਥੇ ਜ਼ੋਨ ਆਗੂ ਆਪਣੇ ਆਪਣੇ ਵਿਭਾਗਾਂ ਦੀ ਰਿਪੋਰਟ ਪੇਸ਼ ਕਰਨਗੇ ਉਥੇ ਹੀ ਜ਼ੋਨ ਦੀਆਂ ਅੱਠ ਤਰਕਸ਼ੀਲ ਇਕਾਈਆਂ ਦੇ ਮੁਖੀਆਂ ਵਲੋਂ ਪਿਛਲੇ ਛੇ ਮਹੀਨਿਆਂ ਵਿਚ ਕੀਤੀਆਂ ਗਈਆਂ ਸਰਗਰਮੀਆਂ ਅਤੇ ਸੂਬੇ ਅਤੇ ਜ਼ੋਨ ਵੱਲੋਂ ਦਿੱਤੇ ਗਏ ਟੀਚਿਆਂ ਦੀ ਪੂਰਤੀ ਸਬੰਧੀ ਆਪਣੀ ਕਾਰਗੁਜ਼ਾਰੀ ਰਿਪੋਰਟ ਪੇਸ਼ ਕੀਤੀ ਜਾਵੇਗੀ। ਇਸ ਤੋਂ ਇਲਾਵਾ ਆਉਣ ਵਾਲੇ ਛੇ ਮਹੀਨਿਆਂ ਵਿਚ ਮਾਝਾ ਜ਼ੋਨ ਵੱਲੋਂ ਕੀਤੇ ਜਾਣ ਵਾਲੇ ਕਾਰਜਾਂ ਦੀ ਵਿਉਂਤਬੰਦੀ ਵੀ ਉਲੀਕੀ ਜਾਵੇਗੀ ਅਤੇ ਤਰਕਸ਼ੀਲ ਮੈਂਬਰਾਂ ਦੇ ਪਰਿਵਾਰਾਂ ਵਿਚ ਤਰਕਸ਼ੀਲ ਸੱਭਿਆਚਾਰ ਵਿਕਸਤ ਕਰਨ ਲਈ ਇਕਾਈ ਪੱਧਰ 'ਤੇ ਤਰਕਸ਼ੀਲ ਪਰਿਵਾਰਕ ਮਿਲਣੀਆਂ ਕਰਨ ਸੰਬੰਧੀ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਤਰਕਸ਼ੀਲ ਆਗੂਆਂ ਨੇ ਦੱਸਿਆ ਕਿ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਵਿੱਚ ਅਹਿਮ ਸਥਾਨ ਹਾਸਿਲ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਅਗਲੇ ਦੋ ਹਫਤਿਆਂ ਵਿੱਚ ਕਿਤਾਬਾਂ ਦੇ ਰੂਪ ਵਿਚ ਇਨਾਮ ਅਤੇ ਸਰਟੀਫਿਕੇਟ ਦੇ ਕੇ ਸਕੂਲ ਸਮਾਗਮਾਂ ਵਿੱਚ ਸਨਮਾਨਿਤ ਕੀਤਾ ਜਾਵੇਗਾ ਅਤੇ ਪ੍ਰੀਖਿਆ ਵਿੱਚ ਸ਼ਮੂਲੀਅਤ ਕਰਨ ਵਾਲੇ ਸਮੂਹ ਵਿਦਿਆਰਥੀਆਂ ਨੂੰ ਸਰਟੀਫਿਕੇਟ ਦਿੱਤੇ ਜਾਣਗੇ। ਉਨ੍ਹਾਂ ਸਮੂਹ ਇਕਾਈਆਂ ਦੇ ਆਗੂਆਂ ਅਤੇ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ 11 ਨਵੰਬਰ ਨੂੰ ਛਿਮਾਹੀ ਇਕੱਤਰਤਾ ਵਿਚ ਆਪਣੀ ਹਾਜ਼ਰੀ ਯਕੀਨੀ ਬਣਾਉਣ। ਇਸ ਮੌਕੇ ਇਕਾਈ ਮੁੱਖੀਆਂ ਜਸਪਾਲ ਬਾਸਰਕੇ, ਹਰਪ੍ਰੀਤ ਮੀਆਂਵਿੰਡ, ਤਰਲੋਚਨ ਗੁਰਦਾਸਪੁਰ ਅਤੇ ਸੁੱਚਾ ਸਿੰਘ ਗਹਿਰੀ ਮੰਡੀ ਨੇ ਵੀ ਵਿਚਾਰ-ਵਟਾਂਦਰੇ ਵਿਚ ਭਾਗ ਲਿਆ।

## ਧਾਮੀ ਦੇ ਮੁੜ ਪ੍ਰਧਾਨ ਚੁਣੇ ਜਾਣ 'ਤੇ ਬਾਬਾ ਬਲਬੀਰ ਸਿੰਘ ਵੱਲੋਂ ਵਧਾਈ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ 14ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਹਰਜਿੰਦਰ ਸਿੰਘ ਧਾਮੀ ਦੇ ਮੁੜ ਤੀਜੀ ਵਾਰ ਪ੍ਰਧਾਨ ਚੁਣੇ ਜਾਣ 'ਤੇ ਉਨ੍ਹਾਂ ਨੂੰ ਵਧਾਈ ਦਿਤੀ ਹੈ ਅਤੇ ਪੰਥਕ ਏਜੰਡੇ ਤੇ ਕੌਮ ਦੀ ਬਿਹਤਰੀ ਲਈ ਰਲ-ਮਿਲ ਕੇ ਕੰਮ ਕਰਨ ਦੀ ਇੱਛਾ ਪ੍ਰਗਟਾਈ ਹੈ। ਉਨ੍ਹਾਂ ਕਿਹਾ ਕਿ ਹਰ ਸਾਲ ਸ਼੍ਰੋਮਣੀ ਕਮੇਟੀ ਦੀ ਚੋਣ ਹੁੰਦੀ ਹੈ ਤੇ ਨਵਾਂ ਪ੍ਰਧਾਨ ਤੇ ਅੰਤ੍ਰਿੰਗ ਕਮੇਟੀ ਦੇ ਮੈਂਬਰ ਸਾਹਿਬਾਨ ਸ਼੍ਰੋਮਣੀ ਕਮੇਟੀ ਦਾ ਕਾਰਜ ਕਰਨ ਲਈ ਕਾਨੂੰਨੀ ਤੌਰ 'ਤੇ ਪ੍ਰਵਾਨਤ ਹੁੰਦੇ ਹਨ। ਚੋਣ ਹੋ ਜਾਣ ਤੋਂ ਬਾਅਦ ਸਮੇਤ ਪ੍ਰਧਾਨ ਅਹੁਦੇਦਾਰ ਤੇ ਚੁਣੇ ਮੈਂਬਰ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿਖੇ ਗੁਰੂ ਮਹਾਰਾਜ ਦਾ ਅਸ਼ੀਰਵਾਦ ਲੈਣ ਸਮੇਂ ਅਰਦਾਸ ਕਰਦੇ ਹਨ ਕਿ "ਵਾਹਿਗੁਰੂ ਸਾਨੂੰ ਪੰਥ ਦੀ ਚੜ੍ਹਦੀ ਕਲਾ ਲਈ ਕਾਰਜ ਕਰਨ ਦਾ ਬਲ ਬਖ਼ਸ਼ੇ।" ਉਨ੍ਹਾਂ ਨੇ ਕਿਹਾ ਕਿ ਸੀਨੀਅਰ ਮੀਤ ਪ੍ਰਧਾਨ ਹਰਭਜਨ ਸਿੰਘ ਸਮਾਣਾ, ਜੂਨੀਅਰ ਮੀਤ ਪ੍ਰਧਾਨ ਗੁਰਬਖਸ਼ ਸਿੰਘ ਖਾਲਸਾ ਅਤੇ ਰਜਿੰਦਰ ਸਿੰਘ ਜਨਰਲ ਸਕੱਤਰ ਮਹੱਤਵਪੂਰਨ ਅਹੁਦੇਦਾਰ ਬਣੇ ਹਨ। ਉਨ੍ਹਾਂ ਕਿਹਾ ਕਿ ਅਕਾਲ ਪੁਰਖ ਨਵੇਂ ਚੁਣੇ ਅਹੁਦੇਦਾਰਾਂ 'ਤੇ ਮਿਹਰ ਕਰਨ ਕਿ ਇਹ ਕੌਮ ਤੇ ਪੰਥ ਦੀ ਸੁਚੱਜੀ ਸੇਵਾ ਕਰ ਸਕਣ।

# ਮੱਲ੍ਹੀਆਂ ਵਿਖੇ ਸਕੂਲ 'ਚ ਛੋਟੇ ਬੱਚਿਆਂ ਦੀਆਂ ਖੇਡਾਂ ਕਰਵਾਈਆਂ



ਟਾਂਗਰਾ (ਲਾਡੀ ਮੱਲ੍ਹੀ)-ਸ੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਮੱਲ੍ਹੀਆਂ ਵਿਖੇ ਤੇਰਵੀਂ ਅਥਲੈਟਿਕਸ ਮੀਟ ਤਹਿਤ ਛੋਟੇ ਬੱਚਿਆਂ ਦੀਆਂ ਖੇਡਾਂ ਕਰਵਾਈਆਂ ਗਈਆਂ। ਇਸ ਮੌਕੇ ਮੁੱਖ ਮਹਿਮਾਨ ਵਜੋਂ ਹਰਭਜਨ ਸਿੰਘ ਈਟੀਓ ਕੈਬਨਿਟ ਮੰਤਰੀ ਪੰਜਾਬ ਨੇ ਸ਼ਿਰਕਤ ਕੀਤੀ। ਉਨਾਂ ਦੇ ਨਾਲ ਸਰਬਜੀਤ ਸਿੰਘ ਡਿੰਪੀ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ, ਇੰਦਰਪਾਲ ਸਿੰਘ, ਰਣਜੋਧ ਸਿੰਘ ਵੀ ਸਨ। ਇਸ ਮੌਕੇ ਬੱਚਿਆਂ ਨੇ ਗੁਰਬਾਣੀ ਦਾ ਸ਼ਬਦ ਗਾਇਨ ਕਰਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਉਪਰੰਤ ਗਿੱਧੇ, ਭੰਗੜੇ ਤੇ ਸਕੂਲੀ ਝੰਡੇ ਦੀ ਰਸਮ ਬੈਂਡ ਦੀ ਸਲਾਮੀ ਦੇ ਕੇ ਖੇਡਾਂ ਦੀ ਸ਼ੁਰੂਆਤ ਕੀਤੀ ਜਿਸ ਵਿੱਚ ਬੱਚਿਆਂ ਨੇ ਵੱਖ-ਵੱਖ ਤਰ੍ਹਾਂ ਦੀਆਂ ਖੇਡਾਂ ਦੀ ਪੇਸ਼ਕਾਰੀ ਕੀਤੀ। ਇਸ ਮੌਕੇ ਮੁੱਖ ਮਹਿਮਾਨ ਹਰਭਜਨ ਸਿੰਘ ਈਟੀਓ ਵੱਲੋਂ ਖੇਡਾਂ ਵਿੱਚ ਪਹਿਲੇ, ਦੂਸਰੇ, ਤੀਸਰੇ ਸਥਾਨ 'ਤੇ ਆਉਣ ਵਾਲੇ ਬੱਚਿਆਂ ਨੂੰ ਇਨਾਮ ਦਿੱਤੇ ਗਏ। ਇਸ ਮੌਕੇ ਬੋਲਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੂੰ ਬੱਚਿਆਂ ਦਾ ਖੇਡਾਂ ਪ੍ਰਤੀ ਇੰਨਾ ਰੁਝਾਨ ਵੇਖ ਕੇ ਬਹੁਤ ਖੁਸ਼ੀ ਹੋਈ ਹੈ ਅਤੇ ਖੇਡਾਂ ਹੀ ਬੱਚਿਆਂ ਨੂੰ ਸਰੀਰਕ ਅਤੇ ਮਾਨਸਿਕ ਪੱਖੋਂ ਮਜ਼ਬੂਤ ਬਣਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਅਸੀਂ ਹਰ ਪੱਖ ਤੋਂ ਬੱਚਿਆਂ ਦੇ ਨਾਲ ਹਾਂ, ਸਾਡੀ ਕਿਸੇ ਵੀ ਤਰ੍ਹਾਂ ਦੀ ਮਦਦ ਦੀ ਲੋੜ ਹੋਵੇ ਅਸੀਂ ਕਰਾਂਗੇ। ਇਸ ਮੌਕੇ ਸਕੂਲ ਦੇ ਪ੍ਰਿੰ. ਡਾ. ਪਲਵਿੰਦਰ ਪਾਲ ਸਿੰਘ ਨੇ ਮੰਤਰੀ ਨੂੰ ਸਿਰੋਪਾਓ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਰਜਿਸਟਰ ਪ੍ਰੈੱਸ ਵੈੱਲਫੇਅਰ ਕਲੱਬ ਜੰਡਿਆਲਾ ਗੁਰੂ ਤੋਂ ਪ੍ਰਧਾਨ ਪਰਮਿੰਦਰ ਸਿੰਘ ਜੋਸਨ, ਜਸਪਾਲ ਸ਼ਰਮਾ, ਅਸ਼ਵਨੀ ਸ਼ਰਮਾ, ਦਿਆਲ ਅਰੋੜਾ, ਰਾਮ ਪ੍ਰਸਾਦ ਸ਼ਰਮਾ, ਸੁਰਿੰਦਰਪਾਲ ਸਿੰਘ, ਸ਼ਿੰਦਾ ਲਹੌਰੀਆ, ਲਾਡੀ ਮੱਲ੍ਹੀ, ਗੁਲਸ਼ਨ ਜੈਨ, ਪ੍ਰਭਦਿਆਲ ਸਿੰਘ ਕਾਹਲੋਂ, ਪੀ. ਜੀ. ਬੁੱਕ ਡਿਪੋ, ਗੁਰਪਾਲ ਸਿੰਘ, ਗੁਲਜ਼ਾਰ ਸਿੰਘ, ਬਾਜ ਸਿੰਘ ਆਦਿ ਪਹੁੰਚੇ ਤੇ ਸਕੂਲ ਦੇ ਪ੍ਰਿੰ. ਪਲਵਿੰਦਰ ਪਾਲ ਸਿੰਘ ਤੇ ਹਰਭਜਨ ਸਿੰਘ ਈਟੀਓ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਤੇ ਸਕੂਲ ਆਉਣ 'ਤੇ ਬੱਚਿਆਂ ਦੇ ਮਾਤਾ-ਪਿਤਾ ਤੇ ਆਏ ਹੋਏ ਪਤਵੰਤਿਆਂ ਦਾ ਧੰਨਵਾਦ ਕੀਤਾ।

# ਦੀਵਾਲੀ-ਵਿਸ਼ਵਕਰਮਾ ਦੇ ਸ਼ੁੱਭ ਦਿਹਾੜੇ 'ਤੇ ਭਗਤਾ ਭਾਈਕਾ ਵਿਸ਼ੇਸ਼ ਸਪਲੀਮੈਂਟ


















































